ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com
Also On
Visit on facebook
https://www.facebook.com/awazeqaumtv/videos/194899582124531/

**Awaze Qaum**


(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

YouTube https://youtu.be/LQwolgxDu7I
awazeqaumtvpunjab@gmail.com

ਸੋਮਵਾਰ, 26 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੩ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਸੀਸ ਤਲੀ ਤੇ ਰੱਖ ਕੇ ਲੜਨ ਵਾਲੇ : ਬਾਬਾ ਦੀਪ ਸਿੰਘ ਜੀ



ਬਾਬਾ ਦੀਪ ਸਿੰਘ ਜੀ ਦਾ ਜਨਮ 26 ਜਨਵਰੀ ਸੰਨ 1682 ਈ: ਨੂੰ ਪਿਤਾ ਭਾਈ ਭਗਤਾ ਜੀ ਅਤੇ ਮਾਤਾ ਜਿਊਣੀ ਜੀ ਦੇ ਘਰ ਪਿੰਡ ਪਹੂਵਿੰਡ ਜ਼ਿਲ੍ਹਾ ਤਰਨਤਾਰਨ (ਪੰਜਾਬ) ਵਿਖੇ ਹੋਇਆ। ਦੋਵੇਂ ਗੁਰੂ ਘਰ ਦੇ ਬੜੇ ਪ੍ਰੇਮੀ ਸਨ। ਉਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਬਾਰ ਵਿੱਚ ਰਹੇ ਤੇ ਸੇਵਾ ਕਰਦੇ ਰਹੇ। ਉਹ ਆਪਣੇ ਆਪ ਨੂੰ ਗੁਰੂ ਘਰ ਦਾ ਨਿਮਾਣਾ ਸਿੱਖ ਸਮਝਦੇ ਸਨ। ਮਾਤਾ-ਪਿਤਾ ਨੇ ਬਚਪਨ ਵਿੱਚ ਉਹਨਾਂ ਦਾ ਨਾਂ 'ਦੀਪਾ' ਰੱਖਿਆ। ਬਾਬਾ ਦੀਪ ਸਿੰਘ ਚੜ੍ਹਦੀ ਜਵਾਨੀ 'ਚ ਤਕਰੀਬਨ 18 ਸਾਲ ਦੀ ਉਮਰ ਵਿੱਚ ਆਪਣੇ ਮਾਤਾ-ਪਿਤਾ ਦੇ ਨਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ-ਮਹੱਲਾ ਮਨਾਉਣ ਲਈ ਪਹੁੰਚੇ। ਗੁਰੂ ਸਾਹਿਬ ਨੇ ਉਹਨਾਂ ਨੂੰ ਅਨੰਦਪੁਰ ਸਾਹਿਬ ਹੀ ਰੱਖ ਲਿਆ ਤੇ ਮਾਤਾ-ਪਿਤਾ ਆਪਣੇ ਪਿੰਡ ਵਾਪਸ ਆ ਗਏ ਆਪ ਤਿੰਨ ਸਾਲ ਗੁਰੂ ਜੀ ਦੇ ਚਰਨਾਂ ਵਿੱਚ ਰਹੇ।

ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ: ਵਿੱਚ ਜਦ ਖ਼ਾਲਸੇ ਦੀ ਸਿਰਜਣਾ ਕੀਤੀ ਤਾਂ ਉਸ ਸਮੇਂ ਵੱਡੀ ਤਾਦਾਦ ਵਿੱਚ ਸੰਗਤਾਂ ਨੇ ਖੰਡੇ-ਬਾਟੇ ਦਾ ਅੰਮ੍ਰਿਤ ਛਕਿਆ। ਬਾਬਾ ਦੀਪ ਸਿੰਘ ਜੀ ਵੀ ਅੰਮ੍ਰਿਤ ਛਕ ਕੇ ਸਿੰਘ ਸਜ ਗਏ ਅਤੇ ਨਾਂ ਦੀਪ ਸਿੰਘ ਰੱਖ ਦਿੱਤਾ ਗਿਆ। ਬਾਬਾ ਦੀਪ ਸਿੰਘ ਜੀ ਨੇ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਭਾਈ ਮਨੀ ਸਿੰਘ ਜੀ ਦੀ ਰਹਿਨੁਮਾਈ ਹੇਠ ਗੁਰਬਾਣੀ ਦਾ ਅਧਿਐਨ ਕੀਤਾ ਅਤੇ ਸ਼ਸਤਰ ਵਿੱਦਿਆ ਗ੍ਰਹਿਣ ਕੀਤੀ। ਬਾਬਾ ਜੀ ਨੇ ਸੰਸਕ੍ਰਿਤ, ਬ੍ਰਿਜ, ਫ਼ਾਰਸੀ ਅਤੇ ਗੁਰਮੁਖੀ ਭਾਸ਼ਾਵਾਂ ਵਿੱਚ ਮੁਹਾਰਤ ਹਾਸਲ ਕਰਕੇ ਜਿੱਥੇ ਧਰਮ ਗ੍ਰੰਥਾਂ ਦਾ ਅਧਿਐਨ ਕੀਤਾ, ਉੱਥੇ ਹੀ ਬਾਣੀ ਦਾ ਪ੍ਰਚਾਰ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਈ।

1704 ਈ: ਵਿੱਚ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਅਕਾਲ ਪੁਰਖ ਦੇ ਹੁਕਮ ਨਾਲ ਅਨੰਦਪੁਰ ਸਾਹਿਬ ਛੱਡਣਾ ਪਿਆ। ਗੁਰੂ ਜੀ ਚਮਕੌਰ ਸਾਹਿਬ, ਮਾਛੀਵਾੜਾ, ਦੀਨਾ ਕਾਂਗੜ, ਆਲਮਗੀਰ, ਕੋਟਕਪੂਰਾ, ਮੁਕਤਸਰ, ਲੱਖੀ-ਜੰਗਲ ਤੋਂ ਹੁੰਦੇ ਹੋਏ ਦਮਦਮਾ ਸਾਹਿਤ ਤਲਵੰਡੀ ਸਾਬੋ ਪਹੁੰਚੇ। ਗੁਰੂ ਸਾਹਿਬ ਨੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੀੜ ਨੂੰ ਪੂਰਨ ਰੂਪ ਦੇਣ ਦਾ ਕਾਰਜ ਭਾਈ ਮਨੀ ਸਿੰਘ ਦੁਆਰਾ ਨੇਪਰੇ ਚਾੜ੍ਹਿਆ। ਇਸ ਮਹਾਨ ਕਾਰਜ ਵਿੱਚ ਭਾਈ ਮਨੀ ਸਿੰਘ ਜੀ ਦੇ ਸਹਾਇਕ ਬਾਬਾ ਦੀਪ ਸਿੰਘ ਜੀ ਸਨ। ਉਹਨਾਂ ਇਸ ਸੇਵਾ ਨੂੰ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਨਿਭਾਇਆ।

ਬਾਬਾ ਦੀਪ ਸਿੰਘ ਜੀ ਜਿੱਥੇ ਨਿਧੜਕ ਯੋਧੇ ਸਨ ਉੱਥੇ ਗੁਰਬਾਣੀ ਦੇ ਮਹਾਨ ਵਿਦਵਾਨ ਅਤੇ ਲਿਖਾਰੀ ਵੀ ਸਨ। ਉਹ ਸੰਗਤਾਂ ਨੂੰ ਗੁਰਬਾਣੀ ਦੇ ਅਰਥ ਕਰਕੇ ਵੀ ਦਸਦੇ ਰਹੇ ਅਤੇ ਆਦਿ ਗ੍ਰੰਥ ਦੇ ਹੱਥ ਲਿਖਤ ਉਤਾਰੇ ਵੀ ਕਰਦੇ ਰਹੇ। ਬਾਬਾ ਦੀਪ ਸਿੰਘ ਜੀ ਨੇ 1705 ਈ: ਵਿੱਚ ਭਾਈ ਮਨੀ ਸਿੰਘ ਜੀ ਨਾਲ ਮਿਲ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੱਥ ਲਿਖਤ ਬੀੜਾਂ ਤਿਆਰ ਕੀਤੀਆਂ। ਬਾਬਾ ਦੀਪ ਸਿੰਘ ਜੀ ਵੱਲੋਂ ਤਿਆਰ ਕੀਤੇ ਹੱਥ ਲਿਖਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਵੱਖ-ਵੱਖ ਤਖ਼ਤ ਸਾਹਿਬਾਨ ਤੇ ਭੇਜੇ ਗਏ। ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ-ਜੋਤਿ ਸਮਾਉਣ ਤੋਂ ਪਹਿਲਾਂ ਹੀ ਬਾਬਾ ਦੀਪ ਸਿੰਘ ਜੀ ਨੇ ਪ੍ਰਸਿੱਧੀ ਪ੍ਰਾਪਤ ਕਰ ਲਈ ਸੀ।

ਬਾਬਾ ਦੀਪ ਸਿੰਘ ਜੀ ਨੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਧਰਮ ਯੁੱਧਾਂ ਵਿੱਚ ਮਦਦ ਕੀਤੀ ਅਤੇ ਖ਼ਾਲਸਾ ਰਾਜ ਦੀ ਸਥਾਪਨਾ ਵਿੱਚ ਵਿਸ਼ੇਸ਼ ਭੂਮਿਕਾ ਨਿਭਾਈ। ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਸ਼ਹੀਦੀ ਤੋਂ ਬਾਅਦ ਸ੍ਰ: ਦਰਬਾਰਾ ਸਿੰਘ ਜੀ ਅਤੇ ਨਵਾਬ ਕਪੂਰ ਸਿੰਘ ਜੀ ਨੇ ਸਿੱਖ ਕੌਮ ਨੂੰ ਜਥਿਆਂ ਵਿੱਚ ਵੰਡ ਕੇ ਲਾਮਬੰਦ ਕੀਤਾ। ਇਹਨਾਂ ਜਥਿਆਂ ਨੂੰ ਮਿਸਲਾਂ ਦਾ ਨਾਂ ਦਿੱਤਾ ਗਿਆ। ਬਾਬਾ ਦੀਪ ਸਿੰਘ ਜੀ ਨੂੰ 12 ਮਿਸਲਾਂ ਵਿੱਚੋਂ 'ਸ਼ਹੀਦ ਮਿਸਲ' ਦੇ ਜਥੇਦਾਰ ਦੀ ਸੇਵਾ ਵੀ ਸੌਂਪੀ ਗਈ।

ਅਹਿਮਦਸ਼ਾਹ ਅਬਦਾਲੀ ਦਾ ਪੁੱਤਰ ਤੈਮੂਰ ਸ਼ਾਹ ਸਿੱਖਾਂ ਦੀ ਚੜ੍ਹਦੀ ਕਲਾ ਤੋਂ ਪ੍ਰੇਸ਼ਾਨ ਸੀ। ਉਸ ਦੇ ਹੁਕਮ ਤੇ ਹੀ ਜਹਾਨ ਖਾਂ ਨੇ ਸਿੱਖਾਂ ਦਾ ਕਤਲੇਆਮ ਕਰਨਾ ਸ਼ੁਰੂ ਕਰ ਦਿੱਤਾ। ਉਸ ਨੂੰ ਇਹ ਵੀ ਦੱਸਿਆ ਗਿਆ ਕਿ ਜਦ ਤੱਕ ਸਿੱਖਾਂ ਦੀ ਸ਼ਕਤੀ ਦੇ ਸੋਮੇ ਸ਼੍ਰੀ ਹਰਿਮੰਦਰ ਸਾਹਿਬ ਨੂੰ ਖ਼ਤਮ ਨਹੀਂ ਕੀਤਾ ਜਾਂਦਾ, ਉਦੋਂ ਤੱਕ ਸਿੱਖ ਨਾ ਆਪ ਚੈਨ ਨਾਲ ਬੈਠਣਗੇ ਅਤੇ ਨਾ ਹੀ ਹਾਕਮਾਂ ਨੂੰ ਸੁੱਖ ਦਾ ਸਾਹ ਲੈਣ ਦੇਣਗੇ। ਇਹ ਸਰੋਵਰ ਵਿੱਚ ਇਸ਼ਨਾਨ ਕਰਨ ਉਪਰੰਤ ਦਰਬਾਰ ਸਾਹਿਬ ਵਿੱਚ ਮੱਥਾ ਟੇਕ ਕੇ ਨਵਾਂ ਜੀਵਨ ਤੇ ਉਤਸ਼ਾਹ ਪ੍ਰਾਪਤ ਕਰ ਲੈਂਦੇ ਹਨ। ਜਹਾਨ ਖਾਂ ਨੇ ਸ਼੍ਰੀ ਹਰਿਮੰਦਰ ਸਾਹਿਬ ਨੂੰ ਢਹਿ-ਢੇਰੀ ਕਰਵਾ ਦਿੱਤਾ ਅਤੇ ਸਰੋਵਰ ਨੂੰ ਮਿੱਟੀ ਨਾਲ ਪੂਰ (ਭਰ) ਦਿੱਤਾ। ਬੇਪਤੀ ਦੀ ਇਹ ਖ਼ਬਰ ਬਾਬਾ ਦੀਪ ਸਿੰਘ ਜੀ ਨੂੰ ਦਮਦਮਾ ਸਾਹਿਬ ਮਿਲ ਗਈ। ਉਹਨਾਂ ਖੰਡਾ ਹੱਥ ਵਿੱਚ ਚੁੱਕ ਕੇ ਅਕਾਲ ਪੁਰਖ ਅੱਗੇ ਸ਼ਕਤੀ ਪ੍ਰਦਾਨ ਕਰਨ ਦੀ ਅਰਦਾਸ ਕੀਤੀ।

ਬਾਬਾ ਦੀਪ ਸਿੰਘ ਜੀ ਜਦੋਂ ਤਖ਼ਤ ਸ਼੍ਰੀ ਦਮਦਮਾ ਸਾਹਿਬ ਤੋਂ ਅੰਮ੍ਰਿਤਸਰ ਲਈ ਰਵਾਨਾ ਹੋਏ ਤਾਂ ਉਹਨਾਂ ਨਾਲ 20 ਸਿੰਘ ਸਨ। ਜਦ ਉਹ ਮਾਲਵੇ ਦੇ ਇਲਾਕੇ ਵਿੱਚੋਂ ਲੰਘੇ ਤਾਂ ਸਿੰਘਾਂ ਦੀ ਗਿਣਤੀ 5000 ਹੋ ਗਈ। ਬਾਬਾ ਦੀਪ ਸਿੰਘ ਜੀ ਜਥੇ ਸਮੇਤ ਤਰਨਤਾਰਨ ਸਾਹਿਬ ਪਹੁੰਚੇ। ਸ੍ਰੀ ਤਰਨਤਾਰਨ ਸਾਹਿਬ ਪਹੁੰਚ ਕੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ ਅਤੇ ਅਰਦਾਸ ਕੀਤੀ। ਪੁਸ਼ਾਕੇ ਬਦਲੇ, ਸ਼ਹੀਦੀ ਗਾਨੇ ਬੰਨ੍ਹ ਲਏ। ਬਾਬਾ ਜੀ ਨੇ ਇੱਕ ਲਕੀਰ ਖਿੱਚ ਕੇ ਕਿਹਾ ਕਿ ਜੋ ਸਿੰਘ ਸ਼ਹੀਦ ਹੋਣ ਲਈ ਤਿਆਰ ਹਨ ਸਿਰਫ਼ ਉਹੀ ਲਕੀਰ ਟੱਪਣ, ਬਾਕੀ ਵਾਪਸ ਚਲੇ ਜਾਣ। ਸਾਰੇ ਸਿੰਘ ਗੁਰਧਾਮਾਂ ਦੀ ਰਾਖੀ ਲਈ ਆਪਾ ਕੁਰਬਾਨ ਕਰਨ ਦੇ ਚਾਉ ਨਾਲ ਜੈਕਾਰੇ ਛੱਡਦੇ ਲਕੀਰ ਲੰਘ (ਟੱਪ) ਗਏ।

ਸ਼੍ਰੀ ਤਰਨਤਾਰਨ ਸਾਹਿਬ ਤੋਂ 8 ਕਿਲੋਮੀਟਰ ਦੀ ਦੂਰੀ ਉੱਤੇ ਸਥਿਤ ਪਿੰਡ ਗੋਹਲਵੜ ਵਿਖੇ ਘਮਸਾਣ ਦਾ ਯੁੱਧ ਹੋਇਆ। ਜਹਾਨ ਖਾਂ ਨੇ 20,000 ਦੀ ਸ਼ਕਤੀਸ਼ਾਲੀ ਸੈਨਾ ਲੈ ਕੇ ਸਿੰਘਾਂ ਉੱਤੇ ਹਮਲਾ ਕਰ ਦਿੱਤਾ। ਬਾਬਾ ਦੀਪ ਸਿੰਘ ਜੀ ਨੇ ਸਿੰਘਾਂ ਨੂੰ ਦੁਸ਼ਮਣ ਦੀਆਂ ਫ਼ੌਜਾਂ 'ਤੇ ਟੁੱਟ ਪੈਣ ਲਈ ਲਲਕਾਰਿਆ। ਇਸ ਜੰਗ ਵਿੱਚ ਬਾਬਾ ਦੀਪ ਸਿੰਘ ਜੀ ਆਪਣੇ 18 ਸੇਰ ਦੇ (ਦੋ ਧਾਰੇ) ਖੰਡੇ ਨਾਲ ਜ਼ਾਲਮਾਂ ਦੇ ਆਹੂ ਲਾਹੁੰਦਿਆਂ ਅੱਗੇ ਵੱਧ ਰਹੇ ਸਨ। ਜਹਾਨ ਖਾਂ ਦੇ ਬਹੁਤ ਸਾਰੇ ਸਿਪਾਹੀ ਦੌੜ ਗਏ ਤੇ ਵੱਡੀ ਗਿਣਤੀ ਵਿੱਚ ਮਾਰੇ ਗਏ। ਬਾਬਾ ਦੀਪ ਸਿੰਘ ਜੀ ਦੇ ਕਈ ਸਾਥੀ ਜੰਗ ਦੌਰਾਨ ਸ਼ਹਾਦਤ ਦਾ ਜਾਮ ਪੀ ਗਏ। ਅਮਾਨ ਖਾਂ ਨਾਲ ਆਹਮਣੇ-ਸਾਹਮਣੇ ਦੀ ਜੰਗ ਦੌਰਾਨ ਦੋਹਾਂ ਦੇ ਸਾਂਝੇ ਵਾਰ ਨਾਲ ਦੋਨਾਂ ਦੇ ਸੀਸ ਧੜ ਨਾਲੋਂ ਅੱਡ ਹੋ ਗਏ। ਅਮਾਨ ਖਾਂ ਦੀ ਤਾਂ ਮੌਕੇ 'ਤੇ ਹੀ ਮੌਤ ਹੋ ਗਈ ਪਰ ਬਾਬਾ ਦੀਪ ਸਿੰਘ ਜੀ ਨੇ ਇੱਕ ਹੱਥ ਦੀ ਤਲੀ ਨਾਲ ਆਪਣੇ ਸੀਸ ਨੂੰ ਸੰਭਾਲਿਆ ਅਤੇ ਦੂਜੇ ਹੱਥ ਨਾਲ ਖੰਡਾ ਚਲਾਉਂਦੇ (ਵਾਹੁੰਦੇ) ਹੋਏ ਅੱਗੇ ਵਧਦੇ ਗਏ। ਬਾਬਾ ਜੀ ਦਾ ਦ੍ਰਿੜ੍ਹ ਨਿਸ਼ਚਾ ਸੀ ਕਿ ਉਹ ਸ਼੍ਰੀ ਦਰਬਾਰ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਨੂੰ ਸਜ਼ਾ ਦੇਣ ਉਪਰੰਤ ਆਪਣਾ ਸੀਸ ਗੁਰੂ ਜੀ ਦੇ ਚਰਨਾਂ ਵਿੱਚ ਭੇਟ ਕਰਕੇ ਹੀ ਸ਼ਹੀਦੀ ਪ੍ਰਾਪਤ ਕਰਨਗੇ। ਬਾਬਾ ਦੀਪ ਸਿੰਘ ਜੀ ਨੂੰ ਪ੍ਰਣ ਚੇਤੇ ਆਇਆ, ਉਹਨਾਂ ਆਪਣਾ ਸੀਸ ਖੱਬੇ ਹੱਥ ਦੀ ਤਲੀ ਨਾਲ ਸੰਭਾਲਦੇ ਹੋਏ, ਜ਼ਾਲਮਾਂ ਨਾਲ ਲੜਦੇ ਹੋਏ, ਸ਼੍ਰੀ ਹਰਿਮੰਦਰ ਸਾਹਿਬ ਦੀ ਪਰਕਰਮਾ ਵਿੱਚ ਆਪਣਾ ਸੀਸ ਭੇਟ ਕਰਕੇ 11 ਨਵੰਬਰ ਸੰਨ 1757 ਈ: ਨੂੰ 75 ਸਾਲ ਦੀ ਉਮਰ ਬਤੀਤ ਕਰਕੇ ਸ਼ਹੀਦੀ ਪ੍ਰਾਪਤ ਕੀਤੀ।

ਬਾਬਾ ਦੀਪ ਸਿੰਘ ਜੀ ਨੇ ਜਿੱਥੇ ਸ਼ਹੀਦੀ ਪ੍ਰਾਪਤ ਕੀਤੀ, ਉਹ ਸਥਾਨ ਸ਼੍ਰੀ ਦਰਬਾਰ ਸਾਹਿਬ ਜੀ ਦੀ ਪਰਕਰਮਾ ਵਿੱਚ ਸਸ਼ੋਭਿਤ ਹੈ। ਸ਼ਹੀਦ ਬਾਬਾ ਦੀਪ ਸਿੰਘ ਜੀ ਅਤੇ ਹੋਰ ਸਿੰਘਾਂ ਦਾ ਜਿੱਥੇ ਸਸਕਾਰ ਕੀਤਾ ਗਿਆ, ਉੱਥੇ ਗੁਰਦੁਆਰਾ ਸ਼ਹੀਦਾਂ ਸਸ਼ੋਭਿਤ ਹੈ।

## ਸਿੱਖ ਕੌਮ ਦੇ ਮਹਾਨ ਜਥੇਦਾਰ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਵਸ ਦੀਆਂ ਅਦਾਰਾ 'ਆਵਾਜ਼ਿ ਕੌਮ' ਵੱਲੋਂ ਲੱਖ-ਲੱਖ ਮੁਬਾਰਕਾਂ

### ਛੁੱਟੀ ਸਬੰਧੀ ਸੂਚਨਾ

ਸਿੱਖ ਕੌਮ ਦੇ ਮਹਾਨ ਜਥੇਦਾਰ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਵਸ ਮੌਕੇ 26 ਜਨਵਰੀ, ਦਿਨ ਸੋਮਵਾਰ ਨੂੰ ਅਦਾਰਾ 'ਆਵਾਜ਼ਿ ਕੌਮ' ਦੇ ਸਮੂਹ ਦਫ਼ਤਰ ਬੰਦ ਰਹਿਣਗੇ, ਜਿਸ ਕਾਰਨ ਮਿਤੀ, 27 ਜਨਵਰੀ, 2026 ਦਿਨ ਮੰਗਲਵਾਰ ਦਾ ਅੰਕ ਪ੍ਰਕਾਸ਼ਤ ਨਹੀਂ ਹੋਵੇਗਾ।

**-ਮੁੱਖ ਸੰਪਾਦਕ**

ਜਉ ਤਉ ਪ੍ਰੇਮ ਖੇਲਣ ਕਾ ਚਾਉ ॥ ਸਿਰੁ ਧਰਿ ਤਲੀ ਗਲੀ ਮੇਰੀ ਆਉ ॥
ਇਤੁ ਮਾਰਗਿ ਪੈਰੁ ਧਰੀਜੈ ॥ ਸਿਰੁ ਦੀਜੈ ਕਾਣਿ ਨ ਕੀਜੈ ॥



ਕਲਮ ਅਤੇ ਖੰਡੇ ਦੇ ਧਨੀ ਬੁਢੇ ਜਰਨੈਲ, ਬ੍ਰਹਮ ਗਿਆਨੀ

# ਸ਼ਹੀਦ ਬਾਬਾ ਦੀਪ ਸਿੰਘ ਜੀ

## ਦੇ ਜਨਮ ਦਿਹਾੜੇ ਦੀਆਂ ਲੱਖ ਲੱਖ ਵਧਾਈਆਂ

ਵਾਹਿਗੁਰੂ ਜੀ ਆਪ ਸਭ ਦੇ ਜੀਵਨ ਵਿਚ ਨਾਮ ਬਾਣੀ ਅਤੇ ਖ਼ੁਸ਼ੀਆਂ ਦਾ ਪ੍ਰਕਾਸ਼ ਕਰਨ

-WWW.DHANSIKHI.COM-

--★ ਵੱਲੋਂ ★--

**ਸ੍ਰ. ਰਘਬੀਰ ਸਿੰਘ ਵਾਲਸਾਲ**

**ਐਮ. ਡੀ., ਇੰਟਰਨੈਸ਼ਨਲ ਅਦਾਰਾ**

**ਅਵਾਜ਼ਿ ਕੌਮ ਟੀ. ਵੀ. ਇੰਗਲੈਂਡ**



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 26 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੩ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਅੰਮ੍ਰਿਤਸਰ ਹਾਲਗੇਟ 'ਚ ਵਾਪਰਿਆ ਵੱਡਾ ਹਾਦਸਾ; ਚਾਰ ਮੰਜ਼ਿਲਾ ਇਮਾਰਤ ਹੋਈ ਢਹਿ-ਢੇਰੀ

**ਨਵੀਂ ਦਿੱਲੀ, 25 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਹਾਲਗੇਟ ਇਲਾਕੇ ਵਿੱਚ ਸ਼ਨੀਵਾਰ ਰਾਤ ਨੂੰ ਉਸ ਸਮੇਂ ਦਹਿਸ਼ਤ ਫੈਲ ਗਈ ਜਦੋਂ ਗੋਦਾਮ ਮੁਹੱਲੇ ਨੇੜੇ ਸਥਿਤ ਇੱਕ ਚਾਰ ਮੰਜ਼ਿਲਾ ਇਮਾਰਤ ਅਚਾਨਕ ਢਹਿ ਗਈ। ਇਮਾਰਤ ਇੱਕ ਜ਼ੋਰਦਾਰ ਆਵਾਜ਼ ਨਾਲ ਢਹਿ ਗਈ, ਜਿਸ ਨਾਲ ਪੂਰੇ ਇਲਾਕੇ ਵਿੱਚ ਧੂੜ ਦਾ ਬੱਦਲ ਫੈਲ ਗਿਆ ਅਤੇ ਘਬਰਾਏ ਹੋਏ ਵਸਨੀਕ ਆਪਣੇ ਘਰਾਂ ਤੋਂ ਬਾਹਰ ਨਿਕਲ ਆਏ। ਚਸ਼ਮਦੀਦਾਂ ਦੇ ਅਨੁਸਾਰ, ਇਮਾਰਤ ਇੰਨੀ ਪੁਰਾਣੀ ਸੀ ਕਿ ਇਹ ਪਹਿਲਾਂ ਹੀ ਖਸਤਾ ਹਾਲਤ ਵਿੱਚ ਸੀ, ਪਰ ਕਿਸੇ ਨੂੰ ਵੀ ਇਸ ਦੇ ਅਚਾਨਕ ਢਹਿ ਜਾਣ ਦਾ ਅੰਦਾਜ਼ਾ ਨਹੀਂ ਸੀ। ਗਲੀ ਵਿੱਚ ਖੜ੍ਹੇ ਦੋ ਮੋਟਰਸਾਈਕਲ ਮਲਬੇ ਹੇਠਾਂ ਦੱਬ ਗਏ। ਭਗਵਾਨ ਵਾਲਮੀਕਿ ਨੂੰ ਸਮਰਪਿਤ ਨੇੜਲੇ ਮੰਦਰ ਦੀ ਬਾਲਕੋਨੀ ਨੂੰ ਵੀ ਨੁਕਸਾਨ ਪਹੁੰਚਿਆ। ਮੁੱਖ ਸੜਕ ਬੰਦ, ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੱਸ ਦਈਏ ਕਿ ਇਹ ਗਲੀ ਆਂਢ-ਗੁਆਂਢ ਦੇ ਵਸਨੀਕਾਂ ਲਈ ਦੂਜੇ ਪਾਸੇ ਜਾਣ ਦਾ ਮੁੱਖ ਰਸਤਾ ਸੀ। ਢਹਿਣ ਨਾਲ ਸੜਕ ਪੂਰੀ ਤਰ੍ਹਾਂ ਬੰਦ ਹੋ ਗਈ, ਜਿਸ ਕਾਰਨ ਲੋਕਾਂ ਨੂੰ ਦੂਜੀਆਂ ਗਲੀਆਂ ਵਿੱਚੋਂ ਲੰਘਣਾ ਪਿਆ। ਬਹੁਤ ਸਾਰੇ ਲੋਕ ਆਪਣੇ ਵਾਹਨ ਪਾਰਕ ਕਰਨ ਅਤੇ ਰਾਤ ਨੂੰ ਪੈਦਲ ਘਰ ਜਾਣ ਲਈ ਮਜਬੂਰ ਹੋਏ।

## ਗਣਤੰਤਰ ਦਿਵਸ ਤੋਂ ਪਹਿਲਾਂ ਦਿੱਲੀ 'ਚ ਅਲਰਟ

# ਕੰਧਾਂ 'ਤੇ ਲਿਖੇ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ

**ਨਵੀਂ ਦਿੱਲੀ, 25 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਗਣਤੰਤਰ ਦਿਵਸ (26 ਜਨਵਰੀ) ਤੋਂ ਠੀਕ ਪਹਿਲਾਂ ਭਾਰਤ ਵਿੱਚ ਸੁਰੱਖਿਆ ਏਜੰਸੀਆਂ ਨੂੰ ਚੌਕਸ ਕਰ ਦਿੱਤਾ ਹੈ। ਫਤਿਹਗੜ੍ਹ ਸਾਹਿਬ ਵਿੱਚ ਇੱਕ ਰੇਲਵੇ ਟਰੈਕ 'ਤੇ ਹੋਏ ਵੱਡੇ RDX ਧਮਾਕੇ ਅਤੇ ਦਿੱਲੀ ਵਿੱਚ ਕੰਧਾਂ 'ਤੇ ਲਿਖੇ "ਖਾਲਿਸਤਾਨ ਜ਼ਿੰਦਾਬਾਦ" ਦੇ ਨਾਅਰੇ ਭਾਰਤੀ ਏਜੰਸੀਆਂ ਲਈ ਇੱਕ ਵੱਡੇ ਖ਼ਤਰੇ ਦਾ ਸੰਕੇਤ ਹਨ। SFJ ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਦੀਆਂ ਧਮਕੀਆਂ ਦੇ ਵਿਚਕਾਰ ਦਿੱਲੀ ਪੁਲਿਸ ਅਤੇ ਕੇਂਦਰੀ ਏਜੰਸੀਆਂ ਹਾਈ ਅਲਰਟ 'ਤੇ ਹਨ। ਗੁਰਪਤਵੰਤ ਸਿੰਘ ਪੰਨੂ ਦੇ ਸਲੀਪਰ ਸੈੱਲਸ ਦੀ ਭਾਲ ਤੇਜ਼ ਕਰ ਦਿੱਤੀ ਗਈ ਹੈ।



ਰਾਸ਼ਟਰੀ ਰਾਜਧਾਨੀ ਦੇ ਕੰਝਾਵਾਲਾ ਖੇਤਰ ਵਿੱਚ ਉਸ ਸਮੇਂ ਹੜਕੰਪ ਮਚ ਗਿਆ ਜਦੋਂ ਇੱਕ ਪ੍ਰਾਇਮਰੀ ਸਕੂਲ ਦੀ ਕੰਧ 'ਤੇ "ਖਾਲਿਸਤਾਨ ਜ਼ਿੰਦਾਬਾਦ" ਦੇ ਨਾਅਰੇ ਲਿਖੇ ਮਿਲੇ। ਇਨ੍ਹਾਂ ਨਾਅਰਿਆਂ ਪਿੱਛੇ ਸਿੱਖਸ ਫਾਰ ਜਸਟਿਸ ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਦਾ ਹੱਥ ਦੱਸਿਆ ਜਾ ਰਿਹਾ ਹੈ। ਸੰਯੁਕਤ ਰਾਜ ਅਮਰੀਕਾ ਵਿੱਚ ਰਹਿਣ ਵਾਲੇ ਗੁਰਪਤਵੰਤ ਸਿੰਘ ਪੰਨੂ ਲਗਾਤਾਰ ਭਾਰਤ ਵਿਰੋਧੀ ਗਤੀਵਿਧੀਆਂ ਨੂੰ ਅੰਜਾਮ ਦੇ ਰਿਹਾ ਹੈ। ਹਾਲ ਹੀ ਵਿੱਚ, ਉਨ੍ਹਾਂ ਨੇ ਦਿੱਲੀ ਵਿੱਚ ਲਗਾਏ ਗਏ ਪੋਸਟਰਾਂ ਅਤੇ ਨਾਅਰਿਆਂ ਦੀ ਜ਼ਿੰਮੇਵਾਰੀ ਲੈਂਦਿਆਂ ਹੋਇਆਂ ਇੱਕ ਵੀਡੀਓ ਜਾਰੀ ਕੀਤੀ ਸੀ। ਦਿੱਲੀ ਪੁਲਿਸ ਦੇ ਵਿਸ਼ੇਸ਼ ਸੈੱਲ ਨੇ ਇੱਕ ਕੇਸ ਦਰਜ ਕੀਤਾ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਖਾਲਿਸਤਾਨੀ ਨਾਅਰਿਆਂ ਦੇ ਵਿਚਕਾਰ ਫਤਿਹਗੜ੍ਹ ਸਾਹਿਬ ਤੋਂ ਆਈ ਖ਼ਬਰ ਨੇ ਸੁਰੱਖਿਆ ਸੰਸਥਾ ਨੂੰ ਹੋਰ ਵੀ ਚਿੰਤਤ ਕਰ ਦਿੱਤਾ ਹੈ। ਰੇਲਵੇ ਟਰੈਕ 'ਤੇ ਵਿਸਫੋਟਕਾਂ ਦੀ ਵਰਤੋਂ ਕਰਕੇ ਇੱਕ ਸ਼ਕਤੀਸ਼ਾਲੀ ਧਮਾਕਾ ਹੋਇਆ। ਇਸ ਬਲਾਸਟ ਨਾਲ ਟਰੈੱਕ ਦੇ ਪਰਖੱਚੇ ਉੱਡ ਗਏ। ਜਾਂਚ ਏਜੰਸੀਆਂ ਇਸ ਗੱਲ ਦੀ ਜਾਂਚ ਕਰ ਰਹੀਆਂ ਹਨ ਕਿ ਕੀ ਪੰਜਾਬ ਵਿੱਚ ਇਹ ਧਮਾਕਾ ਅਤੇ ਦਿੱਲੀ ਵਿੱਚ ਲਿਖੇ ਨਾਅਰੇ ਕਿਸੇ ਵੱਡੀ ਸਾਜ਼ਿਸ਼ ਦਾ ਹਿੱਸਾ ਹਨ। ਦੇਸ਼ ਭਰ ਵਿੱਚ 26 ਜਨਵਰੀ ਦੇ ਮੱਦੇਨਜ਼ਰ ਖਾਸ ਕਰਕੇ ਦਿੱਲੀ ਅਤੇ ਪੰਜਾਬ ਵਿੱਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਪੰਨੂ ਦੀ ਵੀਡੀਓ ਵਿੱਚ ਦਿੱਤੀਆਂ ਗਈਆਂ ਧਮਕੀਆਂ ਨੂੰ ਰਾਸ਼ਟਰੀ ਸੁਰੱਖਿਆ ਲਈ ਇੱਕ ਵੱਡਾ ਖ਼ਤਰਾ ਮੰਨਿਆ ਜਾ ਰਿਹਾ ਹੈ। ਕੇਂਦਰੀ ਗ੍ਰਹਿ ਮੰਤਰਾਲੇ ਨੇ ਇਨ੍ਹਾਂ ਘਟਨਾਵਾਂ ਦਾ ਸਖ਼ਤ ਨੋਟਿਸ ਲਿਆ ਹੈ ਅਤੇ ਇੱਕ ਵਿਸਤ੍ਰਿਤ ਰਿਪੋਰਟ ਮੰਗੀ ਹੈ। ਦਿੱਲੀ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਪੰਨੂ ਦੇ ਸਲੀਪਰ ਸੈੱਲਾਂ ਨੂੰ ਟਰੈਕ ਕਰ ਰਹੀਆਂ ਹਨ ਜੋ ਸਥਾਨਕ ਤੌਰ 'ਤੇ ਇਹ ਹਮਲੇ ਕਰ ਰਹੇ ਹਨ। ਗਣਤੰਤਰ ਦਿਹਾੜੇ ਦੇ ਜਸ਼ਨਾਂ ਨੂੰ ਸੁਰੱਖਿਅਤ ਰੱਖਣ ਲਈ ਹਰ ਕੋਨੇ-ਕੋਨੇ 'ਤੇ ਨਿਗਰਾਨੀ ਵਧਾ ਦਿੱਤੀ ਗਈ ਹੈ।

## ਪਾਕਿਸਤਾਨ 'ਚ ਵਿਆਹ ਦੇ ਜਸ਼ਨ ਦੌਰਾਨ ਹੋਇਆ ਆਤਮਘਾਤੀ ਬੰਬ ਧਮਾਕਾ, 6 ਦੀ ਮੌਤ ਤੇ ਦਰਜਨਾਂ ਜ਼ਖ਼ਮੀ

**ਇਸਲਾਮਾਬਾਦ, 25 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਖੈਬਰ ਪਖਤੂਨਖ਼ਵਾ (ਕੇਪੀ) ਸੂਬੇ ਵਿੱਚ ਵਿਆਹ ਸਮਾਰੋਹ ਦੌਰਾਨ ਹੋਏ ਇੱਕ ਆਤਮਘਾਤੀ ਬੰਬ ਹਮਲੇ ਵਿੱਚ ਘੱਟੋ-ਘੱਟ ਛੇ ਲੋਕਾਂ ਦੀ ਮੌਤ ਹੋ ਗਈ, ਜਦਕਿ 12 ਤੋਂ ਵੱਧ ਲੋਕ ਜ਼ਖ਼ਮੀ ਹੋ ਗਏ। ਇਹ ਘਟਨਾ ਸ਼ੁੱਕਰਵਾਰ ਦੇਰ ਰਾਤ ਡੇਰਾ ਇਸਮਾਈਲ ਖਾਨ ਜ਼ਿਲ੍ਹੇ ਵਿੱਚ ਵਾਪਰੀ। ਹਮਲਾ ਅਮਨ (ਸ਼ਾਂਤੀ) ਕਮੇਟੀ ਦੇ ਮੁਖੀ ਨੂਰ ਆਲਮ ਮਹਿਸੂਦ ਦੇ ਨਿਵਾਸ 'ਤੇ ਹੋਇਆ, ਜਿੱਥੇ ਵਿਆਹ ਦਾ ਸਮਾਗਮ ਚੱਲ ਰਿਹਾ ਸੀ। ਧਮਾਕੇ ਤੋਂ ਬਾਅਦ ਮੌਕੇ 'ਤੇ ਹਫੜਾ-ਤਫੜੀ ਮਚ ਗਈ ਅਤੇ ਜ਼ਖ਼ਮੀਆਂ ਨੂੰ ਤੁਰੰਤ ਨੇੜਲੇ ਹਸਪਤਾਲਾਂ ਵਿੱਚ ਦਾਖ਼ਲ ਕਰਵਾਇਆ ਗਿਆ। ਇਸ ਹਮਲੇ ਵਿੱਚ ਨੂਰ ਆਲਮ ਮਹਿਸੂਦ ਖੁਦ ਵੀ ਜ਼ਖ਼ਮੀ ਹੋਏ ਹਨ। ਪੁਲਿਸ ਮੁਤਾਬਕ ਸ਼ੁਰੂਆਤੀ



ਜਾਂਚ ਵਿੱਚ ਇਹ ਮਾਮਲਾ ਆਤਮਘਾਤੀ ਹਮਲੇ ਵਰਗਾ ਲੱਗ ਰਿਹਾ ਹੈ। ਧਮਾਕੇ ਤੋਂ ਬਾਅਦ ਹਮਲਾਵਰਾਂ ਵੱਲੋਂ ਫਾਇਰਿੰਗ ਕੀਤੇ ਜਾਣ ਦੀ ਵੀ ਸੂਚਨਾ ਮਿਲੀ ਹੈ। ਫੋਰੈਂਸਿਕ ਅਤੇ ਜਾਂਚ ਟੀਮਾਂ ਕਈ ਘੰਟਿਆਂ ਤੱਕ ਘਟਨਾ ਸਥਲ 'ਤੇ ਮੌਜੂਦ ਰਹੀਆਂ। ਸਥਾਨਕ ਮੀਡੀਆ ਰਿਪੋਰਟਾਂ ਅਨੁਸਾਰ, ਹਮਲੇ ਵਿੱਚ ਸ਼ਾਮਲ ਕਰੀਬ 17 ਸਾਲਾ ਆਤਮਘਾਤੀ ਹਮਲਾਵਰ ਦਾ ਸਿਰ ਘਟਨਾ ਸਥਲ ਤੋਂ ਬਰਾਮਦ ਹੋਇਆ ਹੈ, ਜਿਸਨੂੰ ਪਹਿਚਾਣ ਅਤੇ ਡੀਐਨਏ ਜਾਂਚ ਲਈ ਕਬਜ਼ੇ ਵਿੱਚ ਲਿਆ ਗਿਆ ਹੈ। ਕੇਪੀ ਦੇ ਮੁੱਖ ਮੰਤਰੀ ਸੋਹੈਲ ਅਫ਼ਰੀਦੀ ਨੇ ਇਸ ਹਮਲੇ ਦੀ ਕੜੀ ਨਿੰਦਾ ਕਰਦਿਆਂ ਪ੍ਰਾਂਤੀ ਪੁਲਿਸ ਮੁਖੀ ਤੋਂ ਤੁਰੰਤ ਰਿਪੋਰਟ ਮੰਗੀ ਹੈ ਅਤੇ ਜ਼ਖ਼ਮੀਆਂ ਨੂੰ ਬਿਹਤਰ ਇਲਾਜ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਇਸ "ਮੰਦਭਾਗੀ" ਘਟਨਾ ਲਈ ਜ਼ਿੰਮੇਵਾਰ ਲੋਕਾਂ ਨੂੰ ਇਨਸਾਫ਼ ਦੇ ਕਟਘਰੇ ਵਿੱਚ ਲਿਆਉਂਦਾ ਜਾਵੇਗਾ।

## ਪੰਜਾਬ ਦੇ ਇੰਟਰਨੈਸ਼ਨਲ ਨਸ਼ਾ ਤਸਕਰ ਰਾਜਾ ਕੰਦੌਲਾ ਦੀ ਮੁੰਬਈ 'ਚ ਮੌਤ

**ਜਲੰਧਰ/ਨਵਾਂਸ਼ਹਿਰ/ਮੁੰਬਈ, 25 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਇੰਟਰਨੈਸ਼ਨਲ ਡਰੱਗ ਤਸਕਰ ਰਾਜਾ ਕੰਦੌਲਾ ਦੀ ਮੌਤ ਹੋਣ ਦੀ ਖ਼ਬਰ ਸਾਹਮਣੇ ਆਈ ਹੈ।



ਰਾਜਾ ਕੰਦੌਲਾ ਬੰਗਾ ਦਾ ਰਹਿਣ ਵਾਲਾ ਸੀ। ਮਿਲੀ ਜਾਣਕਾਰੀ ਮੁਤਾਬਕ ਮੁੰਬਈ 'ਚ ਰਹਿ ਰਹੇ ਰਾਜਾ ਕੰਦੋਲਾ ਨੂੰ ਦਿਲ ਦਾ ਦੌਰਾ ਪਿਆ, ਜਿਸ ਤੋਂ ਬਾਅਦ ਉਸ ਨੂੰ ਹਸਪਤਾਲ ਲੈ ਜਾਇਆ ਗਿਆ ਪਰ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਦੱਸ ਦੇਈਏ ਕਿ ਰਾਜਾ ਕੰਦੌਲਾ ਦਾ ਅਸਲੀ ਨਾਮ ਰਣਜੀਤ ਸਿੰਘ ਸੀ। ਉਸ ਦਾ ਨਾਮ ਪੰਜਾਬ ਦੇ ਸਭ ਤੋਂ ਮਸ਼ਹੂਰ ਨਸ਼ੇ ਦੇ ਤਸਕਰਾਂ ਵਿੱਚੋਂ ਇਕ ਸੀ। ਉਸ ਨੂੰ ਜਲੰਧਰ ਦੀ ਇਕ ਵਿਸ਼ੇਸ਼ PMLA (ਮਨੀ ਲਾਂਡਰਿੰਗ) ਕੋਰਟ ਨੇ 200 ਕਰੋੜ ਰੁਪਏ ਦੇ ਨਸ਼ਾ ਰੈਕੇਟ ਮਾਮਲੇ ਵਿੱਚ 9 ਸਾਲ ਦੀ ਸਜ਼ਾ ਸੁਣਾਈ ਸੀ। ਇਸ ਮਾਮਲੇ 'ਚ ਉਸ ਦੀ ਪਤਨੀ ਰਜਵੰਤ ਕੌਰ ਨੂੰ ਵੀ 3 ਸਾਲ ਦੀ ਸਜ਼ਾ ਮਿਲੀ ਸੀ। 2024 ਵਿੱਚ ਰਾਜਾ ਕੰਦੌਲਾ ਦਾ ਨਾਂ ਆਈਸ ਡਰੱਗ (ਕ੍ਰਿਸਟਲ ਮੇਥ) ਤਸਕਰੀ ਮਾਮਲਾ ਚਰਚਾ ਵਿੱਚ ਰਹਿਆ ਸੀ। ਜੇਲ੍ਹ ਤੋਂ ਛੁੱਟਣ ਮਗਰੋਂ ਉਹ ਪਰਿਵਾਰ ਸਮੇਤ ਮੁੰਬਈ ਚਲਾ ਗਿਆ ਸੀ, ਜਿੱਥੇ ਦਿਲ ਦਾ ਦੌਰੇ ਕਾਰਨ ਉਸ ਦੀ ਮੌਤ ਹੋ ਗਈ। ਰਾਜਾ ਕੰਦੋਲਾ ਮੂਲ ਰੂਪ 'ਚ ਨਵਾਂਸ਼ਹਿਰ ਜ਼ਿਲ੍ਹੇ ਦੇ ਬੰਗਾ ਦਾ ਰਹਿਣ ਵਾਲਾ ਸੀ। ਉਹ ਕਾਫ਼ੀ ਸਮੇਂ ਲਈ ਅਮਰੀਕਾ ਅਤੇ ਜਿੰਬਾਬਵੇ ਵਰਗੇ ਦੇਸ਼ਾਂ ਵਿੱਚ ਰਿਹਾ, ਜਿੱਥੇ ਉਸ ਨੇ ਨਸ਼ਾ ਤਸਕਰੀ ਦਾ ਅੰਤਰਰਾਸ਼ਟਰੀ ਨੈੱਟਵਰਕ ਬਣਾਇਆ। ਪੰਜਾਬ ਵਾਪਸ ਆਉਣ ਮਗਰੋਂ ਉਸ ਨੇ ਆਪਣੇ ਆਪ ਨੂੰ ਇਕ ਵੱਡੇ ਫਾਰਮਹਾਊਸ ਦੇ ਮਾਲਕ ਵਜੋਂ ਸਥਾਪਤ ਕੀਤਾ। ਪਰਿਵਾਰਕ ਸੂਤਰਾਂ ਮੁਤਾਬਕ ਰਾਜਾ ਕੰਦੋਲਾ ਕਈ ਦਿਨਾਂ ਤੋਂ ਬੀਮਾਰ ਚੱਲ ਰਿਹਾ ਸੀ। ਉਸ ਨੂੰ ਬੀਮਾਰ ਹੋਣ ਕਾਰਨ ਹਸਪਤਾਲ ਲੈ ਜਾਇਆ ਗਿਆ ਸੀ, ਜਿੱਥੇ ਦਿਲ ਦਾ ਦੌਰਾ ਪੈਣ ਕਾਰਨ ਉਸ ਦੀ ਮੌਤ ਹੋ ਗਈ। ਇਸ ਤੋਂ ਬਾਅਦ ਪਰਿਵਾਰ ਦੇ ਲੋਕ ਉਸ ਦੀ ਲਾਸ਼ ਨੂੰ ਮੁੰਬਈ ਸਥਿਤ ਘਰ ਲੈ ਗਏ। ਪਰਿਵਾਰ ਦੇ ਮੁਤਾਬਕ ਉਸ ਦਾ ਅੰਤਿਮ ਸੰਸਕਾਰ ਮੁੰਬਈ ਵਿੱਚ ਹੀ ਕੀਤਾ ਜਾਵੇਗਾ। ਰਾਜਾ ਕੰਦੌਲਾ ਦਾ ਨਾਮ ਪਹਿਲੀ ਵਾਰੀ ਜੂਨ 2012 'ਚ ਉਸ ਸਮੇਂ ਚਰਚਾ ਵਿੱਚ ਆਇਆ, ਜਦੋਂ ਪੰਜਾਬ ਪੁਲਸ ਨੇ 200 ਕਰੋੜ ਰੁਪਏ ਦੇ ਸਿੰਥੇਟਿਕ ਡਰੱਗ ਰੈਕੇਟ ਦਾ ਪਰਦਾਫ਼ਾਸ਼ ਕੀਤਾ। ਇਸ ਦੌਰਾਨ ਪੁਲਸ ਤੋਂ ਬਚਦਿਆਂ ਉਹ ਦਿੱਲੀ ਭੱਜ ਗਿਆ ਸੀ ਪਰ ਅਗਸਤ 2012 ਵਿੱਚ ਉਸ ਨੂੰ ਦਿੱਲੀ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਰਣਜੀਤ ਸਿੰਘ ਉਰਫ਼ ਰਾਜਾ ਕੰਦੌਲਾ ਨੂੰ ਪੰਜਾਬ ਵਿੱਚ ਆਈਸ ਮੈਨ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਸੀ, ਕਿਉਂਕਿ ਉਹ ਸਿੰਥੇਟਿਕ ਡਰੱਗਸ (ਜਿਵੇਂ ਆਈਸ ਜਾਂ ਮੈਥੈਂਫੈਟਾਮਾਈਨ) ਦੇ ਗੈਰ-ਕਾਨੂੰਨੀ ਧੰਦੇ ਦਾ ਮਾਸਟਰਮਾਈਂਡ ਸੀ। ਪੁਲਸ ਮੁਤਾਬਕ ਰਾਜਾ ਮੈਥੈਂਫੈਟਾਮਾਈਨ (ਆਈਸ) ਅਤੇ ਹੋਰ ਨਸ਼ੀਲੇ ਪਦਾਰਥ ਬਣਾਉਣ ਲਈ ਦਿੱਲੀ ਅਤੇ ਪੰਜਾਬ ਵਿੱਚ ਗੈਰ-ਕਾਨੂੰਨੀ ਲੈਬ ਚਲਾਉਂਦਾ ਸੀ। ਉਹ ਕੱਚਾ ਮਾਲ ਦਿੱਲੀ ਤੋਂ ਲਿਆਉਂਦਾ ਅਤੇ ਉਸ ਨੂੰ ਰੀਫਾਈਨ ਕਰਕੇ ਵਿਦੇਸ਼ਾਂ ਵਿੱਚ ਸਪਲਾਈ ਕਰਦਾ ਸੀ।

## 17 ਸੂਬਿਆਂ 'ਚ ਐਮਰਜੈਂਸੀ ! 14,000 ਤੋਂ ਵੱਧ ਫਲਾਈਟਾਂ ਰੱਦ, ਅਮਰੀਕਾ 'ਚ ਬੇਹੱਦ ਭਿਆਨਕ ਬਣੇ ਹਾਲਾਤ

**ਵਾਸ਼ਿੰਗਟਨ, 25 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ 40 ਤੋਂ ਵੱਧ ਸੂਬਿਆਂ 'ਚ ਆਏ ਭਿਆਨਕ ਬਰਫ਼ੀਲੇ ਤੂਫ਼ਾਨ ਨੇ ਜਨ-ਜੀਵਨ ਪੂਰੀ ਤਰ੍ਹਾਂ ਅਸਤ-ਵਿਅਸਤ ਕਰ ਦਿੱਤਾ ਹੈ। ਇਸ ਤੂਫ਼ਾਨ ਕਾਰਨ ਸ਼ਨੀਵਾਰ ਤੋਂ ਸੋਮਵਾਰ ਤੱਕ 14,800 ਤੋਂ ਵੱਧ ਉਡਾਣਾਂ ਰੱਦ ਕੀਤੀਆਂ ਜਾ ਚੁੱਕੀਆਂ ਹਨ। ਇਸ ਕੁਦਰਤੀ ਆਫ਼ਤ ਦਾ ਅਸਰ ਟੈਕਸਾਸ ਤੋਂ ਲੈ ਕੇ ਨਿਊ ਇੰਗਲੈਂਡ ਤੱਕ ਲਗਭਗ 1,300 ਮੀਲ ਦੇ ਇਲਾਕੇ ਵਿੱਚ ਦੇਖਣ ਨੂੰ ਮਿਲ ਰਿਹਾ




ਹੈ। ਤੂਫ਼ਾਨ ਕਾਰਨ ਹਵਾਈ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋਈਆਂ ਹਨ। ਅਮਰੀਕਨ ਏਅਰਲਾਈਨਜ਼ ਦੀਆਂ 43 ਫ਼ੀਸਦੀ ਅਤੇ ਡੈਲਟਾ ਏਅਰਲਾਈਨਜ਼ ਦੀਆਂ 35 ਫ਼ੀਸਦੀ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ। ਸਭ ਤੋਂ ਵੱਧ ਅਸਰ ਡੱਲਾਸ, ਸ਼ਾਰਲੋਟ, ਨਿਊਯਾਰਕ ਅਤੇ ਬੋਸਟਨ ਵਰਗੇ ਸ਼ਹਿਰਾਂ ਵਿੱਚ ਦੇਖਿਆ ਗਿਆ ਹੈ। ਤੂਫਾਨ ਦੇ ਡਰੋਂ ਲੋਕ ਗ੍ਰੋਸਰੀ ਸਟੋਰਾਂ 'ਤੇ ਇਕੱਠੇ ਹੋ ਰਹੇ ਹਨ। ਕਈ ਦੁਕਾਨਾਂ 'ਤੇ ਪਾਣੀ, ਆਂਡਿਆਂ, ਮੱਖਣ ਤੇ ਮੀਟ ਦੀ ਕਮੀ ਹੋ ਗਈ ਹੈ। ਮੌਸਮ ਵਿਭਾਗ ਨੇ ਚਿਤਾਵਨੀ ਦਿੱਤੀ ਹੈ ਕਿ ਤੂਫਾਨ ਦੇ ਨਾਲ ਭਾਰੀ ਬਰਫਬਾਰੀ, ਮੀਂਹ ਤੇ ਠੰਢ ਆਏਗੀ, ਜਿਸ ਨਾਲ ਹਾਲਾਤ ਬੇਹੱਦ ਖਤਰਨਾਕ ਹੋ ਸਕਦੇ ਹਨ। ਟਰਾਂਸਪੋਰਟੇਸ਼ਨ ਅਧਿਕਾਰੀਆਂ ਨੇ ਵੀਕੈਂਡ 'ਤੇ ਯਾਤਰਾ ਵਿਚ ਦੇਰੀ ਅਤੇ ਕੈਂਸਲੇਸ਼ਨ ਦੀ ਚਿਤਾਵਨੀ ਦਿੱਤੀ ਹੈ। ਕਈ ਵੱਡੇ ਸ਼ਹਿਰਾਂ ਦੇ ਏਅਰਪੋਰਟ ਵੀ ਇਸ ਤੋਂ ਪ੍ਰਭਾਵਿਤ ਹੋਏ ਹਨ। ਰਾਸ਼ਟਰਪਤੀ ਡੋਨਾਲਡ ਟਰੰਪ ਨੇ ਹੁਣ ਤੱਕ 10 ਪ੍ਰਮੁੱਖ ਸੂਬਿਆਂ-ਟੈਨੇਸੀ, ਜਾਰਜੀਆ, ਉੱਤਰੀ ਕੈਰੋਲੀਨਾ, ਮੈਰੀਲੈਂਡ, ਅਰਕਨਸਾਸ, ਕੈਂਟਕੀ, ਲੁਈਸਿਆਨਾ, ਮਿਸੀਸਿਪੀ, ਇੰਡੀਆਨਾ ਅਤੇ ਵੈਸਟ ਵਰਜੀਨੀਆ ਵਿੱਚ ਐਮਰਜੈਂਸੀ ਦੇ ਐਲਾਨ ਨੂੰ ਮਨਜ਼ੂਰੀ ਦਿੱਤੀ ਹੈ। ਕੁੱਲ ਮਿਲਾ ਕੇ 17 ਤੋਂ ਵੱਧ ਸੂਬਿਆਂ ਵਿੱਚ ਐਮਰਜੈਂਸੀ ਲਾਗੂ ਕੀਤੀ ਗਈ ਹੈ। ਨੈਸ਼ਨਲ ਵੈਦਰ ਸਰਵਿਸ ਨੇ ਇਸ ਠੰਢ ਨੂੰ "ਜਾਨਲੇਵਾ" ਕਰਾਰ ਦਿੱਤਾ ਹੈ। ਤਾਪਮਾਨ ਵਿੱਚ ਭਾਰੀ ਗਿਰਾਵਟ ਕਾਰਨ ਹਾਈਪੋਥਰਮੀਆ ਅਤੇ ਫਰੌਸਟਬਾਈਟ (ਹੱਡੀਆਂ ਤੱਕ ਠੰਢ ਲੱਗਣਾ) ਦਾ ਖ਼ਤਰਾ ਬਣਿਆ ਹੋਇਆ ਹੈ। ਅਮਰੀਕਾ ਦੀ ਅੱਧੀ ਤੋਂ ਵੱਧ ਆਬਾਦੀ ਇਸ ਸਮੇਂ ਜ਼ੀਰੋ ਤੋਂ ਹੇਠਾਂ ਦੇ ਤਾਪਮਾਨ ਦਾ ਸਾਹਮਣਾ ਕਰ ਰਹੀ ਹੈ। ਭਾਰੀ ਬਰਫ਼ਬਾਰੀ ਅਤੇ ਬਰਫ਼ੀਲੇ ਮੀਂਹ ਕਾਰਨ ਦੱਖਣੀ ਇਲਾਕਿਆਂ ਵਿੱਚ ਬਿਜਲੀ ਗੁੱਲ ਹੋ ਗਈ ਹੈ। ਹੋਮਲੈਂਡ ਸਕਿਓਰਿਟੀ ਸਕੱਤਰ ਕ੍ਰਿਸਟੀ ਨੋਏਮ ਨੇ ਨਾਗਰਿਕਾਂ ਨੂੰ ਸੜਕਾਂ ਤੋਂ ਦੂਰ ਰਹਿਣ ਅਤੇ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕਰਨ ਦੀ ਅਪੀਲ ਕੀਤੀ ਹੈ। ਅਧਿਕਾਰੀਆਂ ਅਨੁਸਾਰ, ਫੈਡਰਲ ਐਮਰਜੈਂਸੀ ਮੈਨੇਜਮੈਂਟ ਏਜੰਸੀ ਅਤੇ ਸੂਬਾ ਸਰਕਾਰਾਂ ਮਿਲ ਕੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੰਮ ਕਰ ਰਹੀਆਂ ਹਨ। ਮੌਸਮ ਵਿਭਾਗ ਨੇ ਚਿਤਾਵਨੀ ਦਿੱਤੀ ਹੈ ਕਿ ਇਹ ਬੇਹੱਦ ਠੰਢ ਅਗਲੇ ਹਫ਼ਤੇ ਵੀ ਜਾਰੀ ਰਹਿ ਸਕਦੀ ਹੈ।

## 'ਪੰਜਾਬ ਸਰਕਾਰ ਦੀਆਂ ਸਕੀਮਾਂ ਸਿਰਫ਼ ਇਕ ਡਰਾਮੇਬਾਜ਼ੀ', ਹਰਸਿਮਰਤ ਕੌਰ ਬਾਦਲ ਨੇ ਚੁੱਕੇ ਸਵਾਲ

**ਨਵੀਂ ਦਿੱਲੀ, 25 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਪੰਜਾਬ ਸਰਕਾਰ 'ਤੇ ਸਿਹਤ ਸਹੂਲਤਾਂ ਅਤੇ ਕਾਨੂੰਨ ਵਿਵਸਥਾ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਹਕੀਕਤ ਤੋਂ ਦੂਰ ਹਨ ਅਤੇ ਲੋਕਾਂ ਨੂੰ ਗੁਮਰਾਹ ਕਰਨ ਤੋਂ ਇਲਾਵਾ ਕੁਝ ਨਹੀਂ। ਹਰਸਿਮਰਤ ਕੌਰ ਬਾਦਲ ਨੇ ਸਰਕਾਰ ਦੀਆਂ ਸਕੀਮਾਂ ਨੂੰ "ਡਰਾਮਾ" ਕਰਾਰ ਦਿੰਦਿਆਂ ਕਿਹਾ ਕਿ ਜਿਵੇਂ ਮਹਿਲਾਵਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਗਿਆ




ਸੀ, ਓਸੇ ਤਰ੍ਹਾਂ ਹੈਲਥ ਇੰਸ਼ੋਰੈਂਸ ਸਕੀਮ ਨੂੰ ਵੀ ਸਿਰਫ਼ ਦਿਖਾਵਾ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ 2022 ਦੀਆਂ ਚੋਣਾਂ ਤੋਂ ਪਹਿਲਾਂ ਮਹਿਲਾਵਾਂ ਤੋਂ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੇ ਨਾਂ 'ਤੇ ਫਾਰਮ ਭਰਵਾਏ ਗਏ, ਪਰ ਅਸਲ ਵਿੱਚ ਇਹ ਸਿਰਫ਼ ਲੋਕਾਂ ਦਾ ਡਾਟਾ ਇਕੱਠਾ ਕਰਨ ਦਾ ਢੰਗ ਸੀ। ਚਾਰ ਸਾਲ ਬੀਤ ਜਾਣ ਬਾਵਜੂਦ ਕਿਸੇ ਨੂੰ ਵੀ ਇਸ ਸਕੀਮ ਦਾ ਲਾਭ ਨਹੀਂ ਮਿਲਿਆ। ਉਨ੍ਹਾਂ ਨੇ ਮੁਹੱਲਾ ਕਲੀਨਿਕਾਂ ਬਾਰੇ ਵੀ ਸਵਾਲ ਚੁੱਕਦਿਆਂ ਕਿਹਾ ਕਿ ਕਲੀਨਿਕਾਂ 'ਚ ਸਰਕਾਰੀ ਹਸਪਤਾਲਾਂ ਦੇ ਡਾਕਟਰਾਂ ਨੂੰ ਬੈਠਾ ਦਿੱਤਾ ਗਿਆ ਹੈ, ਜਿਸ ਕਾਰਨ ਨਾ ਤਾਂ ਉੱਥੇ ਦਵਾਈਆਂ ਮਿਲ ਰਹੀਆਂ ਹਨ ਅਤੇ ਨਾ ਹੀ ਸਹੀ ਇਲਾਜ ਹੋ ਰਿਹਾ ਹੈ। ਸੂਬੇ ਵਿੱਚ ਵਧ ਰਹੀਆਂ ਅਪਰਾਧਿਕ ਵਾਰਦਾਤਾਂ 'ਤੇ ਚਿੰਤਾ ਜ਼ਾਹਰ ਕਰਦਿਆਂ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਸਰਕਾਰ ਵੱਲੋਂ ਆਪ੍ਰੇਸ਼ਨ ਪ੍ਰਹਾਰ ਚਲਾਇਆ ਗਿਆ ਹੈ ਪਰ ਗੈਂਗਸਟਰਾਂ ਨੂੰ ਫੜਨ ਦੀ ਬਜਾਏ ਨੌਜਵਾਨਾਂ ਦੀਆਂ ਹਜ਼ਾਰਾਂ ਗ੍ਰਿਫ਼ਤਾਰੀਆਂ ਕਰ ਰਹੀ ਹੈ। ਉਨ੍ਹਾਂ ਤੰਜ ਕਸਦਿਆਂ ਕਿਹਾ ਕਿ ਅਖ਼ਬਾਰਾਂ ਵਿੱਚ ਕਰੋੜਾਂ ਰੁਪਏ ਦੇ ਇਸ਼ਿਤਹਾਰ ਤਾਂ ਲਗਵਾ ਦਿੱਤੇ ਗਏ ਹਨ, ਪਰ ਇਹ ਦੱਸਿਆ ਜਾਵੇ ਕਿ ਕਿਹੜਾ ਗੈਂਗਸਟਰ ਫੜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਦਿਨ-ਦਿਹਾੜੇ ਕਤਲ, ਲੁੱਟਾਂ-ਖੋਹਾਂ ਅਤੇ ਫਿਰੌਤੀਆਂ ਦੀਆਂ ਘਟਨਾਵਾਂ ਲਗਾਤਾਰ ਵਧ ਰਹੀਆਂ ਹਨ। ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਉਨ੍ਹਾਂ ਨੇ ਕਿਹਾ ਕਿ ਇੱਕ ਪਾਸੇ ਨਾਮੀ ਗੈਂਗਸਟਰਾਂ ਵਿਰੁੱਧ ਸਬੂਤਾਂ ਦੀ ਘਾਟ ਦੱਸ ਕੇ ਉਨ੍ਹਾਂ ਨੂੰ ਰਾਹਤ ਦਿੱਤੀ ਜਾ ਰਹੀ ਹੈ, ਜਦਕਿ ਦੂਜੇ ਪਾਸੇ ਜੇਲ੍ਹਾਂ ਦੇ ਅੰਦਰੋਂ ਗੈਂਗਸਟਰਾਂ ਦੀਆਂ ਵੀਆਈਪੀ ਇੰਟਰਵਿਊਆਂ ਹੋ ਰਹੀਆਂ ਹਨ, ਜੋ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਵੱਡਾ ਸਵਾਲ ਖੜ੍ਹਾ ਕਰਦੀਆਂ ਹਨ।

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

Contact :
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'


350 ਸਾਲਾ ਸ਼ਹੀਦੀ ਦਿਵਸ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ,
ਭਾਈ ਮਤੀਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਨੂੰ ਸਮਰਪਿਤ
ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)
ਵੱਲੋਂ
21 ਸਭਾਗੇ ਜੋੜਿਆਂ ਦੇ ਅਨੰਦ ਕਾਰਜ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 22 ਫਰਵਰੀ 2026
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ
ਸਥਾਨ –
ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ
ਨੇੜੇ ਕਾਲਾਂਵਾਲੀ ਮੰਡੀ,
ਜ਼ਿਲ੍ਹਾ ਸਿਰਸਾ (ਹਰਿਆਣਾ)
ਲੋੜਵੰਦ ਪ੍ਰੀਵਾਰ ਆਪਣੀਆਂ ਬੱਚੀਆਂ ਦੇ ਨਾਮ 15 ਜਨਵਰੀ ਤੋਂ
ਪਹਿਲਾਂ ਪਹਿਲਾਂ ਦਰਜ ਕਰਵਾਉਣ ਦੀ ਕਿਰਪਾਲਤਾ ਕਰੋ ਜੀ
LIVE ON
Akaal
CHARDIKLA TIME TV
ਆਵਾਜ਼ਿ ਕੌਮ AWAZE QAUM TV
YouTube
ਬੇਨਤੀ ਕਰਤਾ – ਸੁੱਖ ਸੇਵਾ ਸਿਮਰਨ ਟਰਸੱਟ (ਰਜ਼ਿ) ਜੱਥਾ ਦਾਦੂ ਸਾਹਿਬ
ਸਮੂੰਹ ਨਗਰ ਅਤੇ ਇਲਾਕਾ ਨਿਵਾਸੀ ਸਾਧ ਸੰਗਤ
ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸੰਪਰਕ ਨੰ: 93560-60960, 97791-72813
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)


ਅਨੌਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਸਲਾਨਾ ਗੁਰਮਤਿ ਸਮਾਗਮ
ਪਿੰਡ ਅਤਲਾ ਖੁਰਦ ਵਿਖੇ ਮਿਤੀ 27 ਜਨਵਰੀ ਨੂੰ ਸਵੇਰੇ 8 ਤੋਂ 12 ਵਜੇ ਤੱਕ ਕਰਵਾਇਆ ਜਾ ਰਿਹਾ ਹੈ।
ਜਥੇਦਾਰ ਕੁਲਦੀਪ ਸਿੰਘ ਗੜਗੱਜ
ਜਥੇਦਾਰ ਬਾਬਾ ਬਲਵੀਰ ਸਿੰਘ ਜੀ
ਗਿਆਨੀ ਗੁਰਮੁੱਖ ਸਿੰਘ
ਹੈੱਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ
ਜਸਕਰਨ ਸਿੰਘ ਕਾਹਨ ਸਿੰਘ ਵਾਲਾ
ਬਾਬਾ ਰਾਜਵਿੰਦਰ ਸਿੰਘ ਜੀ ਖਰਾਸ਼ਾਂ
ਭਾਈ ਅੰਮ੍ਰਿਤਪਾਲ ਸਿੰਘ ਭੀਖੀ ਵਾਲੇ
ਅੰਮ੍ਰਿਤਪਾਲ ਸਿੰਘ ਲੌਂਗੋਵਾਲ
ਬਲਦੇਵ ਸਿੰਘ ਸਾਨੇਵਾਲੀ
ਪ੍ਰੋ. ਗੁਰਤੇਜ ਸਿੰਘ ਤੇਜੀ
ਐਡਵੋਕੇਟ ਗਿਰਦਮਜੀਤ ਸਿੰਘ ਬਾਵਾ ਭੀਖੀ
ਕਰਮ ਸਿੰਘ ਅਤਲਾ ਇੰਗਲੈਂਡ
ਮਲਕੀਤ ਸਿੰਘ ਬੁਢਲਾਡਾ
ਜਥੇਦਾਰ ਬਹਾਦਰ ਸਿੰਘ ਦੋਦੜਾ
ਜੈ ਸਿੰਘ ਭਾਦੜਾ
ਰਾਮ ਖਿਆਲਾ
ਰਮਨਦੀਪ ਸਿੰਘ ਤੂਰ
ਬੇਅੰਤ ਸਿੰਘ ਕੋਟੜਾ
ਸੁਖਰਾਜ ਸਿੰਘ ਅਤਲਾ
ਸੁਖਚੈਨ ਸਿੰਘ ਅਤਲਾ
ਮੁੱਖ ਸੇਵਾਦਾਰ
ਗੁਰੂ ਕਾ ਲੰਗਰ ਅਤੁੱਟ ਵਰਤੇਗਾ।
ਭਾਈ ਅੰਮ੍ਰਿਤਪਾਲ ਸਿੰਘ ਭੀਖੀ ਵਾਲੇ ਸੰਗਤਾਂ ਨੂੰ ਗੁਰਬਾਣੀ ਸਰਵਣ ਕਰਵਾਉਣਗੇ।
ਬੀਬੀ ਸੁਖਜੀਤ ਕੌਰ ਅਤਲਾ
M. 89683-37778, 97811-73811
ਵੱਲੋਂ: ਮੁੱਖ ਸੇਵਾਦਾਰ ਸੁਖਚੈਨ ਸਿੰਘ ਅਤਲਾ, ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ (ਪੰਜਾਬ)

ਰੋਜ਼ਾਨਾ ਸਵਾ ਲੱਖ
ਮੂਲ ਮੰਤਰ ਜਾਪ

ਨਾਮ ਰਸੀਏ ਅਸੀਸਾਂ ਬਖ਼ਸ਼ਣ
ਨਾਮ ਅਭਿਆਸੀ ਹਾਜ਼ਰੀਆਂ ਭਰਨ

ਰੋਜ਼ਾਨਾ 125 ਪਾਠ
ਸੁਖਮਨੀ ਸਾਹਿਬ

# ਗੁਰ ਭਗਤੀ ਸ਼ਬਦ ਜਾਪ

ਧੰਨ ਬਾਬਾ ਨੰਦ ਸਿੰਘ ਜੀ ਧੰਨ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ
ਵਾਲਿਆਂ ਦੀ ਯਾਦ ਵਿੱਚ ਅਭਿਆਸੀ ਗੁਰਸਿੱਖਾਂ ਨੂੰ ਸਮਰਪਿਤ
1 ਜਨਵਰੀ ਤੋਂ 5 ਫਰਵਰੀ ਪੋਹ ਮਾਘ 2026
ਨਾਨਕਸਰ ਕੁਟੀਆ ਪਟਿਆਲਾ ਵਿਖੇ
36 ਦਿਨ ਸ਼ਾਮ 7:00 ਤੋਂ 9:00 ਕੀਰਤਨ-ਕਥਾ

## 36 ਦਿਨ, 36 ਬਾਣੀਆਂ, 36 ਵਿਦਵਾਨ

31 ਜਨਵਰੀ 2026

ਵਿਸ਼ਾ: ਸਵਯੇ ਸ੍ਰੀ ਮੁਖਬਾਕ੍ ਮਹਲਾ ੫



ਰਾਗੀ ਸੰਤੋਖ ਸਿੰਘ



ਜਥੇਦਾਰ ਬਾਬਾ ਬਲਜੀਤ ਸਿੰਘ
ਦਾਦੂਵਾਲ

ਆਵਾਜ਼ਿ ਕੌਮ AWAZE QAUM International Newspaper & WEB TV



ਅਰਜ਼ੋਈ ਕਰਤਾ:
ਬਾਬਾ ਹਰਚਰਨ ਸਿੰਘ,
ਨਾਨਕਸਰ ਕੁਟੀਆ ਬਿਹੰਗਮ,ਸਤਿਸੰਗੀ,
ਤ੍ਰਿਪੜੀ,ਪਟਿਆਲਾ,ਪੰਜਾਬ
9815133113

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

**ਧੰਨ ਧੰਨ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ**

# 28ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

## ਪ੍ਰੋਗਰਾਮ

ਆਵਾਜ਼ਿ ਕੌਮ AWAZE QAUM International Newspaper & WEB TV

ਮਿਤੀ : 11 ਫਰਵਰੀ 2026, ਦਿਨ ਬੁੱਧਵਾਰ ।

ਸਹਾਇਤਾ ਵੰਡ ਸਮਾਗਮ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : ਗਰਾਊਂਡ ਮਿਡਲ ਸਕੂਲ, ਪਿੰਡ ਐਮਾਂ ਜੱਟਾਂ, ਜ਼ਿਲਾ ਹੁਸ਼ਿਆਰਪੁਰ ਵਿਖੇ ।

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ, ਯੋਗੀ ਦੇਵੀ ਨਾਥ ਐਮਾਂ ਜੱਟਾਂ ।

ਮੁੱਖ ਮਹਿਮਾਨ : ਸ: ਜਗਤਾਰ ਸਿੰਘ ਸਟੇਟ ਟੈਕਸ ਅਫ਼ਸਰ ਹੁਸ਼ਿਆਰਪੁਰ ।

ਵਿਸ਼ੇਸ਼ ਮਹਿਮਾਨ:
ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਯੂਨੀਕ ਹੋਮ, ਭਾਈ ਘੱਨਈਆ ਜੀ ਚੈਰੀਟੇਬਲ ਟਰੱਸਟ ਜਲੰਧਰ ।
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ
ਸ਼੍ਰੀ ਯੋਗ ਰਾਜ ਮੈਰਾ, ਡਾਇਰੈਕਟਰ ਫਾਈਨਾਂਸੀਅਲ ਐਡਵਾਈਜ਼ਰ ਡਿਪਾਰਟਮੈਂਟ ਆਫ ਪੋਸਟ ਮਨੀਸੀਟਰੀ ਆਫ ਕੁਮਿਨੀਕੇਸ਼ਨ ਭਾਰਤ ਸਰਕਾਰ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ SGPC ਅੰਮ੍ਰਿਤਸਰ, ਸ: ਦਲਜੀਤ ਸਿੰਘ ਖੱਖ, ਡੀ.ਐਸ.ਪੀ, ਗੜ੍ਹਸ਼ੰਕਰ।
ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਅਤੇ ਬੀ.ਡੀ.ਸੀ. ਨਵਾਂਸ਼ਹਿਰ ।
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਹਰਸੇਵਾ ਮੈਡੀਕਲ ਟਰੱਸਟ, ਯੂ.ਕੇ. ਮੋਰਾਂਵਾਲੀ ।, ਗ੍ਰੀਨ ਵਿਲੇਜ਼ ਸੁਸਾਇਟੀ, ਬੀਣੇਵਾਲ ।
ਉਪਕਾਰ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ, ਗੜ੍ਹਸ਼ੰਕਰ ।
ਮਾਤਾ ਅਮਰ ਕੌਰ, ਚਰਨ ਕੌਰ ਵੈਲਫੇਅਰ ਸੁਸਾਇਟੀ, ਭੂੰਗਰਨੀ, ਹੁਸ਼ਿਆਰਪੁਰ।
ਲੈਕ: ਰਜਿੰਦਰ ਕੁਮਾਰ ਸ਼ਰਮਾ, ਬੰਗਾ।, ਸਮਾਜ ਭਲਾਈ ਸਵੈ-ਸੇਵੀ ਸੰਸਥਾ, ਪਿੰਡ ਸੁੱਜੋਂ ।
ਗੁਰੂ ਨਾਨਕ ਮਿਸ਼ਨ ਇੰਟਰਨੈਸ਼ਨਲ ਚੈਰੀਟੇਬਲ ਹਸਪਤਾਲ ਕੁਲਪੁਰ, ਨਵਾਂਗਰਾ ।
ਸ: ਜਤਿੰਦਰ ਸਿੰਘ ਲਾਡੀ ਸਭ ਦਾ ਭਲਾ ਚੈਰੀਟੇਬਲ ਹਸਪਤਾਲ, ਸ਼ਿਕਾਰ ਮਾਸ਼ੀਆਂ (ਗੁਰਦਾਸਪੁਰ)
ਰਵਿੰਦਰ ਕੌਰ ਕਨੇਡਾ ਐਮਾਂ ਜੱਟਾਂ, ਸੁਰਿੰਦਰ ਸਿੰਘ ਯੂ.ਕੇ. ਐਮਾਂ ਜੱਟਾਂ,
ਡਾ: ਪਰਮਿੰਦਰ ਸਿੰਘ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਸਲਾ ਕਾਲਜ, ਮਾਹਿਲਪੁਰ ।
ਡਾ: ਤਰਸੇਮ ਸਿੰਘ ਭਿੰਡਰ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ, ਬੰਗਾ ।

ਇਸ ਮੌਕੇ ਤੇ ਧਾਰਮਿਕ ਪੁਸਤਕਾਂ ਦਾ ਲੰਗਰ ਲਗਾਇਆ ਜਾਵੇਗਾ ।

ਲਾਈਵ ਚੈਨਲ ਮਿਸਟਰ ਸਿੰਘ ਪ੍ਰੋਡੈਕਸ਼ਨ ਟੀ.ਵੀ. ਚੈਨਲ ਤੇ ਲਾਈਵ ਹੋਵੇਗਾ ।

ਸਨਮਾਨਿਤ ਸਖਸ਼ੀਅਤਾਂ ਅਤੇ ਸੰਸਥਾਵਾਂ
ਮੇਜ਼ਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਨਵਾਂਸ਼ਹਿਰ ।
ਸ: ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ।
ਡਾ: ਕਸ਼ਮੀਰ ਚੰਦ ਐਮ.ਐਸ. ਪੀ.ਸੀ.ਐਮ.ਐਸ.-1, ਸਰਜੀਕਲ ਸਪੈਸ਼ਲਿਸਟ, ਐਮ.ਜੇ. ਲਾਈਫ ਹਸਪਤਾਲ, ਬੰਗਾ
ਡਾ: ਨਿਰਮਲ ਕੁਮਾਰ, ਐਸ.ਐਮ.ਓ. ਸੀ.ਐਚ.ਸੀ. ਬੀਣੇਵਾਲ, ਰਿਟਾਇਰ ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ ।
ਰਿਟਾਇਰ ਵਾਈਸ ਚਾਂਸਲਰ ਧਰਮਜੀਤ ਸਿੰਘ ਪਰਮਾਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।
ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

**ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲੇ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਤੇ ਚਾਨਣਾਂ ਪਾਉਣਗੇ ।**

ਅਜ਼ਾਦ ਰੰਗਮੰਚ ਰਜਿ: ਕਲਾ ਭਵਨ ਫਗਵਾੜਾ ਵਲੋਂ ਬੀਬੀ ਕੁਲਵੰਤ ਦੇ ਨਿਰਦੇਸ਼ਨਾ ਤਹਿਤ "ਗੁਰੂ ਤੇਗ ਬਹਾਦਰ ਬੋਲਿਆ" ਨਾਟਕ ਪੇਸ਼ ਕੀਤਾ ਜਾਵੇਗਾ ।

ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।

ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ,
ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਿੰਡ ਐਮਾਂ ਜੱਟਾਂ (ਹੁਸ਼ਿਆਰਪੁਰ)
ਮੋਬਾ: 98153-48143, 98140-23547

ਛਾਪਕ : ਸੱਲ੍ਹਣ ਪ੍ਰਿੰਟਿੰਗ ਪ੍ਰੈਸ, ਬੰਗਾ # 94646-34793, 98159-01698

# 18 ਸੇਰ ਦੇ ਖੰਡੇ ਨਾਲ ਜੰਗ ਲੜਨ ਵਾਲੇ : ਬਾਬਾ ਦੀਪ ਸਿੰਘ ਜੀ

## 27 ਜਨਵਰੀ ਨੂੰ ਜਨਮ-ਦਿਨ 'ਤੇ ਵਿਸ਼ੇਸ਼

**ਬਾਬਾ ਦੀਪ ਸਿੰਘ** ਜੀ ਦਾ ਜਨਮ 26 ਜਨਵਰੀ ਸੰਨ 1682 ਈ: ਨੂੰ ਪਿਤਾ ਭਾਈ ਭਗਤਾ ਜੀ ਅਤੇ ਮਾਤਾ ਜਿਉਣੀ ਜੀ ਦੇ ਘਰ ਪਿੰਡ ਪਹੂਵਿੰਡ ਜ਼ਿਲ੍ਹਾ ਤਰਨਤਾਰਨ (ਪੰਜਾਬ) ਵਿਖੇ ਹੋਇਆ। ਦੋਵੇਂ ਗੁਰੂ ਘਰ ਦੇ ਬੜੇ ਪ੍ਰੇਮੀ ਸਨ। ਉਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਬਾਰ ਵਿੱਚ ਰਹੇ ਤੇ ਸੇਵਾ ਕਰਦੇ ਰਹੇ। ਉਹ ਆਪਣੇ ਆਪ ਨੂੰ ਗੁਰੂ ਘਰ ਦਾ ਨਿਮਾਣਾ ਸਿੱਖ ਸਮਝਦੇ ਸਨ। ਮਾਤਾ-ਪਿਤਾ ਨੇ ਬਚਪਨ ਵਿੱਚ ਉਹਨਾਂ ਦਾ ਨਾਂ 'ਦੀਪਾ' ਰੱਖਿਆ। ਬਾਬਾ ਦੀਪ ਸਿੰਘ ਚੜ੍ਹਦੀ ਜਵਾਨੀ 'ਚ ਤਕਰੀਬਨ 18 ਸਾਲ ਦੀ ਉਮਰ ਵਿੱਚ ਆਪਣੇ ਮਾਤਾ-ਪਿਤਾ ਦੇ ਨਾਲ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ-ਮਹੱਲਾ ਮਨਾਉਣ ਲਈ ਪਹੁੰਚੇ। ਗੁਰੂ ਸਾਹਿਬ ਨੇ ਉਹਨਾਂ ਨੂੰ ਅਨੰਦਪੁਰ ਸਾਹਿਬ ਹੀ ਰੱਖ ਲਿਆ ਤੇ ਮਾਤਾ-ਪਿਤਾ ਆਪਣੇ ਪਿੰਡ ਵਾਪਸ ਆ ਗਏ ਆਪ ਤਿੰਨ ਸਾਲ ਗੁਰੂ ਜੀ ਦੇ ਚਰਨਾਂ ਵਿੱਚ ਰਹੇ। ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ: ਵਿੱਚ ਜਦ ਖ਼ਾਲਸੇ ਦੀ ਸਿਰਜਣਾ ਕੀਤੀ ਤਾਂ ਉਸ ਸਮੇਂ ਵੱਡੀ ਤਾਦਾਦ ਵਿੱਚ ਸੰਗਤਾਂ ਨੇ ਖੰਡੇ-ਬਾਟੇ ਦਾ ਅੰਮ੍ਰਿਤ ਛਕਿਆ। ਬਾਬਾ ਦੀਪ ਸਿੰਘ ਜੀ ਵੀ ਅੰਮ੍ਰਿਤਸਰ ਛਕ ਕੇ ਸਿੰਘ ਸਜ ਗਏ ਅਤੇ ਨਾਂ 'ਦੀਪ ਸਿੰਘ' ਰੱਖ ਦਿੱਤਾ ਗਿਆ। ਬਾਬਾ ਦੀਪ ਸਿੰਘ ਜੀ ਨੇ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਭਾਈ ਮਨੀ ਸਿੰਘ ਜੀ ਦੀ ਰਹਿਨੁਮਾਈ ਹੇਠ ਗੁਰਬਾਣੀ ਦਾ ਅਧਿਐਨ ਕੀਤਾ ਅਤੇ ਸ਼ਸਤਰ ਵਿੱਦਿਆ ਗ੍ਰਹਿਣ ਕੀਤੀ। ਬਾਬਾ ਜੀ ਨੇ ਸੰਸਕ੍ਰਿਤ, ਬ੍ਰਿਜ, ਫ਼ਾਰਸੀ ਅਤੇ ਗੁਰਮੁਖੀ ਭਾਸ਼ਾਵਾਂ ਵਿੱਚ ਮੁਹਾਰਤ ਹਾਸਲ ਕਰਕੇ ਜਿੱਥੇ ਧਰਮ ਗ੍ਰੰਥਾਂ ਦਾ ਅਧਿਐਨ ਕੀਤਾ, ਉੱਥੇ ਹੀ ਬਾਣੀ ਦਾ ਪ੍ਰਚਾਰ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਈ। 1704 ਈ: ਵਿੱਚ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਅਕਾਲ ਪੁਰਖ ਦੇ ਹੁਕਮ ਨਾਲ ਅਨੰਦਪੁਰ ਸਾਹਿਬ ਛੱਡਣਾ ਪਿਆ। ਗੁਰੂ ਜੀ ਚਮਕੌਰ ਸਾਹਿਬ, ਮਾਛੀਵਾੜਾ, ਦੀਨਾ ਕਾਂਗੜ, ਆਲਮਗੀਰ, ਕੋਟਕਪੂਰਾ, ਮੁਕਤਸਰ, ਲੱਖੀ-ਜੰਗਲ ਤੋਂ ਹੁੰਦੇ ਹੋਏ ਦਮਦਮਾ ਸਾਹਿਤ ਤਲਵੰਡੀ ਸਾਬੋ ਪਹੁੰਚੇ। ਗੁਰੂ ਸਾਹਿਬ ਨੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੀੜ ਨੂੰ ਪੂਰਨ ਰੂਪ ਦੇਣ ਦਾ ਕਾਰਜ ਭਾਈ ਮਨੀ ਸਿੰਘ ਦੁਆਰਾ ਨੇਪਰੇ ਚਾੜ੍ਹਿਆ। ਇਸ ਮਹਾਨ ਕਾਰਜ ਵਿੱਚ ਭਾਈ ਮਨੀ ਸਿੰਘ ਜੀ ਦੇ ਸਹਾਇਕ ਬਾਬਾ ਦੀਪ ਸਿੰਘ ਜੀ ਸਨ। ਉਹਨਾਂ ਇਸ ਸੇਵਾ ਨੂੰ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਨਿਭਾਇਆ।

ਬਾਬਾ ਦੀਪ ਸਿੰਘ ਜੀ ਜਿੱਥੇ ਨਿਧੜਕ ਯੋਧੇ ਸਨ ਉੱਥੇ ਗੁਰਬਾਣੀ ਦੇ ਮਹਾਨ ਵਿਦਵਾਨ ਅਤੇ ਲਿਖਾਰੀ ਵੀ ਸਨ। ਉਹ ਸੰਗਤਾਂ ਨੂੰ ਗੁਰਬਾਣੀ ਦੇ ਅਰਥ ਕਰਕੇ ਵੀ ਦੱਸਦੇ ਰਹੇ ਅਤੇ ਆਦਿ ਗ੍ਰੰਥ ਦੇ ਹੱਥ ਲਿਖਤ ਉਤਾਰੇ ਵੀ ਕਰਦੇ ਰਹੇ। ਬਾਬਾ ਦੀਪ ਸਿੰਘ ਜੀ ਨੇ 1705 ਈ: ਵਿੱਚ ਭਾਈ ਮਨੀ ਸਿੰਘ ਜੀ ਨਾਲ ਮਿਲ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੱਥ ਲਿਖਤ ਬੀੜਾਂ ਤਿਆਰ ਕੀਤੀਆਂ। ਬਾਬਾ ਦੀਪ ਸਿੰਘ ਜੀ ਵੱਲੋਂ ਤਿਆਰ ਕੀਤੇ ਹੱਥ ਲਿਖਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਵੱਖ-ਵੱਖ ਤਖ਼ਤ ਸਾਹਿਬਾਨ ਤੇ ਭੇਜੇ ਗਏ। ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ-ਜੋਤਿ ਸਮਾਉਣ ਤੋਂ ਪਹਿਲਾਂ ਹੀ ਬਾਬਾ ਦੀਪ ਸਿੰਘ ਜੀ ਨੇ ਪ੍ਰਸਿੱਧੀ ਪ੍ਰਾਪਤ ਕਰ ਲਈ ਸੀ।

ਬਾਬਾ ਦੀਪ ਸਿੰਘ ਜੀ ਨੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਧਰਮ ਯੁੱਧਾਂ ਵਿੱਚ ਮਦਦ ਕੀਤੀ ਅਤੇ ਖ਼ਾਲਸਾ ਰਾਜ ਦੀ ਸਥਾਪਨਾ ਵਿੱਚ ਵਿਸ਼ੇਸ਼ ਭੂਮਿਕਾ ਨਿਭਾਈ। ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਸ਼ਹੀਦੀ ਤੋਂ ਬਾਅਦ ਸ੍ਰ: ਦਰਬਾਰਾ ਸਿੰਘ ਜੀ ਅਤੇ ਨਵਾਬ ਕਪੂਰ ਸਿੰਘ ਜੀ ਨੇ ਸਿੱਖ ਕੌਮ ਨੂੰ ਜਥਿਆਂ ਵਿੱਚ ਵੰਡ ਕੇ ਲਾਮਬੰਦ ਕੀਤਾ। ਇਹਨਾਂ ਜਥਿਆਂ ਨੂੰ ਮਿਸਲਾਂ ਦਾ ਨਾਂ ਦਿੱਤਾ ਗਿਆ। ਬਾਬਾ ਦੀਪ ਸਿੰਘ ਜੀ ਨੂੰ 12 ਮਿਸਲਾਂ ਵਿੱਚੋਂ 'ਸ਼ਹੀਦ ਮਿਸਲ' ਦੇ ਜਥੇਦਾਰ ਦੀ ਸੇਵਾ ਵੀ ਸੌਂਪੀ ਗਈ।



ਅਹਿਮਦਸ਼ਾਹ ਅਬਦਾਲੀ ਦਾ ਪੁੱਤਰ ਤੈਮੂਰ ਸ਼ਾਹ ਸਿੱਖਾਂ ਦੀ ਚੜ੍ਹਦੀ ਕਲਾ ਤੋਂ ਪ੍ਰੇਸ਼ਾਨ ਸੀ। ਉਸ ਦੇ ਹੁਕਮ ਤੇ ਹੀ ਜਹਾਨ ਖਾਂ ਨੇ ਸਿੱਖਾਂ ਦਾ ਕਤਲੇਆਮ ਕਰਨਾ ਸ਼ੁਰੂ ਕਰ ਦਿੱਤਾ। ਉਸ ਨੂੰ ਇਹ ਵੀ ਦੱਸਿਆ ਗਿਆ ਕਿ ਜਦ ਤੱਕ ਸਿੱਖਾਂ ਦੀ ਸ਼ਕਤੀ ਦੇ ਸੋਮੇ ਸ਼੍ਰੀ ਹਰਿਮੰਦਰ ਸਾਹਿਬ ਨੂੰ ਖ਼ਤਮ ਨਹੀਂ ਕੀਤਾ ਜਾਂਦਾ, ਉਦੋਂ ਤੱਕ ਸਿੱਖ ਨਾ ਆਪ ਚੈਨ ਨਾਲ ਬੈਠਣਗੇ ਅਤੇ ਨਾ ਹੀ ਹਾਕਮਾਂ ਨੂੰ ਸੁੱਖ ਦਾ ਸਾਹ ਲੈਣ ਦੇਣਗੇ। ਇਹ ਸਰੋਵਰ ਵਿੱਚ ਇਸ਼ਨਾਨ ਕਰਨ ਉਪਰੰਤ ਦਰਬਾਰ ਸਾਹਿਬ ਵਿੱਚ ਮੱਥਾ ਟੇਕ ਕੇ ਨਵਾਂ ਜੀਵਨ ਤੇ ਉਤਸ਼ਾਹ ਪ੍ਰਾਪਤ ਕਰ ਲੈਂਦੇ ਹਨ। ਜਹਾਨ ਖਾਂ ਨੇ ਸ਼੍ਰੀ ਹਰਿਮੰਦਰ ਸਾਹਿਬ ਨੂੰ ਢਹਿ-ਢੇਰੀ ਕਰਵਾ ਦਿੱਤਾ ਅਤੇ ਸਰੋਵਰ ਨੂੰ ਮਿੱਟੀ ਨਾਲ ਪੂਰ (ਭਰ) ਦਿੱਤਾ। ਬੇਪਤੀ ਦੀ ਇਹ ਖ਼ਬਰ ਬਾਬਾ ਦੀਪ ਸਿੰਘ ਜੀ ਨੂੰ ਦਮਦਮਾ ਸਾਹਿਬ ਮਿਲ ਗਈ। ਉਹਨਾਂ ਖੰਡਾ ਹੱਥ ਵਿੱਚ ਚੁੱਕ ਕੇ ਅਕਾਲ ਪੁਰਖ ਅੱਗੇ ਸ਼ਕਤੀ ਪ੍ਰਦਾਨ ਕਰਨ ਦੀ ਅਰਦਾਸ ਕੀਤੀ।

ਬਾਬਾ ਦੀਪ ਸਿੰਘ ਜੀ ਜਦੋਂ ਤਖ਼ਤ ਸ਼੍ਰੀ ਦਮਦਮਾ ਸਾਹਿਬ ਤੋਂ ਅੰਮ੍ਰਿਤਸਰ ਲਈ ਰਵਾਨਾ ਹੋਏ ਤਾਂ ਉਹਨਾਂ ਨਾਲ 20 ਸਿੰਘ ਸਨ। ਜਦ ਉਹ ਮਾਲਵੇ ਦੇ ਇਲਾਕੇ ਵਿੱਚੋਂ ਲੰਘੇ ਤਾਂ ਸਿੰਘਾਂ ਦੀ ਗਿਣਤੀ 5000 ਹੋ ਗਈ। ਬਾਬਾ ਦੀਪ ਸਿੰਘ ਜੀ ਜਥੇ ਸਮੇਤ ਤਰਨਤਾਰਨ ਸਾਹਿਬ ਪਹੁੰਚੇ। ਸ਼੍ਰੀ ਤਰਨਤਾਰਨ ਸਾਹਿਬ ਪਹੁੰਚ ਕੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ ਅਤੇ ਅਰਦਾਸ ਕੀਤੀ। ਪੁਸ਼ਾਕੇ ਬਦਲੇ, ਸ਼ਹੀਦੀ ਗਾਨੇ ਬੰਨ੍ਹ ਲਏ। ਬਾਬਾ ਜੀ ਨੇ ਇੱਕ ਲਕੀਰ ਖਿੱਚ ਕੇ ਕਿਹਾ ਕਿ ਜੋ ਸਿੰਘ ਸ਼ਹੀਦ ਹੋਣ ਲਈ ਤਿਆਰ ਹਨ ਸਿਰਫ਼ ਉਹੀ ਲਕੀਰ ਲੰਘਣ, ਬਾਕੀ ਵਾਪਸ ਚਲੇ ਜਾਣ। ਸਾਰੇ ਸਿੰਘ ਗੁਰਧਾਮਾਂ ਦੀ ਰਾਖੀ ਲਈ ਆਪਾ ਕੁਰਬਾਨ ਕਰਨ ਦੇ ਚਾਉ ਨਾਲ ਜੈਕਾਰੇ ਛੱਡਦੇ ਲਕੀਰ ਲੰਘ (ਟੱਪ) ਗਏ।

ਸ਼੍ਰੀ ਤਰਨਤਾਰਨ ਸਾਹਿਬ ਤੋਂ 8 ਕਿਲੋਮੀਟਰ ਦੀ ਦੂਰੀ ਉੱਤੇ ਸਥਿਤ ਪਿੰਡ ਗੋਹਲਵੜ ਵਿਖੇ ਘਮਸਾਣ ਦਾ ਯੁੱਧ ਹੋਇਆ। ਜਹਾਨ ਖਾਂ ਨੇ 20,000 ਦੀ ਸ਼ਕਤੀਸ਼ਾਲੀ ਸੈਨਾ ਲੈ ਕੇ ਸਿੰਘਾਂ ਉੱਤੇ ਹਮਲਾ ਕਰ ਦਿੱਤਾ। ਬਾਬਾ ਦੀਪ ਸਿੰਘ ਜੀ ਨੇ ਸਿੰਘਾਂ ਨੂੰ ਦੁਸ਼ਮਣ ਦੀਆਂ ਫ਼ੌਜਾਂ 'ਤੇ ਟੁੱਟ ਪੈਣ ਲਈ ਲਲਕਾਰਿਆ। ਇਸ ਜੰਗ ਵਿੱਚ ਬਾਬਾ ਦੀਪ ਸਿੰਘ ਜੀ ਆਪਣੇ 18 ਸੇਰ ਦੇ (ਦੋ ਧਾਰੇ) ਖੰਡੇ ਨਾਲ ਜ਼ਾਲਮਾਂ ਦੇ ਆਹੂ ਲਾਹੁੰਦਿਆਂ ਅੱਗੇ ਵੱਧ ਰਹੇ ਸਨ। ਜਹਾਨ ਖਾਂ ਦੇ ਬਹੁਤ ਸਾਰੇ ਸਿਪਾਹੀ ਦੌੜ ਗਏ ਤੇ ਵੱਡੀ ਗਿਣਤੀ ਵਿੱਚ ਮਾਰੇ ਗਏ। ਬਾਬਾ ਦੀਪ ਸਿੰਘ ਜੀ ਦੇ ਕਈ ਸਾਥੀ ਜੰਗ ਦੌਰਾਨ ਸ਼ਹਾਦਤ ਦਾ ਜਾਮ ਪੀ ਗਏ। ਅਮਾਨ ਖਾਂ ਨਾਲ ਆਹਮਣੇ-ਸਾਹਮਣੇ ਦੀ ਜੰਗ ਦੌਰਾਨ ਦੋਹਾਂ ਦੇ ਸਾਂਝੇ ਵਾਰ ਨਾਲ ਦੋਨਾਂ ਦੇ ਸੀਸ ਧੜ ਨਾਲੋਂ ਅੱਡ ਹੋ ਗਏ। ਅਮਾਨ ਖਾਂ ਦੀ ਤਾਂ ਮੌਕੇ 'ਤੇ ਹੀ ਮੌਤ ਹੋ ਗਈ ਪਰ ਬਾਬਾ ਦੀਪ ਸਿੰਘ ਜੀ ਨੇ ਇੱਕ ਹੱਥ ਦੀ ਤਲੀ ਨਾਲ ਆਪਣੇ ਸੀਸ ਨੂੰ ਸੰਭਾਲਿਆ ਅਤੇ ਦੂਜੇ ਹੱਥ ਨਾਲ ਖੰਡਾ ਚਲਾਉਂਦੇ (ਵਾਹੁੰਦੇ) ਹੋਏ ਅੱਗੇ ਵਧਦੇ ਗਏ। ਬਾਬਾ ਜੀ ਦਾ ਦ੍ਰਿੜ੍ਹ ਨਿਸ਼ਚਾ ਸੀ ਕਿ ਉਹ ਸ਼੍ਰੀ ਦਰਬਾਰ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਨੂੰ ਸਜ਼ਾ ਦੇਣ ਉਪਰੰਤ ਆਪਣਾ ਸੀਸ ਗੁਰੂ ਜੀ ਦੇ ਚਰਨਾਂ ਵਿੱਚ ਭੇਟ ਕਰਕੇ ਹੀ ਸ਼ਹੀਦੀ ਪ੍ਰਾਪਤ ਕਰਨਗੇ। ਬਾਬਾ ਦੀਪ ਸਿੰਘ ਜੀ ਨੂੰ ਪ੍ਰਣ ਚੇਤੇ ਆਇਆ, ਉਹਨਾਂ ਆਪਣਾ ਸੀਸ ਖੱਬੇ ਹੱਥ ਦੀ ਤਲੀ ਨਾਲ ਸੰਭਾਲਦੇ ਹੋਏ, ਜ਼ਾਲਮਾਂ ਨਾਲ ਲੜਦੇ ਹੋਏ, ਸ਼੍ਰੀ ਹਰਿਮੰਦਰ ਸਾਹਿਬ ਦੀ ਪਰਕਰਮਾ ਵਿੱਚ ਆਪਣਾ ਸੀਸ ਭੇਟ ਕਰਕੇ 11 ਨਵੰਬਰ ਸੰਨ 1757 ਈ: ਨੂੰ 75 ਸਾਲ ਦੀ ਉਮਰ ਬਤੀਤ ਕਰਕੇ ਸ਼ਹੀਦੀ ਪ੍ਰਾਪਤ ਕੀਤੀ।

ਬਾਬਾ ਦੀਪ ਸਿੰਘ ਜੀ ਨੇ ਜਿੱਥੇ ਸ਼ਹੀਦੀ ਪ੍ਰਾਪਤ ਕੀਤੀ, ਉਹ ਸਥਾਨ ਸ਼੍ਰੀ ਦਰਬਾਰ ਸਾਹਿਬ ਜੀ ਦੀ ਪਰਕਰਮਾ ਵਿੱਚ ਸਸ਼ੋਭਿਤ ਹੈ। ਸ਼ਹੀਦ ਬਾਬਾ ਦੀਪ ਸਿੰਘ ਜੀ ਅਤੇ ਹੋਰ ਸਿੰਘਾਂ ਦਾ ਜਿੱਥੇ ਸਸਕਾਰ ਕੀਤਾ ਗਿਆ, ਉੱਥੇ ਗੁਰਦੁਆਰਾ ਸ਼ਹੀਦਾਂ ਸਸ਼ੋਭਿਤ ਹੈ। ਬਾਬਾ ਦੀਪ ਸਿੰਘ ਜੀ ਚੈਰੀਟੇਬਲ ਟ੍ਰਸਟ ਅੰਮ੍ਰਿਤਸਰ ਵੱਲੋਂ ਧੰਨ-ਧੰਨ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਿਤੀ 27 ਜਨਵਰੀ ਦਿਨ ਸ਼ਨੀਵਾਰ ਨੂੰ ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਬੜੀ ਸ਼ਰਧਾ ਅਤੇ ਭਾਵਨਾ ਨਾਲ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਪ੍ਰਚਾਰਕ, ਉੱਘੀਆਂ ਸ਼ਖ਼ਸੀਅਤਾਂ ਗੁਰਮਤਿ ਵਿਚਾਰਾਂ ਤੇ ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**-ਕਰਨੈਲ ਸਿੰਘ ਐੱਮ.ਏ. ਲੁਧਿਆਣਾ**
#1138/63-ਏ, ਗੁਰੂ ਤੇ.ਗ ਬਹਾਦਰ ਨਗਰ,
ਗਲੀ ਨੰਬਰ 1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ।



## 27 ਜਨਵਰੀ ਨੂੰ ਜਨਮ ਦਿਹਾੜੇ 'ਤੇ ਵਿਸ਼ੇਸ਼

# ਲਾਸਾਨੀ ਸ਼ਹਾਦਤ ਰਾਹੀਂ ਗੁਰੂ ਘਰ ਨਾਲ ਪ੍ਰੇਮ ਨਿਭਾਉਣ ਵਾਲੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਸ਼ਹੀਦ

- ਸੰਤ ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ








ਸਿੱਖ ਇਤਿਹਾਸ ਵਿੱਚ ਬੜੀ ਸ਼ਰਧਾ ਨਾਲ ਯਾਦ ਕੀਤੇ ਜਾਂਦੇ ਬਹੁਤ ਸਾਰੇ ਮਹਾ ਨਾਇਕਾਂ ਵਿਚੋਂ ਸਿਰਮੌਰ, ਸਿੱਖ ਅਤੇ ਗੈਰ ਸਿੱਖਾਂ ਦੁਆਰਾ ਧਰਮਾਂ ਦੀ ਵੰਡ ਤੋਂ ਉਪਰ ਉੱਠ ਕੇ ਸਤਿਕਾਰੇ ਜਾਂਦੇ ਅਤੇ ਸਦੀਆਂ ਤੋਂ ਜਿਨ੍ਹਾਂ ਦੀ ਵਿਅਕਤੀਤਵ ਵਿਚ ਕੁਲ- ਦੇਵਤਾ ਵਰਗੀ ਖਿੱਚ ਤੇ ਪ੍ਰਤਿਸ਼ਿਠਤ ਪ੍ਰਤਿਭਾ ਰੱਖਣ ਤੋਂ ਇਲਾਵਾ

ਜਉ ਤਉ ਪ੍ਰੇਮ ਖੇਲਨ ਕਾ ਚਾਉ,
ਸਿਰੁ ਧਰਿ ਤਲੀ ਗਲੀ ਮੇਰੀ ਆਉ ॥

ਇਤੁ ਮਾਰਗਿ ਪੈਰੁ ਧਰੀਜੈ, ਸਿਰੁ ਦੀਜੈ ਕਾਣਿ ਨ ਕੀਜੈ ॥ ਦੇ ਮਹਾਨ ਪੰਗਤੀਆਂ ਨੂੰ ਸੱਚ ਕਰਕੇ ਵਿਖਾਉਂਦਿਆਂ ਸ਼ਹਾਦਤ ਦੇ ਕੇ ਗੁਰੂ ਘਰ ਨਾਲ ਪ੍ਰੇਮ ਨਿਭਾਉਣ ਵਾਲੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਸ਼ਹੀਦ ਦਾ ਆਗਮਨ ਕਲਗ.ੀਧਰ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਬਚਨਾਂ ਨਾਲ 14 ਮਾਘ 1739 ਬਿਕਰਮੀ ਨੂੰ ਪਿੰਡ ਪਹੂਵਿੰਡ (ਜ਼ਿਲ੍ਹਾ ਤਰਨ ਤਾਰਨ) ਵਿਚ ਮਾਤਾ ਜਿਊਣੀ ਜੀ ਅਤੇ ਪਿਤਾ ਭਾਈ ਭਗਤਾ ਸਿੰਘ ਜੀ ਦੇ ਘਰ ਹੋਇਆ । ਆਪ ਜੀ ਦਾ ਸੁਭਾਅ ਬੜਾ ਮਿੱਠਾ ਤੇ ਆਚਰਣ ਉੱਚਾ ਸੁੱਚਾ ਸੀ। ਬਚਪਨ 'ਚ ਹੀ ਆਪ

ਆਵਾਜ਼ਿ ਕੌਮ
AWAZE QAUM
International Newspaper & WEB TV

ਜੀ ਮਾਤਾ ਪਿਤਾ ਨਾਲ ਸ੍ਰੀ ਅਨੰਦਪੁਰ ਸਾਹਿਬ ਚਲੇ ਗਏ। ਜਿੱਥੇ ਉਨ੍ਹਾਂ ਧੰਨ ਦਸਮੇਸ਼ ਪਿਤਾ ਹੱਥੋਂ ਅੰਮ੍ਰਿਤਪਾਨ ਕੀਤਾ। ਜਦੋਂ ਵੀ ਸਮਾਂ ਮਿਲਦਾ ਘੋੜ ਸਵਾਰੀ, ਸ਼ਸਤਰ ਵਿੱਦਿਆ ਅਤੇ ਨੇਜ਼ੇਬਾਜ਼ੀ ਦਾ ਅਭਿਆਸ ਕਰਨ ਤੋਂ ਇਲਾਵਾ ਗੁਰਬਾਣੀ ਅਤੇ ਭਜਨ ਬੰਦਗੀ ਵਿਚ ਲੀਨ ਰਹਿਣ ਕਾਰਨ ਆਪ ਜੀ ਗੁਰੂ ਸਾਹਿਬ ਦੇ ਨਜ਼ਦੀਕੀਆਂ 'ਚ ਗਿਣੇ ਗਏ। ਜਦੋਂ ਮਾਤਾ ਪਿਤਾ ਜੀ ਵੱਲੋਂ ਆਪ ਜੀ ਨੂੰ ਪਿੰਡ ਲਿਜਾਣ ਦੀ ਗੁਰੂ ਸਾਹਿਬ ਤੋਂ ਆਗਿਆ ਲਈ, ਮਗਰੋਂ ਸ੍ਰੀ ਅਨੰਦਪੁਰ ਸਾਹਿਬ 'ਤੇ ਪਹਾੜੀ ਰਾਜਿਆਂ ਅਤੇ ਮੁਗ.ਲ ਹਕੂਮਤ ਵੱਲੋਂ ਹਮਲਾ ਕਰ ਦਿੱਤਾ ਗਿਆ । ਜਿਸ ਕਾਰਨ ਗੁਰੂ ਸਾਹਿਬ ਦਾ ਪਰਿਵਾਰ ਅਤੇ ਗੁਰਸਿੱਖਾਂ ਨੂੰ ਅਨੰਦਪੁਰ ਸਾਹਿਬ ਛੱਡਣਾ ਪਿਆ। ਮੁਕਤਸਰ ਦੀ ਜੰਗ ਵਿਚ ਭਾਈ ਮਹਾਂ ਸਿੰਘ ਦੀ ਬੇਨਤੀ 'ਤੇ 40 ਸਿੰਘਾਂ ਦੀ ਟੁੱਟੀ ਗੰਢਣ ਤੋਂ ਉਪਰੰਤ ਸ੍ਰੀ ਦਸਮੇਸ਼ ਪਿਤਾ ਜੀ ਸੰਨ 1705 ਵਿਚ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ ਪਹੁੰਚੇ ਤਾਂ ਗੁਰੂ ਸਾਹਿਬ ਜੀ ਦੇ ਬੁਲਾਵੇ 'ਤੇ ਬਾਬਾ ਦੀਪ ਸਿੰਘ ਜੀ ਨੇ ਭਾਈ ਮਨੀ ਸਿੰਘ ਜੀ ਦੇ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਲਿਖਣ ਵਿੱਚ ਮਦਦ ਕੀਤੀ। ਇਸ ਮਹਾਨ ਕਾਰਜ ਦੀ ਸੰਪੂਰਨਤਾ ਉਪਰੰਤ ਸਤਿਗੁਰਾਂ ਵੱਲੋਂ ਬਾਬਾ ਜੀ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਦਾ ਜਥੇਦਾਰ ਅਤੇ ਦਮਦਮੀ ਟਕਸਾਲ ਦੇ ਮੁਖੀ ਥਾਪਦਿਆਂ ਸੰਗਤ ਨੂੰ ਗੁਰਬਾਣੀ ਦਾ ਸੁੱਧ ਉਚਾਰਨ ਸਰਵਣ ਕਰਾਉਣ ਅਤੇ ਅਰਥ ਪੜ੍ਹਾਉਣ ਦੀ ਸੇਵਾ ਸੌਂਪੀ। ਇਸ ਤੋਂ ਇਲਾਵਾ ਬਾਬਾ ਜੀ ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਸਨ, ਜਿਨ੍ਹਾਂ ਨੂੰ ਸੰਨ 1748 ਵਿਚ ਅੰਮ੍ਰਿਤਸਰ ਵਿਖੇ ਸਰਬੱਤ ਖ਼ਾਲਸਾ ਵਿਚ ਸ਼ਹੀਦੀ ਮਿਸਲ ਦਾ ਮੁਖੀ ਥਾਪਿਆ ਗਿਆ। ਦਸਮੇਸ਼ ਪਿਤਾ ਜੀ ਜਦੋਂ ਦੱਖਣ 'ਚ ਸ੍ਰੀ ਹਜ਼ੂਰ ਸਾਹਿਬ ਗਏ ਤਾਂ ਬਾਬਾ ਦੀਪ ਸਿੰਘ ਜੀ ਸ਼ਹੀਦ ਗੁਰੂ ਸਾਹਿਬ ਜੀ ਦੇ ਨਾਲ ਹੀ ਸਨ, ਜਿਸ ਸਮੇਂ ਗੁਰੂ ਸਾਹਿਬ ਜੀ ਨੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਤਾ ਗੱਦੀ 'ਤੇ ਸੁਸ਼ੋਭਿਤ ਕੀਤਾ, ਉਸ ਸਮੇਂ ਭਾਈ ਮਨੀ ਸਿੰਘ ਜੀ ਨੇ ਤਾਬਿਆ ਚੌਰ ਸਾਹਿਬ ਜੀ ਦੀ ਸੇਵਾ ਕੀਤੀ ਅਤੇ ਬਾਬਾ ਦੀਪ ਸਿੰਘ ਜੀ, ਪਿਆਰੇ ਧਰਮ ਸਿੰਘ ਜੀ, ਭਾਈ ਹਰਿ ਸਿੰਘ ਜੀ, ਭਾਈ ਸੰਤੋਖ ਸਿੰਘ ਜੀ, ਭਾਈ ਗੁਰਬਖ਼ਸ਼ ਸਿੰਘ ਸ਼ਹੀਦ ਜੀ ਨੂੰ ਦਸਮੇਸ਼ ਪਿਤਾ ਜੀ ਨੇ ਪੰਜਾਂ ਪਿਆਰਿਆਂ ਦੇ ਰੂਪ ਵਿਚ ਆਪਣੇ ਪਾਸ ਖੜ੍ਹੇ ਕਰਕੇ ਗੁਰਤਾ ਗੱਦੀ ਦਾ ਅਰਦਾਸਾ ਸੋਧਣਾ ਕੀਤਾ। ਬਾਅਦ ਵਿਚ ਬਾਬਾ ਦੀਪ ਸਿੰਘ ਜੀ ਨੇ ਸਤਿਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੀ ਆਗਿਆ ਅਨੁਸਾਰ ਦਮਦਮਾ ਸਾਹਿਬ ਵਿਖੇ ਗੁਰਬਾਣੀ ਦਾ ਸ਼ੁੱਧ ਪਾਠ, ਗੁਰਬਾਣੀ ਦੀ ਵਿਆਖਿਆ, ਗੁਰਦੁਆਰਿਆਂ ਦੀ ਸੇਵਾ ਸੰਭਾਲ ਕੀਤੀ। ਸਵੇਰੇ ਸ਼ਾਮ ਗੁਰੂ ਕਾ ਲੰਗਰ ਅਤੁੱਟ ਵਰਤਦਾ, ਰਾਤ ਨੂੰ ਢਾਡੀ ਵਾਰਾਂ ਗਾਉਂਦੇ, ਸੰਗਤਾਂ ਵਿਚ ਬੀਰ ਰਸ ਦਾ ਉਤਸ਼ਾਹ ਭਰਿਆ ਜਾਂਦਾ।

ਬਾਬਾ ਜੀ ਨੇ ਸੰਨ 1708 ਤੋਂ 1715 ਤਕ ਭਾਈ ਗੁਰਬਖ਼ਸ਼ ਸਿੰਘ ਜਿਸ ਨੂੰ ਅਸੀਂ ਸਾਰੇ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ ਨਾਲ ਜਾਣ ਦੇ ਹਾਂ ਦੀ ਹਰ ਯੁੱਧ ਅਤੇ ਹਰ ਮੁਹਿੰਮ ਵਿਚ ਸਹਾਇਤਾ ਕੀਤੀ। ਸਰਹੰਦ ਨੂੰ ਫ਼ਤਿਹ ਕਰਨ ਉਪਰੰਤ ਬਾਬਾ ਬੰਦਾ ਸਿੰਘ ਬਹਾਦਰ ਬਾਬਾ ਦੀਪ ਸਿੰਘ ਜੀ ਨਾਲ ਅਨੰਦਪੁਰ ਸਾਹਿਬ ਪਹੁੰਚੇ, ਜਿੱਥੇ ਬਾਬਾ ਜੀ ਦੀ ਰਸਣਾ ਤੋਂ ਤਿੰਨ ਮਹੀਨੇ ਤਕ ਗੁਰਬਾਣੀ ਕਥਾ ਸਰਵਣ ਕੀਤਾ। ਉਹ ਬਾਬਾ ਦੀਪ ਸਿੰਘ ਜੀ ਤੋਂ ਬਹੁਤ ਪ੍ਰਭਾਵਿਤ ਸਨ ਅਤੇ ਬਹੁਤ ਸਤਿਕਾਰ ਕਰਿਆ ਕਰਦੇ ਸਨ। ਇਥੇ ਹੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਗੁਰੂ ਪੰਥ ਨੇ ਚੱਪੜਚਿੜੀ ਦੇ ਮੈਦਾਨ ਵਿਚ ਦਿਖਾਏ ਜੌਹਰ ਨੂੰ ਲੈ ਕੇ ਬਾਬਾ ਦੀਪ ਸਿੰਘ ਜੀ ਨੂੰ ਸ਼ਹੀਦ ਦਾ ਮਹਾਨ ਖ਼ਿਤਾਬ ਬਖ਼ਸ਼ਿਸ਼ ਕੀਤਾ। ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ ਤੋਂ ਬਾਅਦ ਜਦ ਬੰਦਈ ਖ਼ਾਲਸਾ ਅਤੇ ਤੱਤ ਖ਼ਾਲਸੇ ਦਾ ਝਗੜਾ ਬਹੁਤ ਵਧ ਗਿਆ ਤਾਂ ਬਾਬਾ ਦੀਪ ਸਿੰਘ ਜੀ ਅਤੇ ਭਾਈ ਮਨੀ ਸਿੰਘ ਜੀ ਨੇ ਹੀ ਦੋਹਾਂ ਧਿਰਾਂ ਦਾ ਫ਼ੈਸਲਾ ਇਕ ਪਰਚੀ 'ਤੇ ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਿਹ ਅਤੇ ਦੂਜੀ 'ਤੇ ਫ਼ਤਿਹ ਦਰਸ਼ਨ ਲਿਖ ਗੁਰੂ ਅੱਗੇ ਅਰਦਾਸ ਕਰਦਿਆਂ ਅੰਮ੍ਰਿਤ ਸਰੋਵਰ 'ਚ ਪਰਚੀਆਂ ਪਾ ਕੇ ਝਗੜਾ ਨਿਬੇੜਿਆ।



1716 ਈ: ਵਿਚ ਬਾਬਾ ਬੰਦਾ ਸਿੰਘ ਬਹਾਦਰ ਦੇ ਵੱਖ ਹੋਣ 'ਤੇ ਬਾਬਾ ਦੀਪ ਸਿੰਘ ਜੀ ਨੇ ਦਮਦਮਾ ਸਾਹਿਬ ਮੁੜ ਆਨ ਡੇਰਾ ਲਾਇਆ। ਪੰਥ ਦੀ ਸੇਵਾ ਬਹੁਤ ਸ਼ਰਧਾ ਤੇ ਪ੍ਰੇਮ ਸਹਿਤ ਨਿਭਾਈ। ਆਪ ਖ਼ੁਦ ਗੁਰਬਾਣੀ ਦੇ ਅਭਿਲਾਸ਼ੀ ਅਤੇ ਰਸੀਏ ਹੋਣ ਕਰਕੇ ਵਿਸ਼ੇਸ਼ ਦਿਲਚਸਪੀ ਨਾਲ ਇਹ ਕਾਰਜ ਕਰਦੇ ਅਤੇ ਸਥਾਨਕ ਸੰਗਤਾਂ ਨੂੰ ਸਿੱਖੀ ਤੋਂ ਜਾਣੂ ਕਰਵਾਉਂਦੇ ਸਨ। ਇਸ ਸਮੇਂ ਦੌਰਾਨ ਬਾਬਾ ਦੀਪ ਸਿੰਘ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਚਾਰ ਬੀੜਾਂ ਦਾ ਆਪਣੇ ਹੱਥੀਂ ਉਤਾਰਾ ਕੀਤਾ ਅਤੇ ਤਖ਼ਤ ਸਾਹਿਬਾਨਾਂ 'ਤੇ ਸੁਸ਼ੋਭਿਤ ਕਰਾਏ। ਆਪ ਜੀ ਅਰਬੀ ਫ਼ਾਰਸੀ ਦੇ ਵੀ ਵਿਦਵਾਨ ਸਨ ਸੋ ਆਪ ਜੀ ਨੇ ਅਰਬੀ ਭਾਸ਼ਾ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਉਤਾਰਾ ਕਰ ਕੇ ਅਰਬ ਦੇਸ਼ 'ਚ ਸਿੱਖਾਂ ਨੂੰ ਭਿਜਵਾਇਆ। ਅਰਬ ਦੇਸ਼ ਦੇ ਲੋਕ ਉਸ ਬੀੜ ਦਾ ਬਹੁਤ ਸਤਿਕਾਰ ਕਰਿਆ ਕਰਦੇ ਹਨ।

ਜਦ 1733 'ਚ ਜ਼ਕਰੀਆ ਖਾਨ ਵੱਲੋਂ ਦਿਲੀ ਦੇ ਬਾਦਸ਼ਾਹ ਮੁਹੰਮਦ ਸ਼ਾਹ ਰੰਗੀਲਾ ਦੀ ਮਨਜ਼ੂਰੀ ਨਾਲ ਸਿੰਘਾਂ ਨਾਲ ਸੁਲਾਹ ਕਰਨ ਲਈ ਭਾਈ ਸੁਬੇਗ ਸਿੰਘ ਰਾਹੀਂ ਨਵਾਬੀ ਦੀ ਖਿੱਲਤ ( ਪੁਸ਼ਾਕ) ਦੇ ਕੇ ਅੰਮ੍ਰਿਤਸਰ ਭੇਜਿਆ ਗਿਆ, ਤਾਂ ਪੰਥ ਨੇ ਫ਼ੈਸਲਾ ਲੈ ਕੇ ਉਸ ਵਕਤ ਸੰਗਤਾਂ ਨੂੰ ਪੱਖਾ ਝੱਲ ਰਹੇ ਅਤੇ ਖ਼ਾਲਸੇ ਦੇ ਘੋੜਿਆਂ ਸੇਵਾ ਕਰਨ ਵਾਲੇ ਪੰਥ ਦੇ ਮਹਾਨ ਸੇਵਾਦਾਰ ਕਪੂਰ ਸਿੰਘ ਫੈਜਲਪੁਰੀਆ ਨੂੰ ਨਵਾਬੀ ਦੇਣ ਦਾ ਫ਼ੈਸਲਾ ਕੀਤਾ ਤਾਂ ਉਨ੍ਹਾਂ ਵੀ ਉਸ ਖਿੱਲਤ ਨੂੰ ਪੰਜ ਪਿਆਰਿਆਂ ਦੇ ਚਰਨਾਂ ਨਾਲ ਛੁਹਾਉਣ ਦੀ ਸ਼ਰਤ ਰੱਖੀ। ਉਸ ਵਕਤ ਨਵਾਬੀ ਭੇਟਾ ਨੂੰ ਜਿਨ੍ਹਾਂ ਪੰਜ ਪਿਆਰਿਆਂ ਦੇ ਚਰਨਾਂ ਨਾਲ ਛੁਹਾਇਆ ਗਿਆ ਉਨ੍ਹਾਂ 'ਚ ਬਾਬਾ ਦੀਪ ਸਿੰਘ ਜੀ ਤੋਂ ਇਲਾਵਾ ਭਾਈ ਕਰਮ ਸਿੰਘ ਕਰਤਾਰਪੁਰ ਵਾਲੇ, ਭਾਈ ਹੀਰਾ ਸਿੰਘ ਹਜ਼ੂਰੀਆ, ਭਾਈ ਬੁੱਧ ਸਿੰਘ ਸੁਕਰਚੱਕੀਆ ( ਮਹਾਰਾਜਾ ਰਣਜੀਤ ਸਿੰਘ ਦਾ ਪੜਦਾਦਾ) ਤੇ ਭਾਈ ਜੱਸਾ ਸਿੰਘ ਰਾਮਗੜ੍ਹੀਆ ਵੀ ਸ਼ਾਮਿਲ ਸਨ। ਇਹ ਸਮਝੌਤਾ 1735 ਤਕ ਰਿਹਾ। ਉਪਰੰਤ ਸਿੰਘਾਂ ਨੂੰ ਅੰਮ੍ਰਿਤਸਰ ਛੱਡਣਾ ਪਿਆ। ਇਸੇ ਦੌਰਾਨ ਭਾਈ ਮਨੀ ਸਿੰਘ ਨੂੰ ਸ਼ਹਾਦਤ ਦਾ ਜਾਮ ਪੀਣਾ ਪਿਆ, ਉਪਰੰਤ ਪੰਥ ਦੀ ਜ਼ਿੰਮੇਵਾਰੀ ਸੰਭਾਲਣ 'ਚ ਬਾਬਾ ਦੀਪ ਸਿੰਘ ਜੀ ਦੀ ਮੁੱਖ ਭੂਮਿਕਾ ਰਹੀ।

ਜਥੇਦਾਰ ਦੀਵਾਨ ਦਰਬਾਰਾ ਸਿੰਘ ਜੀ ਦੇ ਸੱਚਖੰਡ ਪਿਆਨੇ ਤੋਂ ਬਾਅਦ 1734 ਈ: 'ਚ ਸਮੇਂ ਦੀ ਲੋੜ ਮੁਤਾਬਿਕ ਤਰਨਾ ਦਲ ਅਤੇ ਬੁੱਢਾ ਦਲ ਦੇ ਰੂਪ 'ਚ ਸਿੱਖ ਜਥੇ ਬਣਾਏ ਗਏ। ਤਰਨਾ ਦਲ ਪੰਚ ਹਿੱਸਿਆਂ 'ਚ ਵੰਡਿਆ ਗਿਆ। ਇਕ ਜਥੇ ਦਾ ਜਥੇਦਾਰ ਬਾਬਾ ਦੀਪ ਸਿੰਘ ਜੀ ਨੂੰ ਬਣਾਇਆ ਗਿਆ ਜਿਸ ਦੇ ਜਥੇ 'ਚ 2 ਹਜ਼ਾਰ ਘੋੜ ਸਵਾਰ ਹਰ ਸਮੇਂ ਤਿਆਰ ਭਰ ਤਿਆਰ ਰਹਿੰਦੇ ਸਨ। ਜਦ 1740 'ਚ ਮਸੇ ਰੰਘੜ ਵੱਲੋਂ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕੀਤੀ ਗਈ ਤਾਂ ਬਾਬਾ ਜੀ ਦੇ ਜਥੇ ਦੇ ਜਥੇਦਾਰ ਬਾਬਾ ਬੁੱਢਾ ਸਿੰਘ ਦੇ ਜਥੇ ਦੇ ਸਿੰਘ ਭਾਈ ਸੁਖਾ ਸਿੰਘ ਭਾਈ ਮਹਿਤਾਬ ਸਿੰਘ ਨੇ ਹੀ ਮਸੇ ਦਾ ਸਿਰ ਵੱਢ ਕੇ ਬਾਬਾ ਜੀ ਅੱਗੇ ਲਿਆ ਪੇਸ਼ ਕੀਤਾ। 1748 'ਚ ਸਿੱਖਾਂ ਦੇ ਵੱਖ ਵੱਖ 65 ਵੱਡੇ ਛੋਟੇ ਜਥਿਆਂ ਨੂੰ 12 ਵੱਡੇ ਜਥਿਆਂ ਨੂੰ ਮਿਸਲਾਂ ਵਿਚ ਸੰਗਠਿਤ ਕਰ ਦਿੱਤਾ ਗਿਆ। ਤੇ ਰਾਖੀ ਪ੍ਰਣਾਲੀ ਲਾਗੂ ਕਰ ਦਿੱਤੀ ਗਈ। ਜਿਸ ਤਹਿਤ ਸਿੰਘਾਂ ਦੇ ਜਥੇ ਰਾਖੀ ਵਾਲੇ ਪਿੰਡਾਂ ਦੀ ਜਾਨ ਮਾਲ ਦੀ ਰਾਖੀ ਕਰਿਆ ਕਰਦੇ ਸਨ।

ਖ਼ਾਲਸੇ ਨੇ ਮਜ਼ਲੂਮ ਤੇ ਗ.ਰੀਬ ਦੀ ਰੱਖਿਆ ਅਤੇ ਅਨਿਆਂਈਂ ਵਿਰੁੱਧ ਡਟ ਕੇ ਪਹਿਰਾ ਦੇਣ ਦੀ ਸਿੱਖ ਪਰੰਪਰਾ ਉੱਪਰ ਹਮੇਸ਼ਾਂ ਪਹਿਰਾ ਦਿੱਤਾ। 1757 ਈ. ਵਿਚ ਜਦੋਂ ਅਹਿਮਦ ਸ਼ਾਹ ਅਬਦਾਲੀ ਦਿੱਲੀ, ਆਗਰਾ, ਮਥੁਰਾ ਤੋਂ ਲੁੱਟ-ਮਾਰ ਦੀ ਧੰਨ ਦੌਲਤ ਅਤੇ ਬੇਕਸੂਰ ਨੌਜਵਾਨ ਲੜਕੀਆਂ ਨੂੰ ਬੰਦੀ ਬਣਾ ਕੇ ਅਫ਼ਗ.ਾਨਿਸਤਾਨ ਲੈ ਜਾ ਰਿਹਾ ਸੀ ਤਾਂ ਬਾਬਾ ਜੀ ਦੇ ਜਥੇ ਨੇ ਹਮਲਾ ਬੋਲ ਕੇ ਲੁੱਟਿਆ ਹੋਇਆ ਖ਼ਜ਼ਾਨਾ ਅਤੇ ਲੜਕੀਆਂ ਨੂੰ ਛਡਾ ਲਿਆ । ਇਸ ਕਾਰਨ ਅਬਦਾਲੀ ਗ.ੁੱਸੇ ਵਿਚ ਆ ਗਿਆ ਅਤੇ ਲਾਹੌਰ ਜਾ ਕੇ ਆਪਣੇ ਪੁੱਤਰ ਸ਼ਿਹਜ਼ਾਦੇ ਤੈਮੂਰ ਸ਼ਾਹ ਨੂੰ ਪੰਜਾਬ ਦਾ ਰਾਜ ਸੌਂਪ ਅਤੇ ਜਨਰਲ ਜਾਹਾਨ ਖ਼ਾਨ ਅਧੀਨ 10000 ਫ਼ੌਜ ਛੱਡ ਕੇ ਖ਼ੁਦ ਵਾਪਸ ਕਾਬਲ ਚਲਾ ਗਿਆ ਅਤੇ ਫ਼ਰਮਾਨ ਜਾਰੀ ਕਰ ਦਿੱਤਾ ਕਿ ਅੰਮ੍ਰਿਤਸਰ ਸ਼ਹਿਰ ਅਤੇ ਦਰਬਾਰ ਸਾਹਿਬ ਦੋਹਾਂ ਦਾ ਤਹਿਸ-ਨਹਿਸ ਕਰ ਦਿੱਤਾ ਜਾਵੇ । ਹੁਕਮ ਦੀ ਤਾਮੀਲ ਹੁੰਦਿਆਂ ਹੀ ਹਰਿਮੰਦਰ ਸਾਹਿਬ ਦੀ ਬੇਅਦਬੀ ਸ਼ੁਰੂ ਹੋ ਗਈ । ਉਸ ਵਕਤ ਬਾਬਾ ਜੀ ਤਲਵੰਡੀ ਸਾਬੋ ਹੀ ਸਨ ਅਤੇ ਇਹ ਖ਼ਬਰ ਸੁਣਦਿਆਂ ਹੀ ਬਾਬਾ ਜੀ ਨੇ ਗ.ੁੱਸੇ ਅਤੇ ਰੋਹ ਵਿਚ ਆ ਕੇ ਆਪਣਾ ਖੰਡਾ ਧੂਹਿਆ ਅਤੇ ਸਿੱਖ ਸੰਗਤ ਨੂੰ ਅੰਮ੍ਰਿਤਸਰ ਵਹੀਰਾਂ ਘੱਤਣ ਲਈ ਵੰਗਾਰਿਆ । ਬਾਬਾ ਜੀ ਨੇ ਅੰਮ੍ਰਿਤਸਰ ਪਹੁੰਚ ਕੇ ਦਰਬਾਰ ਸਾਹਿਬ ਨੂੰ ਮੁਕਤ ਕਰਾਉਣ ਦੀ ਪ੍ਰਤਿੱਗਿਆ ਕਰਕੇ ਤਕਰੀਬਨ ਪੰਜ ਸੌ ਸਿੰਘਾਂ ਦੇ ਜਥੇ ਨਾਲ ਅੰਮ੍ਰਿਤਸਰ ਨੂੰ ਵਹੀਰਾਂ ਘੱਤ ਦਿੱਤੀਆਂ।

ਤਰਨ ਤਾਰਨ ਪਹੁੰਚਦਿਆਂ ਤੱਕ ਜਥੇ ਦੀ ਗਿਣਤੀ ਤਕਰੀਬਨ 5000 ਤੱਕ ਹੋ ਗਈ । ਇਥੇ ਬਾਬਾ ਜੀ ਨੇ ਖੰਡੇ ਨਾਲ ਲਕੀਰ ਖਿੱਚ ਕੇ ਆਪਣੇ ਲਸ਼ਕਰ ਨੂੰ ਲਲਕਾਰਿਆ ਕਿ ਜਿਹੜਾ ਸਿੰਘ ਸ਼ਹੀਦੀ ਤੋਂ ਨਾ ਡਰਦਾ ਹੋਵੇ ਉਹੀ ਇਸ ਨੂੰ ਪਾਰ ਕਰੇ । ਸਾਰੇ ਸਿੰਘ ਜੈਕਾਰੇ ਛੱਡਦੇ ਹੋਏ ਲਕੀਰ ਪਾਰ ਕਰ ਗਏ । ਇਥੇ ਗੁਰਦੁਆਰਾ ਲਕੀਰ ਸਾਹਿਬ ਸੁਸ਼ੋਭਿਤ ਹੈ । ਸਿੰਘਾਂ ਦੇ ਪਹੁੰਚਣ ਦੀ ਖ਼ਬਰ ਜਹਾਨ ਜਾਨ ਨੂੰ ਵੀ ਲੱਗ ਗਈ ਅਤੇ ਉਹ ਵੀ ਤਕਰੀਬਨ 35000 ਦਾ ਲਸ਼ਕਰ ਲੈ ਕੇ ਸਿੰਘਾਂ ਦਾ ਮੁਕਾਬਲਾ ਕਰਨ ਲਈ ਨਿਕਲ ਪਿਆ ਅਤੇ ਦੋਵਾਂ ਫ਼ੌਜਾਂ ਦਾ ਟਾਕਰਾ ਪਿੰਡ ਗੋਹਲਵੜ ਦੇ ਲਾਗੇ ਹੋਇਆ । ਘਮਸਾਣ ਦਾ ਯੁੱਧ ਸ਼ੁਰੂ ਹੋਇਆ ਅਤੇ ਸਿੰਘ ਦੁਸ਼ਮਣ ਨੂੰ ਪਛਾੜਦੇ ਹੋਏ ਪਿੰਡ ਚੱਬਾ ਪਾਰ ਕਰ ਗਏ । ਪਿੰਡ ਚੱਬਾ ਤੇ ਪਿੰਡ ਗੁਰੂ ਵਾਲੀ ਦੇ ਵਿਚਕਾਰ ਪਹੁੰਚਣ ਤੇ ਬਾਬਾ ਜੀ ਅਤੇ ਜਹਾਨ ਖ਼ਾਨ ਦਾ ਆਮੋ ਸਾਹਮਣੇ ਘਮਸਾਣ ਦਾ ਮੁਕਾਬਲਾ ਹੋਇਆ, ਜਿਸ ਵਿੱਚ ਸਾਂਝੇ ਵਾਰ ਨਾਲ ਦੋਵਾਂ ਯੋਧਿਆਂ ਦੇ ਸਿਰ ਧੜਾਂ ਨਾਲੋਂ ਅਲੱਗ ਹੋ ਗਏ । ਇਹ ਦੇਖ ਕੇ ਇਕ ਨੌਜਵਾਨ ਸਿੰਘ ਨੇ ਬਾਬਾ ਜੀ ਨੂੰ ਅੰਮ੍ਰਿਤਸਰ ਪਹੁੰਚਣ ਦੀ ਪ੍ਰਤਿੱਗਿਆ ਚੇਤੇ ਕਰਵਾਈ । ਬਾਬਾ ਜੀ ਝੱਟ ਉੱਠ ਖੜ੍ਹੇ ਹੋਏ ਅਤੇ ਆਪਣਾ ਸੀਸ ਖੱਬੀ ਤਲੀ ਤੇ ਰੱਖ ਕੇ ਅਤੇ ਸੱਜੇ ਹੱਥ ਨਾਲ ਖੰਡਾ ਖੜਕਾਉਂਦੇ ਹੋਏ ਯੁੱਧ ਕਰਨਾ ਸ਼ੁਰੂ ਕਰ ਦਿੱਤਾ । ਬਿਨਾਂ ਸੀਸ ਤੋਂ ਯੁੱਧ ਹੁੰਦਾ ਵੇਖ ਕੇ ਮੁਗ.ਲ ਫ਼ੌਜ ਵਿਚ ਭਾਜੜਾਂ ਪੈ ਗਈਆਂ ਅਤੇ ਤੁਰਕ ਬਿਨਾਂ ਯੁੱਧ ਕੀਤੇ ਹੀ ਮੈਦਾਨ ਛੱਡ ਕੇ ਤਿੱਤਰ-ਬਿਤਰ ਹੋ ਗਏ । ਬਾਬਾ ਜੀ ਨੇ ਯੁੱਧ ਕਰਦੇ ਹੋਏ ਅੰਮ੍ਰਿਤਸਰ ਪਹੁੰਚ ਕੇ ਆਪਣਾ ਸੀਸ ਪਰਿਕਰਮਾ ਵਿਚ ਭੇਂਟ ਕਰਕੇ ਸ਼ਹੀਦੀ ਪ੍ਰਾਪਤ ਕੀਤੀ ਅਤੇ ਸੱਚਖੰਡ ਜਾ ਬਿਰਾਜੇ ।


ਗਿਆਨੀ ਗਿਆਨ ਸਿੰਘ 'ਤਵਾਰੀਖ ਗੁਰੂ ਖ਼ਾਲਸਾ' ਅਨੁਸਾਰ ਇਸ ਯੁੱਧ 'ਚ ਸਰਾਇ ਗੋਤ ਦਾ ਜੱਟ ਮਹਿਤ ਸਿੰਘ ਵੀ ਬਿਨ ਸੀਸ ਚਾਟੀਵਿੰਡ ਤਕ ਲੜਿਆ। "ਜੱਟ ਸਰਾਇ ਮਹਿਤ ਸਿੰਘ ਤਯੋਂ ਹੀ ... ਲਰਯੋ ਕਬੰਧ ਤਾਂਹਿ ਕਾ ਭਾਰਾ"। ਜਥੇਦਾਰ ਰਾਮ ਸਿੰਘ ਵੀ ਬਿਨਾ ਸੀਸ ਲੜਿਆ, "ਲਰਯੋ ਕਬੰਧ ਰਾਮ ਸਿੰਘ ਕੇਰਾ" । ਬੀਸ ਹਜ਼ਾਰੀ ਜ਼ਬਰਦਸਤ ਖਾਂ ਨਾਲ ਭਾਈ ਬਲਵੰਤ ਸਿੰਘ ਅਤੇ ਮੀਰ ਜਾਨ ਖਾਂ ਨੇ ਬਾਬੇ ਨੌਧ ਸਿੰਘ ਗਿੱਲ ਨਾਲ ਦਵੰਦ ਯੁੱਧ ਕੀਤਾ। ਬਾਬਾ ਨੌਧ ਸਿੰਘ ਜੀ ਜਿੱਥੇ ਸ਼ਹੀਦੀ ਪਾ ਗਏ ਉਸ ਥਾਂ ਤਰਨ ਤਾਰਨ ਰੋਡ 'ਤੇ ਯਾਦਗਾਰੀ ਗੁਰਦੁਆਰਾ ਸਾਹਿਬ ਸੁਭਾਇਮਾਨ ਹੈ। ਇਸੇ ਤਰਾਂ ਧਰਮ ਤੇ ਕੌਮ ਦੀ ਸ਼ਾਨ ਬਦਲੇ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲਿਆਂ 'ਚ ਬਾਬਾ ਦੀਪ ਸਿੰਘ ਜੀ ਦੇ ਨਾਮਵਰ ਸਾਥੀ ਸਿੰਘਾਂ ਜਥੇਦਾਰ ਰਾਮ ਸਿੰਘ, ਜਥੇਦਾਰ ਸਜਣ ਸਿੰਘ, ਜਥੇਦਾਰ ਬਹਾਦਰ ਸਿੰਘ, ਜਥੇਦਾਰ ਹੀਰਾ ਸਿੰਘ, ਭਾਈ ਨਿਹਾਲ ਸਿੰਘ, ਭਾਈ ਸੰਤ ਸਿੰਘ, ਭਾਈ ਕੌਰ ਸਿੰਘ, ਭਾਈ ਸੁੱਧਾ ਸਿੰਘ, ਭਾਈ ਬਸੰਤ ਸਿੰਘ, ਭਾਈ ਬੀਰ ਸਿੰਘ, ਭਾਈ ਮੰਨਾ ਸਿੰਘ, ਭਾਈ ਹੀਰਾ ਸਿੰਘ, ਭਾਈ ਗੰਡਾ ਸਿੰਘ, ਭਾਈ ਲਹਿਣਾ ਸਿੰਘ, ਭਾਈ ਗੁਪਾਲ ਸਿੰਘ, ਭਾਈ ਰਣ ਸਿੰਘ, ਭਾਈ ਭਾਗ ਸਿੰਘ, ਭਾਈ ਨੱਥਾ ਸਿੰਘ,ਭਾਈ ਬਾਲ ਸਿੰਘ,ਭਾਈ ਤਾਰਾ ਸਿੰਘ ਕੰਗ ਵੀ ਸ਼ਾਮਿਲ ਸਨ । ਧਰਮ ਤੋਂ ਪ੍ਰੇਰਿਤ ਸਾਡੇ ਬਜ਼ੁਰਗਾਂ ਵੱਲੋਂ ਕੀਤੇ ਗਏ ਕਾਰਨਾਮੇ ਕੌਮਾਂ ਦੀ ਸਮੁੱਚੀ ਚੇਤਨਤਾ - ਸਿਮ੍ਰਤੀਆਂ ਦਾ ਹਿੱਸਾ ਹੋ ਕੇ ਆਉਣ ਵਾਲੀਆਂ ਪੀੜੀਆਂ ਲਈ ਪ੍ਰੇਰਣਾ ਸਰੋਤ ਹੋ ਨਿੱਬੜਦੀਆਂ ਹਨ।

ਸ੍ਰੀ ਹਰਿਮੰਦਰ ਸਾਹਿਬ ਦੀਆਂ ਪ੍ਰਕਰਮਾ ਵਿਚ ਜਿੱਥੇ ਬਾਬਾ ਜੀ ਨੇ ਸੀਸ ਭੇਟ ਕੀਤਾ ਸੀ, ਉੱਥੇ ਯਾਦਗਾਰੀ ਗੁਰਦੁਆਰਾ ਸਾਹਿਬ ਸੁਭਾਇਮਾਨ ਹੈ। ਜਿੱਥੇ ਬਾਬਾ ਜੀ ਅਤੇ ਸਾਥੀ ਸਿੰਘਾਂ ਦਾ ਸਸਕਾਰ ਕੀਤਾ ਗਿਆ ਉਸ ਤਰਨ ਤਾਰਨ ਵਾਲੀ ਸੜਕ 'ਤੇ 'ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ' ਸੁਸ਼ੋਭਿਤ ਹਨ। ਪਿੰਡ ਚਬਾ ਅਤੇ ਪਿੰਡ ਗੁਰੂ ਵਾਲੀ ਦੇ ਵਿਚਕਾਰ ਮੈਦਾਨ ਏ ਜੰਗ ਵਿਚ ਜਿੱਥੇ ਬਾਬਾ ਦੀਪ ਸਿੰਘ ਜੀ ਦਾ ਸੀਸ ਧੜ ਨਾਲੋਂ ਜੁਦਾ ਹੋਇਆ, ਉੱਥੇ ਹੁਣ ਸ਼ਾਨਦਾਰ ਅਤੇ ਅਤਿ ਸੁੰਦਰ ਗੁਰਦੁਆਰਾ ਟਾਹਲਾ ਸਾਹਿਬ ਸੁਭਾਇਮਾਨ ਹੈ। ਇੱਥੇ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਮੱਥਾ ਟੇਕਣ ਅਤੇ ਸੇਵਾ ਕਰਕੇ ਮੁਰਾਦਾਂ ਪਾਉਣ ਆਉਂਦੀਆਂ ਹਨ।

**ਲੇਖਕ - ਸੰਤ ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ,**
**(ਮੁੱਖ ਸੇਵਾਦਾਰ ਗੁਰਦੁਆਰਾ ਟਾਹਲਾ ਸਾਹਿਬ, ਸ਼ਹੀਦੀ ਅਸਥਾਨ ਬਾਬਾ ਦੀਪ ਸਿੰਘ ਜੀ ਸ਼ਹੀਦ।)**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦਮਦਮੀ ਟਕਸਾਲ

# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾ਼ਲਸਾ ਮੈਮੋਰੀਅਲ ਹਸਪਤਾਲ

## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

ਮਹਿਤਾ ਚੌਂਕ, ਅੰਮ੍ਰਿਤਸਰ

### ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਹਫਤਾਵਾਰੀ ਗੁਰਮਤ ਸਮਾਗਮ ਮੌਕੇ ਵੱਡੀ ਗਿਣਤੀ ਸੰਗਤਾਂ ਨੇ ਭਰੀ ਹਾਜ਼ਰੀ

# 171 ਪ੍ਰਾਣੀਆਂ ਨੇ ਕੀਤਾ ਅੰਮ੍ਰਿਤਪਾਨ



**ਤਲਵੰਡੀ ਸਾਬੋ, 25 ਜਨਵਰੀ (ਗੁਰਜੰਟ ਸਿੰਘ ਨਥੇਹਾ)-** ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਦੌਰਾਨ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ। ਸਮਾਗਮ ਦੌਰਾਨ ਜਿੱਥੇ ਭਾਈ ਜਗਤਾਰ ਸਿੰਘ ਹੈੱਡ ਗ੍ਰੰਥੀ, ਭਾਈ ਅੰਮ੍ਰਿਤਪਾਲ ਸਿੰਘ ਹਜ਼ੂਰੀ ਰਾਗੀ ਜਥਾ, ਭਾਈ ਗੁਰਮੇਲ ਸਿੰਘ ਮਾਖਾ ਪ੍ਰਚਾਰਕ, ਭਾਈ ਮਨਵਿੰਦਰ ਸਿੰਘ ਸੁਨਾਮ ਢਾਡੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਗੁਰ ਇਤਿਹਾਸ ਸੁਣਾ ਕਿ ਨਿਹਾਲ ਕੀਤਾ ਉੱਥੇ ਪੰਜ ਪਿਆਰੇ ਸਹਿਬਾਨਾਂ ਵੱਲੋਂ ਆਈਆਂ ਸੰਗਤਾਂ ਨੂੰ ਅੰਮ੍ਰਿਤ ਛਕਾਇਆ ਗਿਆ ਅਤੇ 171 ਪ੍ਰਾਣੀ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ। ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵੱਲੋਂ ਆਈਆਂ ਸੰਗਤਾਂ ਨੂੰ ਜੀ ਆਇਆਂ ਕਿਹਾ ਗਿਆ ਅਤੇ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਗੁਰੂ ਵਾਲੇ ਬਣਨ ਲਈ ਵਧਾਈ ਦਿੱਤੀ। ਇਸ ਸਮੇਂ ਤਖ਼ਤ ਸਾਹਿਬ ਦੇ ਮੈਨੇਜਰ ਸ. ਨਰਿੰਦਰਜੀਤ ਸਿੰਘ ਅਤੇ ਸਬ ਆਫ਼ਿਸ ਧਰਮ ਪ੍ਰਚਾਰ ਕਮੇਟੀ ਦੇ ਇੰਚਾਰਜ ਸ. ਭੋਲਾ ਸਿੰਘ ਹੀਰੇਵਾਲਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰੂਬਾਣੀ ਰਿਸਰਚ ਫਾਊਂਡੇਸ਼ਨ ਵਲੋਂ ਆਤਮ ਸੁਰੱਖਿਆ ਦੇ ਮੱਦੇਨਜ਼ਰ

# ਬੱਚਿਆਂ ਲਈ ਗਤਕਾ ਸਿਖਲਾਈ ਦੀਆਂ ਕਲਾਸਾਂ ਹੋਈਆਂ ਸ਼ੁਰੂ




**ਨਵੀਂ ਦਿੱਲੀ 25 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਸ਼ਿਵ ਨਗਰ ਇਲਾਕੇ 'ਚ ਆਤਮ ਸੁਰੱਖਿਆ ਦੇ ਮੱਦੇਨਜ਼ਰ ਛੋਟੇ ਬੱਚਿਆਂ ਲਈ ਗਤਕਾ ਸਿਖਲਾਈ ਦੀਆਂ ਕਲਾਸਾਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਦੱਸਿਆ ਕਿ ਗੱਤਕਾ ਸਿੱਖਾਂ ਦੀ ਜੰਗੀ ਕਲਾ ਹੈ ਜਿਸ ਵਿੱਚ ਜੰਗਬੰਦੀ ਤੇ ਦੁਸ਼ਮਨਾਂ ਨਾਲ ਟਾਕਰਾ ਕਰਨ ਦੀ ਪੂਰੀ ਕਲਾ ਹੁੰਦੀ ਹੈ। ਇਸ ਦੀ ਸਿਖਲਾਈ ਕੋਈ ਵੀ ਔਰਤ ਜਾਂ ਮਰਦ ਲੈ ਸਕਦਾ ਹੈ। ਸ਼ਸਤਰ ਵਿੱਦਿਆ ਦੇ ਖਜ਼ਾਨੇ ਨੂੰ ਬਾਬਾ ਬੁੱਢਾ ਜੀ ਨੇ ਸੰਭਾਲਿਆ। ਛੇਵੇਂ ਗੁਰੂ ਹਰਿਗੋਬਿੰਦ ਸਾਹਿਬ ਨੇ ਬਚਪਨ ਤੋਂ ਹੀ ਬਾਬਾ ਬੁੱਢਾ ਜੀ ਪਾਸੋਂ ਸ਼ਸਤਰ ਵਿੱਦਿਆ ਪ੍ਰਾਪਤ ਕੀਤੀ। ਉਸ ਸਮੇਂ ਦੇ ਮੁਗਲ ਬਾਦਸ਼ਾਹ ਨੇ ਗੁਰੂ ਅਰਜਨ ਦੇਵ ਜੀ ਨੂੰ ਬਹੁਤ ਤਸੀਹੇ ਦੇ ਕੇ ਸ਼ਹੀਦ ਕਰਨ ਤੋਂ ਬਾਅਦ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਹਮਣੇ ਗਤਕਾ ਸਿਖਲਾਈ ਦਿੱਤੀ ਜਾਣ ਲੱਗੀ ਅਤੇ ਮੁਕਾਬਲੇ ਵੀ ਕਰਵਾਏ ਜਾਣ ਲੱਗੇ। ਗੁਰੂ ਗੋਬਿੰਦ ਸਿੰਘ ਜੀ ਨੇ ਵੀ ਘੋੜਸਵਾਰੀ ਦੇ ਨਾਲ-ਨਾਲ ਬਹੁਤ ਸਾਰੇ ਅਹੁਦਿਆਂ ਦੀ ਨਿਯੁਕਤੀ ਲਈ ਗੱਤਕੇਬਾਜ਼ ਨੂੰ ਪਹਿਲ ਦਿੱਤੀ ਜਾਂਦੀ ਸੀ। ਕਈ ਘਰਾਣਿਆਂ ਵਿੱਚ ਤਾਂ ਬਹੁਤ ਛੋਟੀ ਉਮਰ ਵਿੱਚ ਹੀ ਬੱਚਿਆਂ ਨੂੰ ਹੀ ਗਤਕਾ ਖੇਡਣ ਦੀ ਜਾਂਚ ਸਿਖਾਈ ਜਾਂਦੀ ਸੀ। ਜਿਸ ਥਾਂ 'ਤੇ ਗਤਕੇ ਦੀ ਸਿੱਖਿਆ ਦਿੱਤੀ ਜਾਂਦੀ ਸੀ ਉਸ ਨੂੰ "ਅਖਾੜਾ" ਕਿਹਾ ਜਾਂਦਾ ਹੈ। ਵੀਰਜੀ ਨੇ ਦਸਿਆ ਕਿ 'ਗਤਕਾ' ਸ਼ਬਦ ਦੇ ਤਿਨ ਅੱਖਰਾਂ ਦਾ ਕੁੱਝ ਵਿਦਵਾਨ ਇਹ ਅਰਥ ਕਰਦੇ ਹਨ 'ਗ' ਅੱਖਰ ਤੋਂ ਗਤੀ ਰਫ਼ਤਾਰ, 'ਤ' ਅੱਖਰ ਤੋਂ ਤਾਲਮੇਲ ਅਤੇ 'ਕ' ਅੱਖਰ ਤੋਂ ਕਾਲ ਭਾਵ ਸਮਾਂ ਮੰਨਿਆ ਜਾਂਦਾ ਹੈ। ਜਿਸ ਦਾ ਮਤਲਬ ਹੈ ਕਿ ਜਦੋਂ ਗਤਕਾ ਖੇਡਿਆ ਜਾਂਦਾ ਹੈ ਤਾਂ ਉਸ ਵੇਲੇ ਰਫ਼ਤਾਰ ਸ਼ਸਤਰ ਦੇ ਪੈਂਤਰੇ ਨਾਲ ਤਾਲਮੇਲ ਅਤੇ ਰੋਕਣ ਜਾਂ ਠੋਕਣ ਵੇਲੇ ਸਹੀ ਸਮੇਂ ਦਾ ਧਿਆਨ ਰੱਖਣਾ ਬੁਹਤ ਜ਼ਰੂਰੀ ਹੈ। ਗਤਕਾ ਮਨੁੱਖ ਨੂੰ ਆਪਣੇ ਗੁੱਸੇ 'ਤੇ ਕਾਬੂ ਪਾਉਣ ਦੀ ਜਾਂਚ ਵੀ ਸਿਖਾਉਂਦਾ ਹੈ ਅਤੇ ਜੰਗ ਦੇ ਮੈਦਾਨ 'ਚ ਵੀ ਸਿੱਖ ਅਡੋਲ ਰਹਿੰਦਾ ਹੈ ਤੇ ਵੈਰੀ ਨਾਲ ਵੀ ਛਲ, ਕਪਟ, ਧੋਖਾ ਨਹੀਂ ਕਰਦਾ। ਉਨ੍ਹਾਂ ਕਿਹਾ ਇਤਿਹਾਸ ਵਿਚ ਜ਼ਿਕਰ ਹੈ ਕਿ ਸਰੀਰਕ ਤੇ ਮਾਨਸਿਕ ਤੌਰ 'ਤੇ ਇੰਨੇ ਮਜ਼ਬੂਤ ਹੋਣ ਦੇ ਬਾਵਜੂਦ ਸਿੱਖ ਕਦੇ ਜ਼ਾਲਮ ਨਹੀਂ ਬਣਿਆ। ਉਸ ਦੀ ਕਿਰਪਾਨ ਹਮੇਸ਼ਾ ਆਪਣੀ ਅਤੇ ਮਜ਼ਲੂਮ ਦੀ ਰਾਖੀ ਲਈ ਉੱਠੀ। ਮਾਨਵਤਾ ਦੇ ਦੁਸ਼ਮਣਾਂ ਨੂੰ ਕਦੇ ਗੁਰੂ ਤੇਗ ਬਹਾਦਰ ਸਾਹਿਬ ਨੇ ਆਪਣਾ ਸੀਸ ਦੇ ਕੇ ਮੂੰਹ ਤੋੜਵਾਂ ਜਵਾਬ ਦਿੱਤਾ ਅਤੇ ਕਦੇ ਬੰਦਾ ਸਿੰਘ ਬਹਾਦਰ ਨੇ ਸਰਹੰਦ ਦੀ ਇੱਟ ਨਾਲ ਇੱਟ ਖੜਕਾ ਕੇ। ਅੰਤ ਵਿਚ ਉਨ੍ਹਾਂ ਕਿਹਾ ਅਸੀਂ ਹਰ ਗੁਰਸਿੱਖ ਵੀਰ, ਭੈਣਾਂ ਤੇ ਬੱਚਿਆਂ ਨੂੰ ਇਹ ਸੁਨੇਹਾ ਦੇਣਾ ਚਾਹੁੰਦੇ ਹਾਂ ਕਿ ਸਾਡੇ ਗੁਰੂ ਸਾਹਿਬਾਨ ਨੇ ਸਾਨੂੰ ਇਹ ਮਾਰਸ਼ਲ ਆਰਟ ਦਿੱਤਾ ਹੈ ਹਰ ਗੁਰਸਿੱਖ ਨੂੰ ਇਹ ਮਾਰਸ਼ਲ ਆਰਟ ਸਿੱਖ ਕੇ ਸਵੈ-ਰੱਖਿਅਕ ਬਣਨਾ ਚਾਹੀਦਾ ਹੈ। ਗੱਤਕਾ ਸਿੱਖ ਕੇ ਅਸੀਂ ਨਾ-ਕੇਵਲ ਆਪਣੇ ਸਰੀਰ ਬਲਕਿ ਮਾਨਸਿਕ ਪੱਖੋਂ ਵੀ ਤੰਦਰੁਸਤ ਰਹਿ ਸਕਦੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

# ਕ੍ਰਿਕੋਜਨਿਕ (CRICOGENIC) ਪਦਾਰਥਾਂ ਦੀ ਵਰਤੋਂ ਮਨੁੱਖੀ ਸਿਹਤ ਲਈ ਵਧਦੀ ਚਿੰਤਾ

ਪਿਛਲੇ ਕੁਝ ਸਾਲਾਂ ਵਿੱਚ, ਕ੍ਰਿਕੋਜਨਿਕ ਪਦਾਰਥਾਂ—ਉਹ ਰਸਾਇਣ ਜੋ ਕੈਂਸਰ ਦੇ ਕੋਸ਼ਾਂ ਦੇ ਬਣਨ ਦਾ ਕਾਰਨ ਬਣ ਸਕਦੇ ਹਨ—ਦੇ ਉਭਾਰ ਨੇ ਸਿਹਤ ਵਿਦਿਆਰਥੀਆਂ ਅਤੇ ਖੋਜਕਾਰਾਂ ਵਿੱਚ ਚਿੰਤਾ ਉਠਾਈ ਹੈ। ਜਗਤ ਦੀ ਆਬਾਦੀ ਦਾ ਵੱਡਾ ਹਿੱਸਾ ਵੱਖ-ਵੱਖ ਵਾਤਾਵਰਨ ਅਤੇ ਉਦਯੋਗਿਕ ਕਾਰਕਾਂ ਰਾਹੀਂ ਇਹਨਾਂ ਹਾਨਿਕਾਰਕ ਪਦਾਰਥਾਂ ਦੇ ਸੰਪਰਕ ਵਿੱਚ ਆ ਰਿਹਾ ਹੈ, ਮਨੁੱਖੀ ਸਿਹਤ 'ਤੇ ਇਨ੍ਹਾਂ ਦੇ ਪ੍ਰਭਾਵ ਨੂੰ ਸਮਝਣਾ ਬਹੁਤ ਜਰੂਰੀ ਹੈ। ਕ੍ਰਿਕੋਜਨਿਕ ਪਦਾਰਥ ਰੋਜਾਨਾ ਦੇ ਉਤਪਾਦਾਂ ਵਿੱਚ ਮਿਲ ਸਕਦੇ ਹਨ, ਜਿਵੇਂ ਕਿ ਤੰਬਾਕੂ ਦਾ ਧੂੰਆ, ਕੁਝ ਉਦਯੋਗਿਕ ਰਸਾਇਣ, ਅਤੇ ਕੁਝ ਖਾਣ ਵਾਲੀਆਂ ਚੀਜ਼ਾਂ ਜੋ ਵਿਸ਼ੇਸ਼ ਖਾਣ ਪਕਾਉਣ ਦੀਆਂ ਪ੍ਰਕਿਰਿਆਵਾਂ ਤੋਂ ਗੁਜ਼ਰਦੀਆਂ ਹਨ। ਸੰਸਾਰ ਦੀਆਂ ਵੱਖ ਵੱਖ ਸੰਸਥਾਵਾਂ ਨੇ ਕਈ ਕ੍ਰਿਕੋਜਨਿਕ ਏਜੰਟਾਂ ਨੂੰ ਵਰਗੀਕ੍ਰਿਤ ਕੀਤਾ ਹੈ, ਜੋ ਮਨੁੱਖਾਂ ਵਿੱਚ ਕੈਂਸਰ ਦੇ ਹੋਣ ਦੀ ਸੰਭਾਵਨਾ ਨੂੰ ਦਰਸਾਉਂਦੇ ਹਨ। ਆਮ ਉਦਾਹਰਣਾਂ ਵਿੱਚ ਬੈਂਜ਼ੀਨ, ਫਾਰਮਲਡਹਾਈਡ, ਅਤੇ ਪੋਲੀਸਾਇਕਲਿਕ ਅਰੋਮੈਟਿਕ ਹਾਈਡਰੋਕਾਰਬਨ (PAHs) ਸ਼ਾਮਲ ਹਨ ਜੋ ਆਮ ਤੌਰ 'ਤੇ ਜੀਵਿਤ ਪਦਾਰਥਾਂ ਦੀ ਅਧੂਰੀ ਦਹਕਣ ਦੌਰਾਨ ਛੱਡੇ ਜਾਂਦੇ ਹਨ।



ਹਾਲੀਆ ਅਧਿਆਨਾਂ ਨੇ ਕ੍ਰਿਕੋਜਨਿਕ ਪਦਾਰਥਾਂ ਦੇ ਸੰਪਰਕ ਅਤੇ ਵੱਖ-ਵੱਖ ਕੈਂਸਰਾਂ ਦੇ ਵਧੇਰੇ ਦਰੋਂ ਵਿਚਕਾਰ ਚਿੰਤਾਜਨਕ ਸੰਬੰਧ ਦਰਸਾਇਆ ਹੈ। ਸੰਸਾਰ ਦੀਆਂ ਪ੍ਰਮੰਨੀਆਂ ਪ੍ਰਕਾਸ਼ਨ ਦੀ ਇੱਕ ਵਿਸ਼ਲੇਸ਼ਣੀ ਸਮੀਖਿਆ ਨੇ ਵੇਖਿਆ ਕਿ ਉਹ ਵਿਅਕਤੀ ਜੋ ਇਨ੍ਹਾਂ ਪਦਾਰਥਾਂ ਦੇ ਉੱਚ ਸੰਪਰਕ ਵਿੱਚ ਕੰਮ ਕਰਦੇ ਹਨ, ਉਹਨਾਂ ਵਿੱਚ ਫੇਫੜੇ ਦਾ ਕੈਂਸਰ, ਆਂਦਰਾਂ ਦਾ ਕੈਂਸਰ ਅਤੇ ਲਿਊਕੀਮੀਆ ਦੇ ਮਾਮਲੇ ਆਮ ਆਬਾਦੀ ਨਾਲੋਂ ਮਹੱਤਵਪੂਰਕ ਤੌਰ 'ਤੇ ਵੱਧ ਹਨ। ਇਹ ਖੋਜ ਉਦਯੋਗਾਂ ਵਿੱਚ ਕਾਰਗੁਜ਼ਾਰੀ ਨੂੰ ਸੁਰੱਖਿਅਤ ਕਰਨ ਲਈ ਕਠੋਰ ਨਿਯਮਾਂ ਅਤੇ ਸੁਰੱਖਿਆ ਉਪਾਅ ਦੀ ਲੋੜ ਨੂੰ ਦਰਸਾਉਂਦੀ ਹੈ। ਇਸ ਤੋਂ ਇਲਾਵਾ, ਕ੍ਰਿਕੋਜਨਿਕ ਪਦਾਰਥਾਂ ਦਾ ਪ੍ਰਭਾਵ ਕੇਵਲ ਕੰਮਕਾਜ਼ੀ ਸੰਪਰਕ ਤੱਕ ਹੀ ਸੀਮਿਤ ਨਹੀਂ ਹੈ। ਉਦਯੋਗਿਕ ਗਤੀਵਿਧੀਆਂ ਵਾਹਨਾਂ ਦੇ ਉਤਸਰਜਨ ਅਤੇ ਘਰੇਲੂ ਉਤਪਾਦਾਂ ਤੋਂ ਵਾਤਾਵਰਨ ਦੂਸ਼ਿਤ ਹੋਣ ਦੇ ਕਾਰਨ ਸਮੁੱਚੇ ਸਮਾਜ ਨੂੰ ਵਿਆਪਕ ਸੰਪਰਕ ਮਿਲਦਾ ਹੈ। ਵੱਖ ਵੱਖ ਵਿਸ਼ਵ ਖ਼ੋਜ ਸੰਸਥਾਵਾਂ ਦੀ ਇੱਕ ਰਿਪੋਰਟ ਦਰਸਾਉਂਦੀ ਹੈ ਕਿ ਹਵਾ ਦਾ ਦੂਸ਼ਣ, ਜੋ ਕਿ ਕ੍ਰਿਕੋਜਨਿਕ ਪਦਾਰਥਾਂ ਦਾ ਇੱਕ ਮਹੱਤਵਪੂਰਕ ਸਰੋਤ ਹੈ ਹਰ ਸਾਲ ਲੱਖਾਂ ਮੌਤਾਂ ਦਾ ਕਾਰਨ ਬਣਦਾ ਹੈ। ਲੋਕ ਜਿਵੇਂ ਕਿ ਬੱਚੇ ਅਤੇ ਬੁਜ਼ੁਰਗ, ਆਪਣੇ ਵਿਕਾਸਸ਼ੀਲ ਜਾਂ ਕਮਜ਼ੋਰ ਪ੍ਰਤੀਰੋਧਕ ਪ੍ਰਣਾਲੀ ਦੇ ਕਾਰਨ ਖਾਸ ਤੌਰ 'ਤੇ ਖਤਰੇ ਵਿੱਚ ਹੁੰਦੇ ਹਨ। ਇਨ੍ਹਾਂ ਖੋਜਾਂ ਦੇ ਪ੍ਰਕਾਸ਼ ਵਿੱਚ, ਜਨ ਸਿਹਤ ਅਧਿਕਾਰੀ ਕ੍ਰਿਕੋਜਨਿਕ ਪਦਾਰਥਾਂ ਦੇ ਖਤਰੇ ਬਾਰੇ ਵਧੇਰੇ ਜਾਣਕਾਰੀ ਅਤੇ ਸਿੱਖਿਆ ਦੀ ਸਿਫਾਰਸ਼ ਕਰ ਰਹੇ ਹਨ। ਸੀਨੀਅਰ ਅਧਿਆਪਕ ਡਾ. ਐਸ ਪੀ ਸਿੰਘ ਕਹਿੰਦੇ ਹਨ ਕਿ ਰੋਕਥਾਮ ਹੀ ਸਭ ਕੁਝ ਹੈ ਇਨ੍ਹਾਂ ਪਦਾਰਥਾਂ ਦੇ ਸਰੋਤਾਂ ਅਤੇ ਖ਼ਤਰਿਆਂ ਨੂੰ ਸਮਝ ਕੇ ਅਸੀਂ ਸੰਪਰਕ ਨੂੰ ਘਟਾਉਣ ਲਈ ਪਹਿਲਾਂ ਤੋਂ ਹੀ ਉਪਾਅ ਕਰ ਸਕਦੇ ਹਾਂ ਅਤੇ ਆਖਿਰਕਾਰ ਜੀਵਨ ਬਚਾ ਸਕਦੇ ਹਾਂ। ਇਸ ਤੋਂ ਇਲਾਵਾ ਉਹ ਉਦਯੋਗ ਜੋ ਕਿ ਕ੍ਰਿਕੋਜਨਿਕ ਪਦਾਰਥਾਂ 'ਤੇ ਨਿਰਭਰ ਹੁੰਦੇ ਹਨ ਸੁਰੱਖਿਅਤ ਵਿਕਲਪ ਵਿਕਸਤ ਕਰਨ ਲਈ ਕੋਸ਼ਿਸ਼ਾਂ ਜਾਰੀ ਰੱਖਣ। ਨਿਰਮਾਣ ਪ੍ਰਕਿਰਿਆਵਾਂ ਵਿੱਚ ਨਵੀਂ ਸੋਚ ਅਤੇ ਕਠੋਰ ਉਤਸਰਜਨ ਮਿਆਰ ਲਾਗੂ ਕਰਨ ਦੀ ਯੋਜਨਾ ਬਣਾਈ ਜਾ ਰਹੀ ਹੈ ਤਾਂ ਕਿ ਹਾਨਿਕਾਰਕ ਰਸਾਇਣ ਵਾਤਾਵਰਨ ਵਿੱਚ ਛੱਡੇ ਨਾ ਜਾਣ। ਵਕੀਲ ਗਰੁੱਪ ਵੀ ਖ਼ਤਰਨਾਕ ਸਮੱਗਰੀਆਂ ਨਾਲ ਸੰਬੰਧਿਤ ਨਿਯਮਾਂ ਨੂੰ ਸੁਧਾਰਨ ਲਈ ਕਾਨੂੰਨੀ ਬਦਲਾਅ ਦੀ ਮੰਗ ਕਰ ਰਹੇ ਹਨ ਅਤੇ ਸਾਫ਼ ਤਕਨੀਕੀ ਵਿਕਾਸ ਨੂੰ ਉਤਸ਼ਾਹਿਤ ਕਰ ਰਹੇ ਹਨ। ਜਿਵੇਂ ਜਿਵੇਂ ਖੋਜ ਜਾਰੀ ਹੈ ਕਿ ਕ੍ਰਿਕੋਜਨਿਕ ਪਦਾਰਥਾਂ ਅਤੇ ਮਨੁੱਖੀ ਸਿਹਤ 'ਤੇ ਉਨ੍ਹਾਂ ਦੇ ਪ੍ਰਭਾਵਾਂ ਨੂੰ ਖੋਲ੍ਹਦੀ ਹੈ, ਇਹ ਬਹੁਤ ਜਰੂਰੀ ਹੈ ਕਿ ਲੋਕ ਜਾਣੂ ਰਹਿਣ ਅਤੇ ਆਪਣੇ ਸੰਪਰਕ ਨੂੰ ਘਟਾਉਣ ਲਈ ਕਦਮ ਚੁੱਕਣ। ਕੁਝ ਸਧਾਰਣ ਕਾਰਵਾਈਆਂ ਜਿਵੇਂ ਕਿ ਤੰਬਾਕੂ ਉਤਪਾਦਾਂ ਤੋਂ ਦੂਰ ਰਹਿਣਾ, ਕੁਦਰਤੀ ਸਫਾਈ ਦੀਆਂ ਸਮੱਗਰੀਆਂ ਦੀ ਵਰਤੋਂ ਕਰਨਾ ਅਤੇ ਸਾਫ ਹਵਾ ਦੀਆਂ ਪਹਿਲਾਂ ਦੀਆਂ ਵਕਾਲਤਾਂ ਕਰਨ ਨਾਲ ਇੱਕ ਸਿਹਤਮੰਦ ਭਵਿੱਖ ਲਈ ਯੋਗਦਾਨ ਪਾ ਸਕਦਾ ਹੈ। ਅੰਤ ਵਿੱਚ, ਕ੍ਰਿਕੋਜਨਿਕ ਪਦਾਰਥਾਂ ਦਾ ਮਨੁੱਖੀ ਸਿਹਤ 'ਤੇ ਪ੍ਰਭਾਵ ਇੱਕ ਐਸੀ ਗੰਭੀਰ ਮੁੱਦਾ ਹੈ ਜਿਸ ਨੂੰ ਨਿਯਮ ਬਣਾਉਣ ਵਾਲਿਆਂ ਅਤੇ ਜਨਤਾ ਦੁਆਰਾ ਤੁਰੰਤ ਧਿਆਨ ਦੀ ਲੋੜ ਹੈ। ਜਾਣਕਾਰੀ ਫੈਲਾਉਣ ਅਤੇ ਪ੍ਰਭਾਵਸ਼ਾਲੀ ਰਣਨੀਤੀਆਂ ਲਾਗੂ ਕਰਨ ਦੁਆਰਾ ਅਸੀਂ ਉਸ ਸੰਸਾਰ ਵੱਲ ਅੱਗੇ ਵੱਧ ਸਕਦੇ ਹਾਂ ਜਿੱਥੇ ਇਨ੍ਹਾਂ ਹਾਨਿਕਾਰਕ ਏਜੰਟਾਂ ਦੁਆਰਾ ਕਾਰਨ ਬਣਾਈ ਗਈ ਕੈਂਸਰ ਦਾ ਖ਼ਤਰਾ ਮਹੱਤਵਪੂਰਕ ਤੌਰ 'ਤੇ ਘਟਾਇਆ ਗਿਆ ਹੈ।

**-ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਅੰਮ੍ਰਿਤਪਾਲ ਸਿੰਘ ਨਾਲ ਮੁੜ ਵਿਤਕਰਾ, ਇੰਜੀਨੀਅਰ ਰਾਸ਼ਿਦ ਨੂੰ ਸੰਸਦ ਦੇ ਬਜਟ ਸੈਸ਼ਨ ਵਿੱਚ ਸ਼ਾਮਲ ਹੋਣ ਦੀ ਮਿਲੀ ਇਜਾਜ਼ਤ



ਨਵੀਂ ਦਿੱਲੀ 25 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸੰਸਦ ਮੈਂਬਰ ਇੰਜੀਨੀਅਰ ਰਾਸ਼ਿਦ, ਜਿਸਨੂੰ ਅੱਤਵਾਦੀ ਫੰਡਿੰਗ ਦੇ ਦੋਸ਼ਾਂ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਨਿਆਂਇਕ ਹਿਰਾਸਤ ਵਿੱਚ ਹੈ, ਨੂੰ ਸੰਸਦ ਦੇ ਬਜਟ ਸੈਸ਼ਨ ਵਿੱਚ ਸ਼ਾਮਲ ਹੋਣ ਦੀ ਇਜਾਜ਼ਤ ਮਿਲ ਗਈ ਹੈ। ਪਟਿਆਲਾ ਹਾਊਸ ਕੋਰਟ ਨੇ ਕਸ਼ਮੀਰ ਦੇ ਬਾਰਾਮੂਲਾ ਤੋਂ ਸੰਸਦ ਮੈਂਬਰ ਰਾਸ਼ਿਦ ਨੂੰ ਹਿਰਾਸਤ ਪੈਰੋਲ ਅਤੇ ਸੰਸਦ ਵਿੱਚ ਸ਼ਾਮਲ ਹੋਣ ਦੀ ਇਜਾਜ਼ਤ ਦੇ ਦਿੱਤੀ। ਸੰਸਦ ਦਾ ਬਜਟ ਸੈਸ਼ਨ 28 ਫਰਵਰੀ ਤੋਂ 2 ਅਪ੍ਰੈਲ ਤੱਕ ਚੱਲੇਗਾ। ਪਟਿਆਲਾ ਹਾਊਸ ਕੋਰਟ ਤੋਂ ਇਜਾਜ਼ਤ ਮਿਲਣ ਤੋਂ ਬਾਅਦ, ਸੰਸਦ ਮੈਂਬਰ ਰਾਸ਼ਿਦ ਇੰਜੀਨੀਅਰ ਹੁਣ ਸੈਸ਼ਨ ਦਾ ਹਿੱਸਾ ਹੋਣਗੇ। ਅਦਾਲਤ ਨੇ ਆਪਣੇ ਹੁਕਮਾਂ ਵਿੱਚ ਕਿਹਾ ਹੈ ਕਿ ਰਾਸ਼ਿਦ ਇੰਜੀਨੀਅਰ ਸਿਰਫ਼ ਉਨ੍ਹਾਂ ਦਿਨਾਂ ਵਿੱਚ ਤਿਹਾੜ ਜੇਲ੍ਹ ਤੋਂ ਸੰਸਦ ਤੱਕ ਯਾਤਰਾ ਕਰਨਗੇ ਜਦੋਂ ਸੰਸਦ ਦਾ ਸੈਸ਼ਨ ਚੱਲ ਰਿਹਾ ਹੈ। ਇਸ ਦੇ ਉਲਟ ਭਾਈ ਅੰਮ੍ਰਿਤਪਾਲ ਸਿੰਘ ਜੋ ਕਿ ਦਿਬਰੂਗੜ ਜੇਲ੍ਹ ਅੰਦਰ ਬੰਦ ਨੂੰ ਹਾਈ ਕੋਰਟ ਨੇ ਸੱਤ ਦਿਨਾਂ ਦੇ ਅੰਦਰ ਫੈਸਲਾ ਲੈਣ ਦਾ ਆਦੇਸ਼ ਦਿੱਤਾ ਅਤੇ ਪਟੀਸ਼ਨ ਦਾ ਨਿਪਟਾਰਾ ਵੀ ਕਰ ਦਿੱਤਾ। ਉਨ੍ਹਾਂ ਨੇ ਪਹਿਲਾਂ ਸੈਸ਼ਨ ਵਿੱਚ ਸ਼ਾਮਲ ਹੋਣ ਲਈ ਦੋ ਵਾਰ ਪਟੀਸ਼ਨ ਪਾਈ ਸੀ, ਪਰ ਉਨ੍ਹਾਂ ਨੂੰ ਇਜਾਜ਼ਤ ਨਹੀਂ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

26 ਜਨਵਰੀ ਤੇ ਗਣਤੰਤਰ ਦਿਵਸ ਦੀ ਆਪ ਸਭ ਨੂੰ ਹਾਰਦਿਕ ਸ਼ੁੱਭ ਕਾਮਨਾਵਾਂ




ਵਲੋਂ:

# ਆਸ਼ੂ ਬੰਗੜ

(ਮੈਂਬਰ PPCC ਪੰਜਾਬ,ਹਲਕਾ ਇੰਚਾਰਜ ਫਿਰੋਜ਼ਪੁਰ ਦਿਹਾਤੀ)




ਵਲੋਂ:

SBS Memorial Public School, Wakha


### ਖਾਲਿਸਤਾਨ ਐਲਾਨਨਾਮੇ ਦਿਹਾੜੇ 26 ਜਨਵਰੀ ਨੂੰ

## ਵੱਡੀ ਗਿਣਤੀ ਵਿਚ ਅਕਾਲ ਤਖਤ ਸਾਹਿਬ ਪਹੁੰਚਿਆ ਜਾਏ: ਟੀਮ ਨਿੱਝਰ ਕੈਨੇਡਾ




ਨਵੀਂ ਦਿੱਲੀ 25 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਖ਼ਾਲਸਾ ਪੰਥ ਵਲੋਂ ਅਕਾਲ ਤਖ਼ਤ ਸਾਹਿਬ ਵਿਖੇ 40 ਸਾਲਾ ਖਾਲਿਸਤਾਨ ਐਲਾਨ ਦਿਵਸ ਨੂੰ ਸਮਰਪਿਤ 26 ਜਨਵਰੀ 2026 ਨੂੰ ਕੀਤੇ ਜਾ ਰਹੇ ਪੰਥਕ ਇਕੱਠ ਅਤੇ ਅਰਦਾਸ ਸਮਾਗਮ ਵਿੱਚ ਟੀਮ ਸ਼ਹੀਦ ਨਿੱਝਰ ਵੈਨਕੂਵਰ ਕੈਨੇਡਾ ਵੱਲੋਂ ਵੱਧ ਚੜ੍ਹਕੇ ਸ਼ਮਹੂਲੀਅਤ ਕਰਨ ਲਈ ਪੂਰੇ ਸਿੱਖ ਜਗਤ ਨੂੰ ਅਪੀਲ ਕੀਤੀ ਜਾਂਦੀ ਹੈ। ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ 26 ਜਨਵਰੀ 1950 ਨੂੰ ਲਾਗੂ ਹੋਏ ਭਾਰਤੀ ਸੰਵਿਧਾਨ ਵਾਲੇ ਦਿਨ ਜਦੋਂ ਭਾਰਤ ਦੇ ਮੰਨੂਵਾਦੀਆਂ ਵੱਲੋਂ ਖੁਸ਼ੀਆਂ ਦੇ ਜਸ਼ਨ ਮਨਾਏ ਜਾਣਗੇ, ਉਦੋਂ ਸਿੱਖ ਕੌਮ ਵਲੋਂ ਇਹ ਦਿਨ ਕਾਲੇ ਦਿਵਸ ਵਜੋਂ ਮਨਾਇਆ ਜਾਵੇਗਾ ਕਿਉਂਕਿ ਇਹ ਭਾਰਤੀ ਸੰਵਿਧਾਨ ਦਾ ਦਸਤਾਵੇਜ਼, ਸਿੱਖਾਂ ਨਾਲ ਕੀਤੇ ਧੋਖੇ ਦਾ ਦਸਤਾਵੇਜ਼ ਹੈ। ਸਿੱਖ ਕੌਮ ਨਾਲ, ਹਿੰਦੂਤਵੀਆਂ ਵਲੋਂ ਕੀਤਾ ਗਿਆ ਵਿਸਾਹਘਾਤ ਹੈ। ਜਿਸ ਦੀਆਂ ਹਜ਼ਾਰਾਂ ਮਿਸਾਲਾਂ ਹਨ ਪਰ ਜਿਸ ਦੀ ਤਾਜ਼ਾ ਮਿਸਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਅਣਮਨੁੱਖੀ ਤਸੀਹੇ ਦੇ ਕੇ ਸ਼ਹੀਦ ਕਰਨ ਤੋਂ ਬਾਅਦ ਜਾਂਚ ਰਿਪੋਰਟ ਦਬਾਕੇ ਰੱਖਣੀ, ਰਾਜਸੀ ਸਿੱਖ ਕੈਦੀਆਂ ਬਾਰੇ ਭਾਰਤ ਦੇ ਗ੍ਰਹਿਮੰਤਰੀ ਦਾ ਸਿੱਖ ਕੌਮ ਨੂੰ ਜਲੀਲ ਤੇ ਗੁਲਾਮੀ ਦਾ ਅਹਿਸਾਸ ਕਰਾਉਣ ਵਾਲਾ ਬਿਆਨ, ਘੱਟ ਗਿਣਤੀ ਕੌਮਾਂ ਨੂੰ ਹਿੰਦੂਤਵੀਆਂ ਦੇ ਸਦੀਵੀ ਗੁਲਾਮ ਬਣਾਉਣ ਲਈ ਪਾਰਲੀਮੈਂਟ ਵਿੱਚ ਕਾਲੇ ਕਾਨੂੰਨ ਬਣਾਉਣੇ ਆਦਿ ਹਨ ।ਸਿੱਖ ਕੌਮ ਦੇ ਸੈਵਮਾਣ ਤੇ ਅਣਖ ਨਾਲ ਜਿਉਣ ਤੇ ਸਰਬੱਤ ਦੇ ਭਲੇ ਵਾਲੇ ਸਿੱਖ ਰਾਜ ਖਾਲਿਸਤਾਨ ਵਾਸਤੇ ਸ਼ਹਾਦਤ ਦਾ ਜਾਮ ਪੀ ਗਈਆਂ ਮਹਾਨ ਰੂਹਾਂ ਗੁਰਸਿੱਖਾਂ ਦੇ ਇਸ ਸੁਪਨੇ ਲਈ ਸੁਹਿਰਦ ਜਾਗਦੀ ਜ਼ਮੀਰ ਵਾਲੇ ਵਿਦੇਸ਼ੀ ਸਿੰਘ ਵਡੀ ਗਿਣਤੀ ਅੰਦਰ ਸੰਸਾਰ ਭਰ ਵਿਚ ਹਿੰਦੁਸਤਾਨ ਦੀਆਂ ਐੱਬੇਸਿਆ ਮੂਹਰੇ ਭਾਰੀ ਵਿਰੋਧ ਪ੍ਰਦਰਸ਼ਨ ਕਰਣ ਦਾ ਹੀਲਾ ਕਰਣ ਜਿਸ ਨਾਲ ਇੰਨ੍ਹਾ ਵਲੋਂ ਕੀਤੇ ਜਾ ਰਹੇ ਘਟਗਿਣਤੀਆਂ ਵਿਰੁੱਧ ਜ਼ੁਲਮਾਂ ਨੂੰ ਨੰਗਾ ਕੀਤਾ ਜਾ ਸਕੇ ।ਆਓ ਆਪਣੀ ਕੌਮ ਦੇ ਗੱਲੋਂ ਗੁਲਾਮੀ ਲਾਹੁਣ ਵਾਸਤੇ ਚੱਲ ਰਹੇ ਸੰਘਰਸ਼ ਦਾ ਹਿੱਸਾ ਬਣੀਏ ਦੁਸ਼ਮਣ ਨਾਲ ਜੂਝੀਏ ਜਿਹੜਾ ਪੰਜਾਬ ਪੰਜਾਬੀਅਤ ਦਾ ਵੱਖੋ ਵੱਖਰੇ ਤਰੀਕਿਆਂ ਨਾਲ ਖਾਤਮਾ ਕਰਨ ਤੇ ਤੁਲਿਆ ਹੈ "ਅਜ਼ਾਦੀ ਹੀ ਹੱਲ ਹੈ।"

ਆਵਾਜ਼ਿ ਕੌਮ AWAZE QAUM International Newspaper & WEB TV

## ਸਰਹਿੰਦ ਰੇਲਵੇ ਲਾਈਨ 'ਤੇ ਧਮਾਕੇ ਦੀ ਜ਼ਿੰਮੇਵਾਰੀ ਖਾਲਿਸਤਾਨੀ ਸਮੂਹ ਕੇਜ਼ੈਡਐਫ ਨੇ ਲਈ



ਖਾਲਿਸਤਾਨ ਜ਼ਿੰਦਾਬਾਦ ਫੋਰਸ
KHALISTAN ZINDABAD FORCE
ਲਰਨ ਭਿਰਨ ਸਾਕੇ ਕਰਨ, ਏ ਰਾਜਨ ਕੇ ਕਾਮ॥

ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ।

ਅਜ ਜਿਹੜਾ ਸਰਹਿੰਦ ਮਾਲਗੱਡੀ ਟ੍ਰੇਨ ਵਿਚ ਬਲਾਸਟ ਹੋਇਆ ਉਸਦੀ ਜਿੰਮੇਵਾਰੀ ਖਾਲਿਸਤਾਨ ਜ਼ਿੰਦਾਬਾਦ ਫੋਰਸ ਵਲੋਂ ਲਈ ਜਾਂਦੀ ਹੈ। ਅਸੀ ਦੱਸਣਾ ਚਾਹੁੰਦੇ ਕੀ ਇਹ ਧਮਾਕਾ ਪੈਸੇਂਜਰ ਟ੍ਰੇਨ ਵਿਚ ਵੀ ਕਰ ਸਕਦੇ ਸੀ ਪਰ ਸਾਡਾ ਮਕਸਦ ਕਿਸੇ ਦਾ ਨਾਜਾਇਜ਼ ਨੁਕਸਾਨ ਕਰਨਾ ਨਹੀਂ ਸੀ। ਇਹ ਇਕ ਟ੍ਰੇਲਰ ਸੀ ਜੋ ਸਾਡੇ ਵਲੋ ਖਾਲਿਸਤਾਨ ਐਲਾਨਾਮਾ ਦੀ 40ਵੀ ਵਰੇਗੰਢ ਤੇ ਭਾਰਤ ਸਰਕਾਰ ਨੂੰ ਦਿੱਤਾ ਗਿਆ ਤੇ ਦਸਿਆ ਕੀ ਖਾਲਿਸਤਾਨ ਦੀ ਜੰਗ ਅਜੇ ਵੀ ਓਦਾਂ ਹੀ ਜਾਰੀ ਹੈ ਤੇ ਜਾਰੀ ਰਹੇਗੀ। ਨਾ ਅਸੀ ਆਪ ਆਰਾਮ ਨਾਲ ਬੈਠੇ ਨਾ ਹੀ ਤੁਹਾਨੂੰ ਬੈਠਣ ਦਵਾਂਗੇ , ਖਾਲਿਸਤਾਨ ਦੀ ਅਜ਼ਾਦੀ ਤਕ ਇਹ ਸੰਘਰਸ਼ ਜਾਰੀ ਰਹੇਗਾ ਤੇ ਸਾਡੇ ਐਕਸ਼ਨ ਤੁਹਾਡੀ ਨੀਂਦ ਹਰਾਮ ਕਰਦੇ ਰਹਿਣਗੇ।
ਪ੍ਰਣਾਮ ਸ਼ਹੀਦਾਂ ਨੂੰ
ਖਾਲਿਸਤਾਨ ਜ਼ਿੰਦਾਬਾਦ

ਗੁਰੂ ਪੰਥ ਦਾ ਦਾਸ:-

ਰਣਜੀਤ ਸਿੰਘ ਜੰਮੂ
ਮੁੱਖ ਸੇਵਾਦਾਰ - ਖਾਲਿਸਤਾਨ ਜ਼ਿੰਦਾਬਾਦ ਫੋਰਸ

**ਨਵੀਂ ਦਿੱਲੀ, 25 ਜਨਵਰੀ (ਮਨਪ੍ਰੀਤ ਸਿੰਘ ਖਾਲਸਾ ):-** ਗਣਤੰਤਰ ਦਿਵਸ ਤੋਂ ਕੁਝ ਦਿਨ ਪਹਿਲਾਂ ਪੰਜਾਬ ਦੇ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਅੰਮ੍ਰਿਤਸਰ-ਦਿੱਲੀ ਰੇਲਵੇ ਲਾਈਨ 'ਤੇ ਸਰਹਿੰਦ ਰੇਲਵੇ ਸਟੇਸ਼ਨ ਤੋਂ ਥੋੜ੍ਹੀ ਦੂਰੀ 'ਤੇ ਖਾਨਪੁਰ ਪਿੰਡ ਨੇੜੇ ਹੋਏ ਧਮਾਕੇ ਦੀ ਜ਼ਿੰਮੇਵਾਰੀ ਇੱਕ ਖਾਲਿਸਤਾਨੀ ਸੰਗਠਨ ਖਾਲਿਸਤਾਨ ਜਿੰਦਾਬਾਦ ਫੋਰਸ ਨੇ ਲਈ ਹੈ। ਸ਼ੁੱਕਰਵਾਰ ਦੇਰ ਸ਼ਾਮ ਇੱਕ ਰੇਲਵੇ ਲਾਈਨ 'ਤੇ ਧਮਾਕਾ ਹੋਇਆ, ਜਿਸ ਨਾਲ ਲੋਕੋਮੋਟਿਵ ਪਾਇਲਟ ਜ਼ਖਮੀ ਹੋ ਗਿਆ ਅਤੇ ਰੇਲ ਆਵਾਜਾਈ ਵਿੱਚ ਵਿਘਨ ਪਿਆ। ਇਹ ਘਟਨਾ ਰਾਤ 9:50 ਵਜੇ ਦੇ ਕਰੀਬ ਵਾਪਰੀ ਜਦੋਂ ਇੱਕ ਮਾਲ ਗੱਡੀ ਖਾਨਪੁਰ ਰੇਲਵੇ ਕਰਾਸਿੰਗ ਦੇ ਨੇੜੇ ਇੱਕ ਨਵੇਂ ਬਣੇ ਰੇਲ ਟਰੈਕ 'ਤੇ ਲੁਧਿਆਣਾ ਵੱਲ ਜਾ ਰਹੀ ਸੀ। ਇਹ ਲਾਈਨ ਮੁੱਖ ਤੌਰ 'ਤੇ ਮਾਲ ਗੱਡੀਆਂ ਲਈ ਵਰਤੀ ਜਾਂਦੀ ਹੈ। ਧਮਾਕਾ ਇੰਨਾ ਸ਼ਕਤੀਸ਼ਾਲੀ ਸੀ ਕਿ ਇਸ ਨੇ ਇੰਜਣ ਨੂੰ ਨੁਕਸਾਨ ਪਹੁੰਚਾਇਆ ਅਤੇ ਰੇਲਵੇ ਟਰੈਕ ਦਾ ਇੱਕ ਹਿੱਸਾ ਤਬਾਹ ਕਰ ਦਿੱਤਾ, ਟਰੈਕ ਦੇ ਹਿੱਸੇ ਅਤੇ ਸਲੀਪਰ ਮੌਕੇ 'ਤੇ ਖਿੰਡੇ ਹੋਏ ਸਨ। ਘਟਨਾ ਤੋਂ ਤੁਰੰਤ ਬਾਅਦ, ਸੋਸ਼ਲ ਮੀਡੀਆ 'ਤੇ ਇੱਕ ਪੱਤਰ ਅਤੇ ਵੀਡੀਓ ਬਿਆਨ ਸਾਹਮਣੇ ਆਇਆ ਜਿਸ ਵਿੱਚ ਧਮਾਕੇ ਦੀ ਜ਼ਿੰਮੇਵਾਰੀ ਲੈਂਦੇ ਹੋਏ ਧਮਾਕੇ ਦੀ ਜ਼ਿੰਮੇਵਾਰੀ ਲਈ ਗਈ। ਜਾਰੀ ਕੀਤੇ ਬਿਆਨ ਵਿਚ ਕੇਜ਼ੈਡਐਫ ਭਾਈ ਰਣਜੀਤ ਸਿੰਘ ਨੀਟਾ ਨੇ ਕਿਹਾ ਕਿ ਅਸੀਂ ਚਾਹੁੰਦੇ ਤਾਂ ਸਵਾਰੀ ਗੱਡੀ ਨੂੰ ਵੀ ਨਿਸ਼ਾਨਾ ਬਣਾ ਸਕਦੇ ਸੀ ਪਰ ਸਿੱਖ ਬੇਗੁਨਾਹਾਂ ਤੇ ਵਾਰ ਨਹੀਂ ਕਰਦਾ ਇਸ ਲਈ ਮਾਲਗੱਡੀ ਨੂੰ ਨਿਸ਼ਾਨਾ ਬਣਾਇਆ ਹੈ ।ਸਮੂਹ ਨੇ ਸੁਨੇਹੇ ਵਿੱਚ ਕਿਹਾ ਕਿ ਧਮਾਕਾ ਇੱਕ ਚੇਤਾਵਨੀ ਵਜੋਂ ਕੀਤਾ ਗਿਆ ਸੀ, ਇਸਨੂੰ "ਟ੍ਰੇਲਰ" ਕਿਹਾ ਗਿਆ ਸੀ, ਅਤੇ ਹੋਰ ਧਮਕੀਆਂ ਵੀ ਦਿੱਤੀਆਂ ਸਨ। ਉਨ੍ਹਾਂ ਚੇਤਾਵਨੀ ਦੇਂਦਿਆ ਕਿਹਾ ਆਣ ਵਾਲੇ ਸਮੇਂ ਵਿਚ ਸਵਾਰੀ ਗੱਡੀ ਵਿਚ ਵੀ ਧਮਾਕੇ ਕੀਤੇ ਜਾ ਸਕਦੇ ਹਨ ਇਸ ਲਈ ਸਾਡੇ ਵਲੋਂ ਦੱਸੇ ਜਾਣ ਵਾਲੇ ਸਮੇਂ ਵਿਚ ਸਵਾਰੀ ਗੱਡੀ ਦੇ ਸਫ਼ਰ ਤੋਂ ਬੱਚਿਆ ਜਾਏ ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ

# ਛੱਤ ਦਾ ਲੈਂਟਰ ਪਾਇਆ ਗਿਆ

## ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਅਸਥਾਨ ਦੇ ਮੁੱਖ ਸੇਵਾਦਾਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਾਰਦਿਕ ਸਵਾਗਤ ਅਤੇ ਧੰਨਵਾਦ ਕੀਤਾ










ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਹਰਿਆਣਾ ਇਲਾਕੇ ਵਿੱਚ ਸਿੱਖੀ ਪ੍ਰਚਾਰ ਦਾ ਕੇਂਦਰ ਹੈ ਇਸ ਅਸਥਾਨ ਤੋਂ ਤਿੰਨ ਦਹਾਕੇ ਪਹਿਲਾਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਦੁਨੀਆਂ ਭਰ ਵਿੱਚ ਧਰਮ ਪ੍ਰਚਾਰ ਅੰਮ੍ਰਿਤ ਸੰਚਾਰ ਦੀ ਸ਼ੁਰੂਆਤ ਕੀਤੀ ਦਿਨੋਂ ਦਿਨ ਸਿੱਖ ਸੰਗਤਾਂ ਦੀ ਵਧਦੀ ਆਮਦ ਨੂੰ ਦੇਖਦਿਆਂ ਉਨਾਂ ਦੀ ਸਹੂਲਤ ਵਾਸਤੇ ਲੰਗਰ ਹਾਲ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਸੀ ਜਿਸ ਦੀ ਛੱਤ ਦਾ ਕੱਲ ਲੈਂਟਰ ਪਾਇਆ ਗਿਆ ਕਾਰ ਸੇਵਾ ਵਿੱਚ ਨਗਰ ਅਤੇ ਇਲਾਕਾ ਨਿਵਾਸੀ ਸਿੱਖ ਸੰਗਤਾਂ ਵੱਡੀ ਗਿਣਤੀ ਵਿੱਚ ਪੁੱਜੀਆਂ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਦੱਸਿਆ ਕਾਰ ਸੇਵਾ ਵਿੱਚ ਪੁੱਜੀਆਂ ਸੰਗਤਾਂ ਦਾ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਅਸਥਾਨ ਦੇ ਮੁੱਖ ਸੇਵਾਦਾਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਾਰਦਿਕ ਸਵਾਗਤ ਅਤੇ ਧੰਨਵਾਦ ਕੀਤਾ ਭਾਈ ਬਰਾੜ ਨੇ ਦੱਸਿਆ ਕੇ ਕਈ ਏਕੜ ਵਿੱਚ ਬਣਿਆ ਇਹ ਅਸਥਾਨ ਨਗਰ ਦਾਦੂ ਸਾਹਿਬ ਦੀਆਂ ਸੰਗਤਾਂ ਵੱਲੋਂ ਬਣਵਾਇਆ ਗਿਆ ਸੀ ਜਿਸ ਦੀ ਸੇਵਾ ਸੰਭਾਲ 1996 ਵਿੱਚ ਨਗਰ ਦੀਆਂ ਸੰਗਤਾਂ ਵੱਲੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਸੌਂਪ ਦਿੱਤੀ ਗਈ ਸੀ ਜਥੇਦਾਰ ਦਾਦੂਵਾਲ ਜੀ ਵੱਲੋਂ ਧਰਮ ਪ੍ਰਚਾਰ ਦੀਆਂ ਸੇਵਾਵਾਂ ਨਿਭਾਉਂਦਿਆਂ ਨਾਲ ਹੀ ਇਸ ਅਸਥਾਨ ਦੀ ਕਾਰ ਸੇਵਾ ਆਰੰਭ ਕੀਤੀ ਜਿਸ ਵਿੱਚ ਪਵਿੱਤਰ ਸਰੋਵਰ,ਦਰਸ਼ਨੀ ਡਿਓੜੀ,ਰਿਹਾਇਸ਼ੀ ਮਕਾਨ,ਬਾਥਰੂਮ,ਲੰਗਰ ਹਾਲ,ਪਾਰਕ,ਕਾਰ ਪਾਰਕਿੰਗ ਤਿਆਰ ਕੀਤਾ ਗਿਆ ਲੰਗਰ ਹਾਲ ਦੀ ਇਮਾਰਤ ਛੋਟੀ ਹੋ ਗਈ ਸੀ ਦਿਨੋਂ ਦਿਨ ਵਧਦੀ ਸਿੱਖ ਸੰਗਤ ਦੀ ਆਮਦ ਨੂੰ ਵੇਖਦਿਆਂ ਜਥੇਦਾਰ ਦਾਦੂਵਾਲ ਜੀ ਵੱਲੋਂ ਲੰਗਰ ਹਾਲ ਦੀ ਵੱਡੀ ਇਮਾਰਤ ਦੀ ਕਾਰ ਸੇਵਾ ਆਰੰਭ ਕੀਤੀ ਗਈ ਸੀ ਜਿਸ ਦੀ ਛੱਤ ਦਾ ਕੱਲ ਲੈਂਟਰ ਪਾਇਆ ਗਿਆ ਭਾਈ ਬਰਾੜ ਨੇ ਦੱਸਿਆ ਕੇ ਆਉਣ ਵਾਲੇ ਸਮੇਂ ਵਿੱਚ ਗੁਰੂ ਕੇ ਦਰਬਾਰ ਸਾਹਿਬ ਦੀ ਨਵੀਂ ਇਮਾਰਤ ਅਤੇ ਇੱਕ ਦੀਵਾਨ ਹਾਲ ਦਾ ਜਲਦੀ ਨਿਰਮਾਣ ਕਰਵਾਇਆ ਜਾਵੇਗਾ ਭਾਈ ਬਰਾੜ ਨੇ ਦੱਸਿਆ ਕੇ ਲੰਗਰ ਹਾਲ ਦੀ ਛੱਤ ਦਾ ਲੈਂਟਰ ਪਾਉਣ ਵਾਸਤੇ ਨਗਰ ਦਾਦੂ ਸਾਹਿਬ ਅਤੇ ਇਲਾਕਾ ਨਿਵਾਸੀ ਪਿੰਡ ਸਿੰਘਪੁਰਾ,ਧਰਮਪੁਰਾ,ਕੇਵਲ ਤਖਤਮੱਲ,ਤਾਰੂਆਣਾ, ਤਿਲੋਕੇਵਾਲਾ,ਮੱਲਵਾਲਾ,ਦੇਸੂ ਮੁਲਕਾਣਾ,ਕਾਲਾਂਵਾਲੀ ਪਿੰਡ,ਕਾਲਾਂਵਾਲੀ ਮੰਡੀ,ਚਕੇਰੀਆਂ,ਜਲਾਲਆਣਾ,ਲੱਕੜਾਂਵਾਲੀ,ਫੱਗੂ,ਦੇਸੂ ਸ਼ਹੀਦਾਂ,ਨੇਜਾ ਡੱਲਾ,ਪੱਕਾ ਸ਼ਹੀਦਾਂ,ਚਾਂਦਪੁਰਾ,ਲੱਕੜਾਂਵਾਲੀ,ਖਤਰਾਵਾਂ ਸਮੇਤ ਕਈ ਹੋਰ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਰਸਦਾਂ ਦੁੱਧ ਆਦਿਕ ਲੈ ਕੇ ਪੁੱਜੀਆਂ ਜਿਨਾਂ ਹੱਥੀਂ ਕਾਰ ਸੇਵਾ ਕੀਤੀ ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਮੈਂਬਰ ਜਗਤਾਰ ਸਿੰਘ ਮਾਨ ਮਿੱਠੜੀ,ਗੁਰਪਾਲ ਸਿੰਘ ਗੋਰਾ ਮੈਂਬਰ,ਪਰਮਜੀਤ ਸਿੰਘ ਮਾਖਾ ਸਾਬਕਾ ਮੈਂਬਰ,ਬਾਬਾ ਬਿੱਕਰ ਸਿੰਘ ਕਾਰ ਸੇਵਾ,ਬਾਬਾ ਗਾਂਧੀ ਜੀ ਕਾਰ ਸੇਵਾ,ਬਾਬਾ ਮਲਕੀਤ ਗਿਰ,ਬਾਬਾ ਸੁਖਪਾਲ ਸਿੰਘ ਤਖਤਮੱਲ,ਬਾਬਾ ਪ੍ਰਗਟ ਸਿੰਘ ਮੱਲਵਾਲਾ,ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਗੁਰਦੁਆਰਾ ਜੰਡਾਲੀਸਰ ਸਾਹਿਬ ਕੋਟ ਸ਼ਮੀਰ,ਸਰਬਜੀਤ ਸਿੰਘ ਜੰਮੂ,ਸਰਪੰਚ ਮੋਹਨਪ੍ਰੀਤ ਸਿੰਘ ਸਿੰਘਪੁਰਾ,ਸਰਪੰਚ ਗੁਰਮੀਤ ਸਿੰਘ ਚਕੇਰੀਆਂ,ਦਰਸ਼ਨ ਸਿੰਘ ਸਾਬਕਾ ਸਰਪੰਚ ਦਾਦੂ ਸਾਹਿਬ,ਬਲਜੀਤ ਸਿੰਘ ਸਾਬਕਾ ਸਰਪੰਚ ਫੱਗੂ,ਦਰਸ਼ਨ ਸਿੰਘ ਸਾਬਕਾ ਸਰਪੰਚ ਤਾਰੂਆਣਾ,ਜਗਤਾਰ ਸਿੰਘ ਗਿਆਨਾ,ਬਲਵਿੰਦਰ ਸਿੰਘ ਟਹਿਣਾ,ਜਸਵਿੰਦਰ ਸਿੰਘ ਡੱਲੇਵਾਲਾ,ਦਰਬਾਰਾ ਸਿੰਘ ਕੁਰੰਗਾਂਵਾਲੀ ਹਾਜ਼ਰ ਸਨ ਜਥੇਦਾਰ ਦਾਦੂਵਾਲ ਜੀ ਨੇ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗੁਰੂ ਕਾ ਲੰਗਰ ਪਕੌੜੇ,ਜਲੇਬੀਆਂ,ਪਰਸ਼ਾਦਾ,ਚਾਹ,ਦੁੱਧ,ਡਰਾਈ ਫਰੂਟ ਸਮੇਤ ਅਤੁੱਟ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ

# ਛੱਤ ਦਾ ਲੈਂਟਰ ਪਾਇਆ ਗਿਆ

## ਆਉਣ ਵਾਲੇ ਸਮੇਂ ਵਿੱਚ ਗੁਰੂ ਕੇ ਦਰਬਾਰ ਸਾਹਿਬ ਦੀ ਨਵੀਂ ਇਮਾਰਤ ਅਤੇ ਇੱਕ ਦੀਵਾਨ ਹਾਲ ਦਾ ਜਲਦੀ ਨਿਰਮਾਣ ਕਰਵਾਇਆ ਜਾਵੇਗਾ











ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸ੍ਰੀ ਦਰਬਾਰ ਸਾਹਿਬ ਵਿਖੇ ਬ੍ਰਿਟਿਸ਼ ਵਫ਼ਦ ਦਾ ਸਨਮਾਨ

# ਸਿਮਰਨਜੀਤ ਸਿੰਘ ਮਾਨ ਵੱਲੋਂ ਸ੍ਰੀ ਸਾਹਿਬ ਤੇ ਸਿਰੋਪਾ ਭੇਟ



**ਅੰਮ੍ਰਿਤਸਰ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨੇ ਬਰਮਿੰਘਮ ਦੇ ਸਾਬਕਾ ਲਾਰਡ ਮੇਅਰ ਕਾਰਲ ਰਾਈਸ ਮੋਬ ਦੀ ਅਗਵਾਈ ਹੇਠ ਆਏ ਬ੍ਰਿਟਿਸ਼ ਵਫ਼ਦ ਨੂੰ ਸ੍ਰੀ ਸਾਹਿਬ, ਸਿਰੋਪਾ ਅਤੇ ਸ਼ਾਲ ਦੇ ਕੇ ਸਨਮਾਨਿਤ ਕੀਤਾ।ਸਨਮਾਨ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਮਾਨ ਨੇ ਕਿਹਾ ਕਿ ਸਿੱਖਾਂ ਅਤੇ ਵਿਦੇਸ਼ੀ ਰਾਜਨੀਤਿਕ ਆਗੂਆਂ ਨਾਲ ਮਜ਼ਬੂਤ ਸਬੰਧ ਬਣਾਈ ਰੱਖਣ ਲਈ ਇਹ ਸਨਮਾਨ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਾਰਲ ਰਾਈਸ ਵਿਸ਼ੇਸ਼ ਤੌਰ 'ਤੇ ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਣ ਲਈ ਪਹੁੰਚੇ ਸਨ। ਮਾਨ ਨੇ ਚੌਥੇ ਅਤੇ ਪੰਜਵੇਂ ਪਾਤਸ਼ਾਹ ਦੀ ਵਿਰਾਸਤ ਨੂੰ ਯਾਦ ਕਰਦਿਆਂ ਕਿਹਾ ਕਿ ਰੰਗਰੇਟਿਆਂ ਦਾ ਬੁੰਗਾ ਬਣਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਚਿੰਤਾ ਜਤਾਈ ਕਿ ਇਸਦੀ ਅਣਹੋਂਦ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀ ਹੈ।ਉਨ੍ਹਾਂ ਨੇ 328 ਗੁੰਮ ਹੋਏ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੇ ਮਾਮਲੇ ਨੂੰ ਲੈ ਕੇ ਵੀ ਗੰਭੀਰ ਸਵਾਲ ਉਠਾਏ। ਮਾਨ ਨੇ ਕਿਹਾ ਕਿ ਸਪੱਸ਼ਟ ਨਿਰਦੇਸ਼ਾਂ ਦੇ ਬਾਵਜੂਦ ਸਿੱਟ ਵੱਲੋਂ ਕੋਈ ਢੁੱਕਵੀਂ ਪ੍ਰਗਤੀ ਨਹੀਂ ਕੀਤੀ ਗਈ।ਇਸ ਦੇ ਨਾਲ ਹੀ ਉਨ੍ਹਾਂ ਨੇ ਸਿੱਖ ਜੂਡੀਸ਼ਲ ਕਮਿਸ਼ਨ ਦੇ ਮੈਂਬਰ ਸਤਨਾਮ ਸਿੰਘ ਕਲੇਰ ਉੱਤੇ ਲਾਪਰਵਾਹੀ ਅਤੇ ਸੰਭਾਵਿਤ ਹੇਰਾਫੇਰੀ ਦੇ ਦੋਸ਼ ਲਗਾਉਂਦਿਆਂ ਕਿਹਾ ਕਿ ਸੁਣਵਾਈਆਂ ਤੇ ਵਾਰ-ਵਾਰ ਗੈਰਹਾਜ਼ਰੀ ਸਵਾਲ ਖੜ੍ਹੇ ਕਰਦੀ ਹੈ ਅਤੇ ਇਸ ਸਬੰਧੀ ਰਸਮੀ ਸ਼ਿਕਾਇਤਾਂ ਵੀ ਕੀਤੀਆਂ ਗਈਆਂ ਹਨ। ਜਿਸ ਤੋਂ ਬਾਅਦ ਹਾਈਕੋਰਟ ਨੇ ਆਦੇਸ਼ ਦਿੱਤਾ ਹੈ ਕਿ ਸਤਨਾਮ ਸਿੰਘ ਕਲੇਰ 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਹੁਣ ਦਖਲ ਨਹੀਂ ਕਰ ਸਕਦੇ । ਮਾਨ ਨੇ ਸ੍ਰੀ ਦਰਬਾਰ ਸਾਹਿਬ ਵਿਖੇ ਹਾਲ ਹੀ ਵਿੱਚ ਹੋਈ ਬੇਅਦਬੀ ਦੀ ਘਟਨਾ ਦੀ ਤਿੱਖੀ ਨਿੰਦਾ ਕਰਦਿਆਂ ਕਿਹਾ ਕਿ ਕਿਸੇ ਵੀ ਧਰਮ ਦੇ ਪੂਜਾ ਸਥਾਨ 'ਤੇ ਨਿਰਾਦਰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਜਿਵੇਂ ਸਿੱਖ ਮਸਜਿਦਾਂ ਅਤੇ ਚਰਚਾਂ ਦਾ ਸਤਿਕਾਰ ਕਰਦੇ ਹਨ, ਉਸੇ ਤਰ੍ਹਾਂ ਸਿੱਖ ਧਰਮ ਦਾ ਸਤਿਕਾਰ ਵੀ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਉਨ੍ਹਾਂ ਨੇ ਕਿਹਾ ਕਿ ਬੇਅਦਬੀ ਦੀਆਂ ਵਾਰ-ਵਾਰ ਵਾਪਰੀਆਂ ਘਟਨਾਵਾਂ ਸਿੱਖ ਪ੍ਰਭੂਸੱਤਾ ਦੀ ਅਣਹੋਂਦ ਨਾਲ ਜੁੜੀਆਂ ਹਨ ਅਤੇ ਇਹ ਰੁਕਣਗੀਆਂ ਨਹੀਂ ਜੇਕਰ ਸਿੱਖ ਇਕਜੁੱਟ ਨਹੀਂ ਹੁੰਦੇ। ਮਾਨ ਨੇ 40 ਸਾਲ ਪਹਿਲਾਂ ਪਾਸ ਹੋਏ ਖਾਲਿਸਤਾਨ ਸਬੰਧੀ ਸਰਬੱਤ ਖਾਲਸਾ ਮਤੇ ਨੂੰ ਯਾਦ ਕਰਦਿਆਂ 26 ਜਨਵਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਅਤੇ ਇਕੱਠ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਸਾਰੇ ਅਕਾਲੀ ਧੜਿਆਂ ਨੂੰ ਬਿਨਾਂ ਕਿਸੇ ਸ਼ਰਤ ਦੇ ਇਕੱਠੇ ਹੋਣ ਦਾ ਸੱਦਾ ਦਿੱਤਾ ਤਾਂ ਜੋ ਵੰਡ ਅਤੇ ਰਾਜਨੀਤਿਕ ਸ਼ੋਸ਼ਣ ਦਾ ਅੰਤ ਕੀਤਾ ਜਾ ਸਕੇ। ਅੰਤ ਵਿੱਚ ਮਾਨ ਨੇ ਵਿਸ਼ਵਾਸ ਜਤਾਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਉਣ ਵਾਲੇ ਧਾਰਮਿਕ ਪ੍ਰੋਗਰਾਮ ਨੂੰ ਪੂਰਾ ਸਮੱਰਥਨ ਦੇ ਰਹੀ ਹੈ ਅਤੇ ਅਰਦਾਸ ਨੂੰ ਸਹੀ ਢੰਗ ਨਾਲ ਕਰਵਾਇਆ ਜਾਵੇਗਾ। ਇਸ ਮੌਕੇ ਪਾਰਟੀ ਦੇ ਜਨਰਲ ਸਕੱਤਰ ਹਰਪਾਲ ਸਿੰਘ ਬਲੇਰ, ਜਥੇਬੰਦਕ ਸਕੱਤਰ ਮਾਝਾ ਜਸਵੀਰ ਸਿੰਘ ਬਚੜੇ, ਨਿਜੀ ਸਕੱਤਰ ਉਪਿੰਦਰਪ੍ਰਤਾਪ ਸਿੰਘ ਜੀ ਹਾਜ਼ਰ ਸਨ।

**26 ਜਨਵਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਕੱਠ ਲਈ ਸਿੱਖਾਂ ਨੂੰ ਇਕਜੁੱਟ ਹੋਣ ਦਾ ਸੱਦਾ**

ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲੀ ਦਲ ਵਾਰਿਸ ਪੰਜਾਬ ਦੇ ਪੀਏਸੀ ਕਮੇਟੀ ਵੱਲੋਂ 25 ਫਰਵਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ

# ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ ਖ਼ਾਲਸਾ ਵਹੀਰ ਕੱਢਣ ਦਾ ਫੈਸਲਾ



**ਮੋਗਾ, 25 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅੱਜ ਮੋਗਾ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਰਾਜਨੀਤਿਕ ਮਾਮਲਿਆਂ ਬਾਰੇ ਬਣੀ ਪੀਏਸੀ ਕਮੇਟੀ ਦੀ ਪਹਿਲੀ ਮੀਟਿੰਗ ਹੋਈ। ਮੀਟਿੰਗ ਵਿੱਚ ਪੀਏਸੀ ਕਮੇਟੀ ਦੇ ਮੈਂਬਰਾਂ ਵਿੱਚੋਂ ਸ੍ਰ ਬਾਬੂ ਸਿੰਘ ਬਰਾੜ, ਭਾਈ ਪਰਮਜੀਤ ਸਿੰਘ ਜੌਹਲ, ਸ੍ਰ ਪ੍ਰਗਟ ਸਿੰਘ ਸੰਧੂ, ਭਾਈ ਦਲੇਰ ਸਿੰਘ ਡੋਡ, ਸ੍ਰ ਲੱਖਾ ਸਿੰਘ ਸਿਧਾਣਾਂ ਅਤੇ ਐਡਵੋਕੇਟ ਹਰਜੋਤ ਸਿੰਘ ਮਾਨ ਹਾਜ਼ਰ ਰਹੇ।ਮੀਟਿੰਗ ਦੌਰਾਨ ਪਾਰਟੀ ਦੀ ਸਿਆਸੀ ਦਿਸ਼ਾ, ਪੰਥਕ ਜ਼ਿੰਮੇਵਾਰੀਆਂ ਅਤੇ ਪੰਜਾਬ ਦੇ ਮੌਜੂਦਾ ਹਾਲਾਤਾਂ 'ਤੇ ਵਿਸਥਾਰ ਨਾਲ ਵਿਚਾਰ-ਚਰਚਾ ਕੀਤੀ ਗਈ। ਪੀਏਸੀ ਕਮੇਟੀ ਨੇ 25 ਫਰਵਰੀ 2026 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲੈ ਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ ਵੱਖ-ਵੱਖ ਪੜਾਂਵਾਂ ਤੇ ਰੁਕਦਿਆਂ ਖ਼ਾਲਸਾ ਵਹੀਰ ਕੱਢਣ ਦੇ ਅਹਿਮ ਫੈਸਲੇ 'ਤੇ ਸਰਬਸੰਮਤੀ ਨਾਲ ਮੋਹਰ ਲਗਾਈ। ਕਮੇਟੀ ਨੇ ਕਿਹਾ ਕਿ ਇਹ ਖ਼ਾਲਸਾ ਵਹੀਰ ਪੰਥਕ ਏਕਤਾ, ਸਿੱਖੀ ਵਜੂਦ ਅਤੇ ਪੰਜਾਬ ਦੇ ਹੱਕਾਂ ਦੀ ਆਵਾਜ਼ ਨੂੰ ਮਜ਼ਬੂਤੀ ਦੇਵੇਗੀ। ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ 30 ਜਨਵਰੀ 2026 ਨੂੰ ਪਾਰਟੀ ਦੇ ਸੀਨੀਅਰ ਆਗੂ, ਜ਼ਿਲ੍ਹਾ ਅਬਜ਼ਰਵਰ ਅਤੇ ਅਹੁੱਦੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨਤਮਸਤਕ ਹੋਣਗੇ, ਤਾਂ ਜੋ ਪੰਥਕ ਮਰਯਾਦਾ ਅਨੁਸਾਰ ਚੁੱਕੇ ਜਾਣ ਵਾਲੇ ਅਗਲੇ ਸੰਘਰਸ਼ੀਲ ਕਦਮਾਂ ਲਈ ਆਸ਼ੀਰਵਾਦ ਲਿਆ ਜਾ ਸਕੇ। ਪੀਏਸੀ ਕਮੇਟੀ ਨੇ ਪਾਰਟੀ ਦੀ ਮਜ਼ਬੂਤੀ ਲਈ ਵੱਖ-ਵੱਖ ਵਿੰਗ ਬਣਾਉਣ ਦਾ ਵੀ ਫੈਸਲਾ ਕੀਤਾ, ਜਿੰਨ੍ਹਾਂ ਵਿੱਚ ਇਸਤਰੀ ਵਿੰਗ, ਯੂਥ ਵਿੰਗ ਅਤੇ ਕਿਸਾਨ ਵਿੰਗ ਸ਼ਾਮਲ ਹੋਣਗੇ, ਤਾਂ ਜੋ ਸਮਾਜ ਦੇ ਹਰ ਵਰਗ ਨੂੰ ਪਾਰਟੀ ਨਾਲ ਸਰਗਰਮ ਤੌਰ 'ਤੇ ਜੋੜਿਆ ਜਾ ਸਕੇ। ਇਸਦੇ ਨਾਲ ਹੀ ਪਾਰਟੀ ਦੀ ਤਾਲਮੇਲ ਕਮੇਟੀ ਬਣਾਉਣ, ਮੀਡੀਆ ਸੈੱਲ ਅਤੇ ਆਈ.ਟੀ. ਸੈੱਲ ਦਾ ਗਠਨ ਕਰਨ ਦਾ ਫੈਸਲਾ ਵੀ ਕੀਤਾ ਗਿਆ, ਤਾਂ ਜੋ ਪਾਰਟੀ ਦੀ ਆਵਾਜ਼ ਨੂੰ ਲੋਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾ ਸਕੇ। ਮੀਟਿੰਗ ਦੌਰਾਨ ਪੰਜਾਬ ਦੀਆਂ ਵੱਖ-ਵੱਖ ਧਾਰਮਿਕ ਜਥੇਬੰਦੀਆਂ ਨਾਲ ਪਾਰਟੀ ਦੇ ਰਲੇਵੇਂ ਅਤੇ ਸਾਂਝ ਵਧਾਉਣ ਬਾਰੇ ਵੀ ਵਿਚਾਰ-ਚਰਚਾ ਕੀਤੀ ਗਈ ਅਤੇ ਇਸ ਦਿਸ਼ਾ ਵਿੱਚ ਅਗਲੇ ਕਦਮ ਚੁੱਕਣ 'ਤੇ ਸਹਿਮਤੀ ਬਣੀ। ਪੀਏਸੀ ਕਮੇਟੀ ਨੇ ਦੁਹਰਾਇਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਥਕ ਸੋਚ, ਸੰਵਿਧਾਨਕ ਹੱਕਾਂ ਅਤੇ ਪੰਜਾਬ ਦੇ ਲੋਕਾਂ ਦੇ ਮਸਲਿਆਂ ਲਈ ਪੂਰੀ ਦ੍ਰਿੜਤਾ ਨਾਲ ਸੰਘਰਸ਼ ਕਰਦਾ ਰਹੇਗਾ।

**26 ਜਨਵਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਕੱਠ ਲਈ ਸਿੱਖਾਂ ਨੂੰ ਇਕਜੁੱਟ ਹੋਣ ਦਾ ਸੱਦਾ**

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਨੰਗਲ ਵਿੱਚ 26 ਜਨਵਰੀ ਧੂਮਧਾਮ ਨਾਲ ਮਨਾਇਆ ਗਿਆ





**ਚੌਕ ਮਹਿਤਾ,25 ਜਨਵਰੀ,( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਨਾਮਵਾਰ ਵਿਦਿਆ ਸੰਸਥਾ ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਨੰਗਲ ਵਿੱਚ ਗਣਤੰਤਰ ਦਿਵਸ 26 ਜਨਵਰੀ ਨੂੰ ਬੜੀ ਸ਼ਾਨੋ-ਸ਼ੌਕਤ ਅਤੇ ਦੇਸ਼ਭਗਤੀ ਦੇ ਜਜ਼ਬੇ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਪ੍ਰਬੰਧਨ ਟੀਮ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।* ਸਕੂਲ ਦੇ ਡਾਇਰੈਕਟਰ ਨਰਿੰਦਰ ਸਿੰਘ ਬਾਠ ਅਤੇ ਰਾਜਵੰਤ ਕੌਰ ਬਾਠ ਦੀ ਅਗਵਾਈ ਹੇਠ ਇਹ ਸਮਾਗਮ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਸਕੂਲ ਦੀ ਪ੍ਰਿੰਸੀਪਲ ਸਾਖਸ਼ੀ ਬੇਦੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਗਣਤੰਤਰ ਦਿਵਸ ਦੀ ਮਹੱਤਤਾ ਅਤੇ ਸੰਵਿਧਾਨ ਦੇ ਮੂਲ ਅਸੂਲਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਮੈਡਮ ਹਰਪ੍ਰੀਤ ਕੌਰ ਬਾਠ, ਮੈਡਮ ਰਾਜਬੀਰ ਕੌਰ, ਮੈਡਮ ਨਵਜੋਤ ਕੌਰ, ਜਸ਼ਨਪ੍ਰੀਤ ਕੌਰ, ਪਰਦੀਪ ਕੌਰ, ਕੋਮਲਪ੍ਰੀਤ ਕੌਰ, ਅਰਸ਼ਦੀਪ ਕੌਰ, ਮੈਡਮ ਹਰਪ੍ਰੀਤ ਕੌਰ ਨੱਤ, ਸਰ ਜੁਗਰਾਜ ਸਿੰਘ, ਮੈਡਮ ਰਮਨਪ੍ਰੀਤ ਕੌਰ, ਮੈਡਮ ਹਰਮਨਪ੍ਰੀਤ ਕੌਰ, ਮੈਡਮ ਅਮਨਦੀਪ ਕੌਰ ਅਤੇ ਮੈਡਮ ਸਿਮਰਨਜੀਤ ਕੌਰ ਦੀ ਵੀ ਵਿਸ਼ੇਸ਼ ਹਾਜ਼ਰੀ ਰਹੀ। ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਗੀਤ, ਕਵਿਤਾਵਾਂ ਅਤੇ ਸੰਸਕ੍ਰਿਤਿਕ ਪ੍ਰਸਤੁਤੀਆਂ ਪੇਸ਼ ਕੀਤੀਆਂ ਗਈਆਂ, ਜਿਨ੍ਹਾਂ ਨੇ ਸਮਾਗਮ ਨੂੰ ਹੋਰ ਵੀ ਰੰਗੀਨ ਬਣਾ ਦਿੱਤਾ। ਸਮਾਪਤੀ 'ਤੇ ਸਕੂਲ ਪ੍ਰਬੰਧਨ ਵੱਲੋਂ ਸਭ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ ਗਈ ਅਤੇ ਦੇਸ਼ ਲਈ ਚੰਗਾ ਨਾਗਰਿਕ ਬਣਨ ਦਾ ਸੰਦੇਸ਼ ਦਿੱਤਾ ਗਿਆ। ਇਸ ਤਰ੍ਹਾਂ, ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵਿੱਚ 26 ਜਨਵਰੀ ਦਾ ਦਿਨ ਦੇਸ਼ਭਗਤੀ ਅਤੇ ਇਕਤਾ ਦੇ ਸੁਨੇਹੇ ਨਾਲ ਯਾਦਗਾਰ ਬਣਿਆ।


ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰਸਿੱਧ ਬ੍ਰਿਟਿਸ਼ ਪੱਤਰਕਾਰ ਸਰ ਮਾਰਕ ਟੱਲੀ ਦਾ 90 ਸਾਲ ਦੀ ਉਮਰ ਵਿੱਚ ਦਿੱਲੀ ਵਿੱਚ ਦੇਹਾਂਤ

**ਨਵੀਂ ਦਿੱਲੀ, 25 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਵੈਟਰਨ ਬ੍ਰਿਟਿਸ਼ ਪੱਤਰਕਾਰ ਅਤੇ ਬੀਬੀਸੀ ਦੇ "ਭਾਰਤ ਦੀ ਆਵਾਜ਼" ਵਜੋਂ ਜਾਣੇ ਜਾਂਦੇ ਸਰ ਮਾਰਕ ਟੱਲੀ ਨੇ ਅੱਜ ਦਿੱਲੀ ਵਿੱਚ ਆਖਰੀ ਸਾਹ ਲਏ ਹਨ। ਉਹ 90 ਸਾਲ ਦੇ ਸਨ। ਬੀਬੀਸੀ ਨਿਊਜ਼ ਅਤੇ ਹੋਰ ਭਰੋਸੇਯੋਗ ਸੂਤਰਾਂ ਅਨੁਸਾਰ, ਉਹ ਕੁਝ ਸਮੇਂ ਤੋਂ ਬਿਮਾਰ ਸਨ ਅਤੇ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ ਅਧੀਨ ਸਨ। ਮਾਰਕ ਟੱਲੀ ਦਾ ਜਨਮ 24 ਅਕਤੂਬਰ 1935 ਨੂੰ ਕਲਕੱਤਾ (ਹੁਣ ਕੋਲਕਾਤਾ) ਵਿੱਚ ਹੋਇਆ ਸੀ। ਉਹ 1965 ਤੋਂ 1994 ਤੱਕ (ਕੁਝ ਵਿਰਾਮਾਂ ਨਾਲ) ਬੀਬੀਸੀ ਦੇ ਨਵੀਂ ਦਿੱਲੀ ਬਿਊਰੋ ਚੀਫ ਰਹੇ। ਉਨ੍ਹਾਂ ਨੇ ਭਾਰਤ ਦੀਆਂ ਵੱਡੀਆਂ ਘਟਨਾਵਾਂ ਜਿਵੇਂ ਕਿ ਆਪਰੇਸ਼ਨ ਬਲੂ ਸਟਾਰ (1984), ਇੰਦਰਾ ਗਾਂਧੀ ਦੀ ਹੱਤਿਆ, ਭੋਪਾਲ ਗੈਸ ਤ੍ਰਾਸਦੀ ਅਤੇ ਕਈ ਰਾਜਨੀਤਿਕ ਮਾਮਲਿਆਂ ਨੂੰ ਬਹੁਤ ਸੰਤੁਲਿਤ ਅਤੇ ਡੂੰਘਾਈ ਨਾਲ ਕਵਰ ਕੀਤਾ। ਉਨ੍ਹਾਂ ਦੀ ਸ਼ਾਂਤ ਅਤੇ ਅਥਾਰਟੀ ਵਾਲੀ ਰੇਡੀਓ ਰਿਪੋਰਟਿੰਗ ਨੇ ਪੂਰੇ ਦੱਖਣੀ ਏਸ਼ੀਆ ਵਿੱਚ ਉਨ੍ਹਾਂ ਨੂੰ ਬਹੁਤ ਮਾਣ-ਸਤਿਕਾਰ ਦਿਵਾਇਆ। ਬੀਬੀਸੀ ਤੋਂ ਰਿਟਾਇਰ ਹੋਣ ਤੋਂ ਬਾਅਦ ਉਨ੍ਹਾਂ ਨੇ ਕਈ ਮਸ਼ਹੂਰ ਕਿਤਾਬਾਂ ਲਿਖੀਆਂ, ਜਿਨ੍ਹਾਂ ਵਿੱਚ ਸਭ ਤੋਂ ਪ੍ਰਸਿੱਧ "ਨੋ ਫੁੱਲ ਸਟੌਪਸ ਇਨ ਇੰਡੀਆ" (ਪੰਜਾਬੀ ਵਿੱਚ ਅਨੁਵਾਦ ਵੀ ਉਪਲਬਧ) ਹੈ, ਜਿਸ ਵਿੱਚ ਉਨ੍ਹਾਂ ਨੇ ਭਾਰਤੀ ਸਮਾਜ, ਸੱਭਿਆਚਾਰ ਅਤੇ ਰਾਜਨੀਤੀ ਬਾਰੇ ਡੂੰਘੀ ਸਮਝ ਪੇਸ਼ ਕੀਤੀ। ਉਨ੍ਹਾਂ ਨੂੰ ਬ੍ਰਿਟੇਨ ਵੱਲੋਂ ਨਾਈਟਹੁੱਡ (KBE), ਭਾਰਤ ਸਰਕਾਰ ਵੱਲੋਂ ਪਦਮ ਸ਼੍ਰੀ ਅਤੇ ਪਦਮ ਭੂਸ਼ਣ ਵਰਗੇ ਸਨਮਾਨ ਮਿਲੇ ਸਨ। ਉਹ ਭਾਰਤ ਦੇ ਓਵਰਸੀਜ਼ ਸਿਟੀਜ਼ਨਸ਼ਿਪ (OCI) ਕਾਰਡ ਧਾਰਕ ਵੀ ਸਨ। ਉਨ੍ਹਾਂ ਦੇ ਨਜ਼ਦੀਕੀ ਦੋਸਤ ਅਤੇ ਸਾਥੀ ਪੱਤਰਕਾਰ ਸਤੀਸ਼ ਜੇਕਬ ਨੇ ਇਸ ਦੁੱਖਦ ਖ਼ਬਰ ਦੀ ਪੁਸ਼ਟੀ ਕੀਤੀ ਹੈ। ਪੱਤਰਕਾਰਾਂ, ਰਾਜਨੀਤਕ ਨੇਤਾਵਾਂ ਅਤੇ ਪਾਠਕਾਂ ਵੱਲੋਂ ਸੋਸ਼ਲ ਮੀਡੀਆ ਅਤੇ ਹੋਰ ਪਲੇਟਫਾਰਮਾਂ ਤੇ ਉਨ੍ਹਾਂ ਨੂੰ ਸ਼ਰਧਾਂਜਲੀਆਂ ਦਿੱਤੀਆਂ ਜਾ ਰਹੀਆਂ ਹਨ। ਬਹੁਤ ਸਾਰੇ ਲੋਕ ਉਨ੍ਹਾਂ ਨੂੰ ਆਧੁਨਿਕ ਭਾਰਤ ਦਾ ਸੱਚਾ ਕਰਨੀਕਲਰ ਅਤੇ ਨਿਰਪੱਖ ਪੱਤਰਕਾਰੀ ਦਾ ਪ੍ਰਤੀਕ ਮੰਨਦੇ ਹਨ। ਸਰ ਮਾਰਕ ਟੱਲੀ ਦੀ ਯਾਦ ਵਿੱਚ - ਉਨ੍ਹਾਂ ਦੀ ਭਾਰਤ ਨਾਲ ਡੂੰਘੀ ਨਿਸ਼ਚਾ ਅਤੇ ਪੱਤਰਕਾਰੀ ਵਿੱਚ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਤੇਗ ਬਹਾਦੁਰ ਜੀ ਦਾ 350ਵਾਂ ਸ਼ਹੀਦੀ ਦਿਵਸ ਸਮਾਗਮ ਨਾਂਦੇੜ ਵਿਖੇ ਹੋਇਆ ਸੰਪੂਰਨ

## ਮਹਾਂਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਸਣੇ ਵੱਖੋ ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਗੁਰੂ ਚਰਨਾਂ 'ਚ ਲਗਵਾਈ ਹਾਜ਼ਰੀ








ਚੌਕ ਮਹਿਤਾ, 25 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦੁਰ ਜੀ ਦਾ 350ਵਾਂ ਸ਼ਹੀਦੀ ਦਿਵਸ ਸਮਾਗਮ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 350ਵਾਂ ਗੁਰਤਾ ਗੱਦੀ ਸਮਾਗਮ ਗੁਰੂ ਸਾਹਿਬਾਨ ਦੀ ਪਵਿੱਤਰ ਧਰਤੀ ਨਾਂਦੇੜ ਵਿਖੇ ਸੰਪੂਰਨ ਹੋ ਨਿੱਬੜਿਆ। ਇਸ ਮੌਕੇ 5 ਲੱਖ ਤੋਂ ਵੀ ਵਧੇਰੇ ਸੰਗਤ ਨੇ ਗੁਰੂ ਸਾਹਿਬਾਨ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਸਮਾਗਮ ਦੇ ਦੂਜੇ ਅਤੇ ਅੰਤਿਮ ਦਿਨ ਜਿੱਥੇ ਪੰਥ ਦੇ ਹੁਜ਼ੂਰੀ ਰਾਗੀ ਅਤੇ ਕੀਰਤਨੀ ਜਥਿਆਂ ਨੇ ਗੁਰਬਾਣੀ ਦੇ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਉੱਥੇ ਹੀ ਸਨਾਤਨ ਮਤ ਨਾਲ ਜੁੜੇ ਅਤੇ ਸੰਤ ਸਮਾਜ ਦੇ ਵੱਡੇ ਆਗੂਆਂ ਨੇ ਵੀ ਇਸ ਮੌਕੇ ਗੁਰੂ ਸਾਹਿਬਾਨ ਦਾ ਗੁਣਗਾਨ ਕੀਤਾ। ਸਮਾਗਮ ਦੇ ਆਖ਼ਿਰ ਵਿੱਚ ਮਹਾਂਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ, ਉੱਪ ਮੁੱਖ ਮੰਤਰੀ ਅਜੀਤ ਪਵਾਰ, ਆਂਧਰਾ ਪ੍ਰਦੇਸ਼ ਦੇ ਡਿਪਟੀ ਮੁੱਖ ਮੰਤਰੀ ਪਵਨ ਕਲਿਆਣ ਸਣੇ ਸਿਆਸੀ ਅਤੇ ਧਾਰਮਿਕ ਸਖ਼ਸ਼ੀਅਤਾਂ ਨੇ ਗੁਰੂ ਸਾਹਿਬਾਨ ਦੇ ਜੀਵਨ ਅਤੇ ਇਤਿਹਾਸ 'ਤੇ ਚਾਨਣਾ ਪਾਇਆ ਨਾਲ ਹੀ ਗੁਰੂ ਸਾਹਿਬਾਨ ਨੂੰ ਕੋਟੀ ਕੋਟਿ ਨਮਨ ਕੀਤਾ। ਇਸ ਮੌਕੇ ਇਸ ਮਹਾਂਰਾਸ਼ਟਰ ਸ਼ਤਾਬਦੀ ਸਮਾਗਮਾਂ ਦੇ ਚੇਅਰਮੈਨ ਅਤੇ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਨੇ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਦੇ ਜੀਵਨ ਅਤੇ ਸਿਖਿਆਨਾਵਾਂ 'ਤੇ ਪ੍ਰਕਾਸ਼ ਪਾਇਆ ਤੇ ਨਾਲ ਹੀ ਕਿਹਾ ਕਿ ਗੁਰੂ ਤੇਗ ਬਹਾਦੁਰ ਸਾਹਿਬ ਸ਼ਹਾਦਤ ਨਾ ਦਿੰਦੇ ਤਾਂ ਭਾਰਤ ਵਿੱਚ ਇਸਲਾਮ ਤੋਂ ਇਲਾਵਾ ਕੋਈ ਦੂਜਾ ਧਰਮ ਨਹੀਂ ਬਚਣਾ ਸੀ, ਉਨ੍ਹਾਂ ਕਿਹਾ ਕਿ ਜ਼ਾਲਮ ਮੁਗ਼ਲੀਆ ਹੁਕੂਮਤ ਸਾਹਮਣੇ ਸਿਰਫ ਗੁਰੂ ਤੇਗ ਬਹਾਦੁਰ ਸਾਹਿਬ ਜੀ ਨੇ ਹੀ ਆਵਾਜ਼ ਬੁਲੰਦ ਕੀਤੀ ਅਤੇ ਗੁਰੂ ਸਾਹਿਬ ਜੀ ਦੀ ਸ਼ਹਾਦਤ ਤੋਂ ਬਾਅਦ ਔਰੰਗਜ਼ੇਬ ਭਾਰਤ ਵਿਚ ਕਿਸੇ ਦਾ ਵੀ ਧਰਮ ਨਹੀਂ ਬਦਲਵਾ ਸਕਿਆ। ਇਸ ਮੌਕੇ ਉਨ੍ਹਾਂਨੇ ਇਸ ਸਮਾਗਮ ਦੇ ਕਾਮਯਾਬ ਆਯੋਜਨ ਵਿਚ ਸਹਿਯੋਗ ਦੇਣ ਲਈ ਮਹਾਂਰਾਸ਼ਤਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦਾ ਧੰਨਵਾਦ ਵੀ ਅਦਾ ਕੀਤਾ। ਨਾਲ ਹੀ ਗੁਰੂ ਸਾਹਿਬਾਨ ਦਾ ਇਤਿਹਾਸ ਮਹਾਂਰਾਸ਼ਤਰ ਦੇ ਸਕੂਲੀ ਬੱਚਿਆਂ ਦੇ ਸਿਲੇਬਸ ਵਿਚ ਜੋੜਨ ਲਈ ਵੀ ਉਨ੍ਹਾਂਨੇ ਮੁੱਖ ਮੰਤਰੀ ਫੜਨਵੀਸ ਦੀ ਸ਼ਲਾਘਾ ਕੀਤੀ। ਇਸ ਮੌਕੇ ਉਨ੍ਹਾਂਨੇ ਕਿਹਾ ਕਿ ਹਰ ਇਕ ਸਨਾਤਨੀ ਦੇ ਘਰ ਵਿਚ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੀ ਤਸਵੀਰ ਜ਼ਰੂਰ ਹੋਣੀ ਚਾਹੀਦੀ ਹੈ। ਇਸ ਮੌਜੇ ਦਿੱਲੀ ਸਰਕਾਰ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਇਸ ਸਮਾਗਮ ਦੇ ਕਾਮਯਾਬ ਆਯੋਜਨ ਲਈ ਮਹਾਂਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਉਨ੍ਹਾਂਨੇ ਗੁਰੂ ਸਾਹਿਬਾਨ ਨੂੰ ਸਮਰਪਿਤ ਐਡਾ ਵਡਾ ਸਮਾਗਮ ਕਦੇ ਨਹੀਂ ਵੇਖਿਆ। ਇਸ ਮੌਕੇ ਉਨ੍ਹਾਂ ਗੁਰੂ ਸਾਹਿਬਾਨ ਦੀ ਲਾਸਾਨੀ ਸ਼ਹਾਦਤ ਅਤੇ ਉਨ੍ਹਾਂਦੀਆਂ ਸਿੱਖਿਆਵਾਂ 'ਤੇ ਵੀ ਚਾਨਣਾ ਪਾਇਆ।

ਇਸ ਤੋਂ ਬਾਅਦ ਮਹਾਂਰਾਸ਼ਤਰ ਦੇ ਉੱਪ ਮੁੱਖ ਮੰਤਰੀ ਅਜੀਤ ਪਵਾਰ ਨੇ ਇਸ ਸਮਾਗਮ ਲਈ ਜਿਥੇ ਮਹਾਂਰਾਸ਼ਤਰ ਦੇ ਮੁੱਖ ਮੰਤਰੀ ਦੀ ਸ਼ਲਾਘਾ ਕੀਤੀ ਉਥੇ ਹੀ ਵੱਖੋ ਵੱਖ ਭਾਈਚਾਰਿਆਂ ਵਲੋਂ ਇਸ ਸਮਾਗਮ ਚ ਸ਼ਿਰਕਤ ਕਰਨ ਲਈ ਸੰਗਤਾਂ ਦਾ ਧੰਨਵਾਦ ਵੀ ਕੀਤਾ ਅਤੇ ਨਾਲ ਹੀ ਗੁਰੂ ਸਾਹਿਬਾਨ ਨੂੰ ਨਮਨ ਕੀਤਾ। ਉਧਰ ਆਂਧਰਾ ਪ੍ਰਦੇਸ਼ ਦੇ ਡਿਪਟੀ ਮੁੱਖ ਮੰਤਰੀ ਪਵਨ ਕਲਿਆਣ ਨੇ ਕਿਹਾ ਕਿ ਉਹ ਨਾਂਦੇੜ ਦੀ ਇਸ ਪਾਵਨ ਧਰਤਿ ਤੇ ਮਹਿਮਾਨ ਨਹੀਂ ਬਲਕਿ ਇੱਕ ਸ਼ਰਧਾਲੂ ਵਜੋਂ ਆਏ ਨੇ ਅਤੇ ਗੁਰੂ ਸਾਹਿਬਾਨ ਦੇ ਚਰਨਾਂ ਵਿੱਚ ਕੋਟੀ ਕੋਟਿ ਨਮਨ ਕਰਦੇ ਨੇ। ਉਨ੍ਹਾਂ ਇਹ ਵੀ ਕਿਹਾ ਕਿ ਗੁਰੂ ਤੇਗ ਬਹਾਦੁਰ ਜੀ ਨੇ ਉਸ ਧਰਮ ਲਈ ਆਪਣਾ ਸੀਸ ਕੁਰਬਾਨ ਕਰ ਦਿੱਤਾ ਜੋ ਉਨ੍ਹਾਂਦਾ ਆਪਣਾ ਨਹੀਂ ਸੀ। ਸਮਾਗਮ ਦੇ ਆਖ਼ਿਰ ਵਿੱਚ ਸੰਗਤਾਂ ਨੂੰ ਸੰਬੋਧਨ ਕਰਦਿਆਂ ਮਹਾਂਰਾਸ਼ਤਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਗੁਰੂ ਤੇਗ ਬਹਾਦੁਰ ਸਾਹਿਬ ਦੀ ਸ਼ਹਾਦਤ ਨੂੰ ਸਿਜਦਾ ਕਰਦਿਆਂ ਕਿਹਾ ਕਿ ਇਹ ਗੱਲ ਬਿਲਕੁਲ ਸਹੀ ਹੈ ਕਿ ਜੇਕਰ ਗੁਰੂ ਤੇਗ ਬਹਾਦੁਰ ਸਾਹਿਬ ਜੀ ਨੇ ਕੁਰਬਾਨੀ ਨਾ ਦਿੱਤੀ ਹੁੰਦੀ ਤਾਂ ਅੱਜ ਅਸੀਂ ਇਸ ਮੰਚ 'ਤੇ ਨਹੀਂ ਹੋਣਾ ਸੀ, ਉਨ੍ਹਾਂਨੇ ਇਸ ਦੌਰਾਨ ਗੁਰੂ ਸਾਹਿਬਾਨ ਦੇ ਨਾਲ ਸ਼ਹੀਦ ਹੋਣ ਵਾਲੇ ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦਾ ਵੀ ਜ਼ਿਕਰ ਕੀਤਾ ਤੇ ਨਾਲ ਹੀ ਭਾਈ ਲੱਖੀ ਸ਼ਾਹ ਬੰਜਰਾ ਜੀ ਦੀ ਹਿੰਮਤ ਅਤੇ ਦਲੇਰੀ ਨੂੰ ਵੀ ਨਮਨ ਕੀਤਾ। ਇਸ ਮੌਕੇ ਉਨ੍ਹਾਂ ਜਾਣਕਾਰੀ ਦਿੱਤੀ ਕਿ ਇਸ ਸਮਾਗਮ ਰਾਹੀਂ ਨਾਨਕ ਨਾਮ ਲੇਵਾ 9 ਭਾਈਚਾਰਿਆਂ ਦਾ ਵੀ ਅਸੀਂ ਧੰਨਵਾਦ ਕਰਦੇ ਹਾਂ ਕਿਉਂਕਿ ਇਹ ਸਾਰੇ ਸਮਾਜ ਹਿੰਦੂਆਂ ਤੇ ਸਿੱਖਾਂ ਵਿੱਚ ਏਕਤਾ ਦਾ ਪ੍ਰਤੀਕ ਨੇ। ਉਨ੍ਹਾਂਨੇ ਇਹ ਜਾਣਕਾਰੀ ਵੀ ਦਿੱਤੀ ਕਿ ਮਹਾਂਰਾਸ਼ਤਰ ਸਰਕਾਰ ਆਪਣੇ ਸਕੂਲੀ ਸਿਕੇਬਸ ਵਿੱਚ ਵੀ ਸਿੱਖ ਗੁਰੂ ਸਾਹਿਬਾਨ ਦਾ ਇਤਿਹਾਸ ਸ਼ਾਮਿਲ ਕਰ ਰਹੀ ਹੈ ਤੇ ਅੱਗੇ ਵੀ ਗੁਰੂ ਸਾਹਿਬਾਨ ਨੂੰ ਸਮਰਪਿਤ ਇਸ ਤਰ੍ਹਾਂ ਦੀਆਂ ਕੋਸ਼ਿਸ਼ਾਂ ਜਾਰੀ ਰਹਿਣਗੀਆਂ।

ਕੁੱਲ ਮਿਲਾਕੇ ਤਖ਼ਤ ਸੱਚਖੰਡ ਸ੍ਰੀ ਹੁਜ਼ੂਰ ਸਾਹਿਬ ਬੋਰਡ ਅਤੇ ਮਹਾਂਰਾਸ਼ਟਰ ਸਰਕਾਰ ਵਲੋਂ ਕਰਵਾਇਆ ਗਿਆ ਇਹ ਸਮਾਗਮ ਬੇਹਦ ਕਾਮਯਾਬੀ ਨਾਲ ਸੰਪੂਰਨ ਹੋਇਆ ਤੇ ਸੰਗਤਾਂ ਦੇ ਹੜ੍ਹ ਨੇ ਨਾ ਸਿਰਫ ਗੁਰੂ ਸਾਹਿਬਾਨ ਦੇ ਜੀਵਨ ਅਤੇ ਸ਼ਹਾਦਤ ਬਾਰੇ ਜਾਣਕਾਰੀ ਹਾਸਿਲ ਕੀਤੀ ਸਗੋਂ ਸਿੱਖ ਫਲਸਫੇ ਦੇ ਮਹਾਨ ਰੂਪ ਦੇ ਵੀ ਦਰਸ਼ਨ ਕੀਤੇ ਜਿਸਦੇ ਤਹਿਤ ਗੁਰੂ ਨਾਨਕ ਸਾਹਿਬ ਦਾ ਅਟੁੱਟ ਲੰਗਰ ਰੂਪੀ ਪ੍ਰਸ਼ਾਦ ਵੀ ਸ਼ਰਧਾਲੂਆਂ ਨੇ ਗ੍ਰਹਿਣ ਕੀਤਾ ਅਤੇ ਨਿਹੰਗ ਸਿੰਘ ਜਥੇਬੰਦੀਆਂ ਵਲੋਂ ਸਮਾਗਮ ਸਥਾਨ ਤੇ ਕੀਤੇ ਗਤਕੇ ਦੇ ਪ੍ਰਦਰਸ਼ਨ ਨੇ ਵੀ ਸੰਗਤਾਂ ਨੂੰ ਖਾਲਸਾਈ ਜਾਹੋ ਜਲਾਲ ਦੇ ਅਲੌਕਿਨ ਦਰਸ਼ਨ ਕਰਵਾਏ।

ਅੱਜ ਬਰਸੀ 'ਤੇ ਵਿਸ਼ੇਸ਼

# ਢਾਡੀ ਕਲਾ ਦਾ ਸਿਖਰ-ਢਾਡੀ ਗਿਆਨੀ ਦਇਆ ਸਿੰਘ ਦਿਲਬਰ



**ਢਾਡੀ ਕਲਾ** ਪੰਜਾਬੀ ਲੋਕ-ਸੰਗੀਤ ਦਾ ਇਕ ਅਹਿਮ ਅੰਗ ਹੀ ਨਹੀਂ, ਸਗੋਂ ਪੰਜਾਬ ਦਾ ਕੀਮਤੀ ਵਿਰਸਾ ਵੀ ਹੈ। ਇਸ ਕਲਾ ਨੂੰ ਅਤੇ ਵਿਰਸੇ ਨੂੰ ਸੰਭਾਲਣ ਲਈ ਛੇਵੇਂ ਗੁਰੂ ਨਾਨਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੇ ਵੱਡਮੁੱਲਾ ਯੋਗਦਾਨ ਪਾਇਆ। ਢਾਡੀ ਪ੍ਰਸੰਗ ਅਤੇ ਢਾਡੀ ਵਾਰਾਂ ਸੁਣ ਕੇ ਹਰ ਪੰਜਾਬੀ ਦਾ ਲਹੂ ਖੌਲ ਉੱਠਦਾ ਹੈ। ਲਹਿੰਦੇ ਅਤੇ ਚੜ੍ਹਦੇ ਪੰਜਾਬ ਨੇ ਗੁਰੂ ਕਾਲ ਤੋਂ ਹੁਣ ਤੱਕ ਅਨੇਕਾਂ ਨਾਮਵਰ ਢਾਡੀ ਪੈਦਾ ਕੀਤੇ ਹਨ। ਢਾਡੀ ਕਲਾ ਨੂੰ ਸੰਭਾਲਣ ਲਈ ਜਿਹੜਾ ਯੋਗਦਾਨ ਗੁਰਪੁਰ ਵਾਸੀ ਢਾਡੀ ਦਇਆ ਸਿੰਘ ਦਿਲਬਰ ਨੇ ਪਾਇਆ, ਉਹ ਸ਼ਬਦਾਂ ਦਾ ਮੁਹਤਾਜ ਨਹੀਂ। ਗਿਆਨੀ ਦਇਆ ਸਿੰਘ ਦਿਲਬਰ ਇਕੋ ਸਮੇਂ ਅਨੇਕਾਂ ਗੁਣ ਲੈ ਕੇ ਇਸ ਸਾਂਝੇ ਪੰਜਾਬ ਦੀ ਧਰਤੀ ਦਾ ਸ਼ਿੰਗਾਰ ਹੋ ਨਿਬੜਿਆ। ਗਿਆਨੀ ਦਇਆ ਸਿੰਘ ਦਿਲਬਰ ਜਿਥੇ ਗੁਰਮਤਿ ਸਿਧਾਂਤਾਂ ਦੀ ਸੋਝੀ ਰੱਖਣ ਵਾਲਾ ਵਿਦਵਾਨ ਤੇ ਬੇਧੜਕ ਵਕਤਾ ਸੀ। ਇਸ ਤੋਂ ਇਲਾਵਾ ਉਹ ਕਲਮ ਦਾ ਧਨੀ, ਢਾਡੀ ਕਲਾ ਦਾ ਬੇਤਾਜ ਬਾਦਸ਼ਾਹ ਅਤੇ ਪੰਥਕ ਸਟੇਜਾਂ ਦਾ ਸ਼ਿੰਗਾਰ ਵੀ ਸੀ। ਅਸਲ ਵਿੱਚ ਸ਼ਬਦਾਂ ਦਾ ਉਹ ਸਫ਼ਲ ਜਾਦੂਗਰ ਸੀ। ਘੰਟਿਆਂ ਬੱਧੀ ਸਿੱਖ ਸੰਗਤ ਮੰਤਰ ਮੁਗਧ ਹੋ ਕੇ ਜੈਕਾਰੇ ਗੁੰਜਾਉਂਦੀ, ਆਪਾ ਭੁੱਲ ਕੇ ਉਸ ਨੂੰ ਸੁਣਦੀ ਅਤੇ ਭਰਪੂਰ ਦਾਦ ਦਿੰਦੀ ਸੀ। ਉਸ ਦੀ ਕਲਾ ਦੀ ਹਰ ਕੋਈ ਸਰਾਹਣਾ ਕਰਦਾ ਸੀ। ਅਸਲ ਵਿੱਚ ਭਾਸ਼ਨ ਕਲਾ ਲਈ ਸ਼ਬਦ-ਭੰਡਾਰ ਦਾ ਹੋਣਾ ਜ਼ਰੂਰੀ ਹੁੰਦਾ ਹੈ। ਉਸ ਉੱਪਰ ਕਰਤੇ ਦੀ ਬਖ਼ਸ਼ਿਸ਼ ਸੀ।

ਢਾਡੀ ਦਇਆ ਸਿੰਘ ਦਿਲਬਰ ਦਾ ਜਨਮ ਲਹਿੰਦੇ ਪੰਜਾਬ ਦੇ ਜ਼ਿਲ੍ਹਾ ਲਾਹੌਰ ਦੀ ਤਹਿਸੀਲ ਕਸੂਰ ਦੇ ਪਿੰਡ ਸਹਾਰੀ ਵਿਖੇ ਪਿਤਾ ਸ। ਈਸ਼ਰ ਸਿੰਘ ਦੇ ਗ੍ਰਹਿ ਵਿਖੇ ਮਾਤਾ ਗੁਰਨਾਮ ਕੌਰ ਦੀ ਕੁੱਖੋਂ ਹੋਇਆ। ਜਦੋਂ ਦਿਲਬਰ ਨੇ ਜਵਾਨੀ ਦੀ ਦਹਿਲੀਜ਼ 'ਤੇ ਪੈਰ ਧਰਿਆ ਤਾਂ 17 ਕੁ ਸਾਲ ਦੀ ਉਮਰ ਵਿੱਚ ਦੇਸ਼ ਵੰਡਿਆ ਗਿਆ। ਦਿਲਬਰ ਵੀ ਆਪਣੇ ਮਾਤਾ-ਪਿਤਾ ਨਾਲ ਦੇਸ਼ ਦੀ ਵੰਡ ਦੇ ਦੁੱਖਾਂ ਦਾ ਝੰਬਿਆ ਜ਼ਿਲ੍ਹਾ ਜਲੰਧਰ ਦੀ ਤਹਿਸੀਲ ਨਵਾਂ ਸ਼ਹਿਰ (ਹੁਣ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ) ਦੇ ਪਿੰਡ ਸਲੋਅ ਵਿਖੇ ਆ ਵਸਿਆ। ਦੇਸ਼ ਦੀ ਵੰਡ ਤੋਂ ਪਹਿਲਾਂ ਮਰਹੂਮ ਲੇਖਕ ਤੇ ਢਾਡੀ ਕਲਾ ਦੇ ਧਰੂ ਤਾਰੇ ਗਿਆਨੀ ਸੋਹਣ ਸਿੰਘ ਸੀਤਲ ਨੂੰ ਸਟੇਜਾਂ ਤੋਂ ਬੋਲਦਿਆਂ ਸੁਣ ਕੇ ਅੰਤਰ ਆਤਮਾ ਤੋਂ ਢਾਡੀ ਬਣਨ ਦਾ ਨਿਰਣਾ ਕਰ ਲਿਆ। ਕਵੀਸ਼ਰੀ ਵਿੱਚ ਪਰਪੱਕ ਹੋਣ ਲਈ ਗਿਆਨੀ ਕਰਤਾਰ ਸਿੰਘ ਬੀਰਮਪੁਰ ਨੂੰ ਉਸਤਾਦ ਧਾਰ ਲਿਆ। ਹੁਣ ਚੜ੍ਹਦੇ ਪੰਜਾਬ ਦੇ ਦੁਆਬੇ ਦੀ ਇਸ ਧਰਤੀ ਤੋਂ ਢਾਡੀ ਜਥਾ ਬਣਕੇ ਸਿੱਖ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਲਈ ਕਮਰ ਕੱਸੇ ਕਰ ਲਏ। ਇਕ ਸਫ਼ਲ ਕਵੀ ਵਜੋਂ ਬੀਰ ਰਸੀ ਵਾਰਾਂ ਦੀ ਰਚਨਾ ਕਰਕੇ ਢਾਡੀ ਵਾਰਾਂ ਤੇ ਪ੍ਰਸੰਗ ਲਿਖ ਕੇ ਢਾਡੀ ਸਾਹਿਤ ਦੇ ਖਜ਼ਾਨੇ ਨੂੰ ਭਰਪੂਰ ਕੀਤਾ। ਲਗਪਗ ਚਾਲੀ ਪੁਸਤਕਾਂ ਢਾਡੀ ਕਲਾ ਦੇ ਚਹੇਤੇ ਪਾਠਕਾਂ ਦੀ ਝੋਲੀ ਪਾਈਆਂ। ਜਦੋਂ ਇਲੈਕਟ੍ਰਾਨਿਕ ਯੁੱਗ ਦੀ ਸ਼ੁਰੂਆਤ ਹੋਈ ਤਾਂ ਸੀ ਡੀ ਅਤੇ ਵੀ ਸੀ ਡੀ ਦੀਆਂ 50 ਤੋਂ 60 ਐਲਬਮਾਂ ਵੱਖਰੀਆਂ-ਵੱਖਰੀਆਂ ਕੰਪਨੀਆਂ ਤੋਂ ਰਿਕਾਰਡ ਕਰਵਾ ਕੇ ਦੇਸ਼-ਵਿਦੇਸ਼ ਵਿੱਚ ਵੱਸਦੇ ਸਰੋਤਿਆਂ ਤੋਂ ਭਰਪੂਰ ਵਾਹ-ਵਾਹ ਖੱਟੀ। ਅੱਜ ਇਹੋ ਸੀ ਡੀ ਅਤੇ ਵੀ ਸੀ ਡੀ ਨੇ ਯੂ-ਟਿਊਬ ਤੇ ਫੇਸਬੁੱਕ ਤੋਂ ਸਰੋਤਿਆਂ ਦੀ ਢਾਡੀ ਕਲਾ ਦੀਆਂ ਵੰਨਗੀਆਂ ਸੁਣ ਕੇ ਨਵੀਂ ਪੀੜ੍ਹੀ ਨੂੰ ਬੀਰ ਰਸ ਨਾਲ ਜੋੜਨ ਲਈ ਯੋਗਦਾਨ ਪਾ ਕੇ ਢਾਡੀ ਕਲਾ ਦਾ ਇਹ ਹੀਰਾ ਹਾਜ਼ਰ-ਨਾਜ਼ਰ ਨਜ਼ਰ ਆਉਂਦਾ ਹੈ।

ਆਪਣੀ ਹਯਾਤੀ ਦੌਰਾਨ ਗਿਆਨੀ ਦਇਆ ਸਿੰਘ ਦਿਲਬਰ ਨੇ ਦੇਸ਼-ਵਿਦੇਸ਼ ਦੀਆਂ ਨਾਮਵਰ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਤੋਂ ਸੈਂਕੜੇ ਮਾਣ ਸਨਮਾਨ ਪ੍ਰਾਪਤ ਕੀਤੇ। 1979 ਈ: ਵਿੱਚ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਸੋਨੇ ਦਾ ਢਾਈ ਤੋਲੇ ਦਾ ਮੈਡਲ, ਦੁਸ਼ਾਲਾ ਤੇ ਨਕਦੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਪਿੱਛੋਂ 1994 ਈ: ਵਿੱਚ ਪੰਜਾਬ ਭਾਸ਼ਾ ਵਿਭਾਗ ਵੱਲੋਂ ਸ਼੍ਰੋਮਣੀ ਢਾਡੀ ਪੁਰਸਕਾਰ ਪ੍ਰਾਪਤ ਕੀਤਾ। ਸ੍ਰੀ ਅੰਮ੍ਰਿਤਸਰ ਸ਼ਹਿਰ ਦੇ ਚਾਰ ਸੌ ਸਾਲਾ ਸਮਾਗਮਾਂ ਸਮੇਂ ਪੰਜਾਬ ਸਰਕਾਰ ਵੱਲੋਂ ਮਿਲਿਆ ਸਨਮਾਨ ਵੀ ਉਨ੍ਹਾਂ ਦੀ ਵਿਸ਼ੇਸ਼ ਪ੍ਰਾਪਤੀ ਸੀ। ਜਦੋਂ ਵੀ ਪੰਜਾਬੀਆਂ ਅਤੇ ਸਿੱਖਾਂ ਨੂੰ ਕਿਸੇ ਸੰਘਰਸ਼ ਵਿੱਚ ਕੁੱਦਣਾ ਪਿਆ, ਉਸ ਸਮੇਂ ਜੇਲ੍ਹ ਯਾਤਰਾਵਾਂ ਵੀ ਗਿਆਨੀ ਦਇਆ ਸਿੰਘ ਦਿਲਬਰ ਦੇ ਜੀਵਨ ਦਾ ਹਿੱਸਾ ਬਣੀਆਂ। ਸਮੇਂ-ਸਮੇਂ ਸਿੱਖ ਆਗੂਆਂ ਤੇ ਪੰਥਕ ਸਫ਼ਾਂ ਵਿੱਚ ਗਿਆਨੀ ਦਇਆ ਸਿੰਘ ਦਿਲਬਰ ਨੂੰ ਜਿਹੜਾ ਸਤਿਕਾਰ ਮਿਲਿਆ ਉਹ ਵਿਰਲੇ ਲੋਕਾਂ ਨੂੰ ਹੀ ਮਿਲਦਾ ਹੈ।

26 ਜਨਵਰੀ, 2006 ਨੂੰ ਜਦੋਂ ਸਮੁੱਚਾ ਦੇਸ਼ ਗਣਤੰਤਰ ਦਿਵਸ ਦੀ ਵਰ੍ਹੇਗੰਢ ਮਨਾ ਰਿਹਾ ਸੀ, ਉਸ ਸਮੇਂ ਸਿੱਖ ਕੌਮ ਦਾ ਹੀਰਾ ਪੁੱਤਰ ਜ਼ਿੰਦਗੀ ਦਾ ਸਫ਼ਰ ਮੁਕਾ ਕੇ ਗੁਰੂ ਦੀ ਗੋਦ ਵਿੱਚ ਬਿਰਾਜ ਰਿਹਾ ਸੀ। ਅੱਜ ਢਾਡੀ ਕਲਾ ਦੇ ਇਸ ਵੱਡਮੁੱਲੇ ਹੀਰੇ ਅਤੇ ਭਾਸ਼ਨ ਕਲਾ ਦੇ ਸਿਖਰ ਵਜੋਂ ਸਤਿਕਾਰੇ ਗਿਆਨੀ ਦਇਆ ਸਿੰਘ ਦਿਲਬਰ ਨੂੰ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੇ ਪਿਆਰੇ ਅਤੇ ਢਾਡੀ ਕਲਾ ਪ੍ਰਸ਼ੰਸਕ ਤੇ ਗਹਿਰ-ਗੰਭੀਰ ਸਰੋਤੇ ਹਿਰਦੇ ਦੀਆਂ ਗਹਿਰਾਈਆਂ ਤੋਂ ਯਾਦ ਕਰ ਰਹੇ ਹਨ। ਅਜਿਹੇ ਗੁਣੀ ਇਨਸਾਨਾਂ ਦੀ ਘਾਟ ਕੌਮਾਂ ਲਈ ਨਾ ਪੂਰਿਆ ਜਾਣ ਵਾਲਾ ਘਾਟਾ ਹੁੰਦਾ ਹੈ। ਅੱਜ ਉਨ੍ਹਾਂ ਨਾਲ ਪਿਆਰ ਕਰਨ ਵਾਲੇ ਅਨੇਕਾਂ ਢਾਡੀ ਅਤੇ ਬੁਲਾਰੇ ਉਨ੍ਹਾਂ ਦਾ ਥਾਂ ਲੈਣ ਲਈ ਯਤਨਸ਼ੀਲ ਨਜ਼ਰ ਆ ਰਹੇ ਹਨ। ਉਨ੍ਹਾਂ ਦੀ ਪਵਿੱਤਰ ਯਾਦ ਨੂੰ ਸਾਡਾ ਪ੍ਰਣਾਮ। ••

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040



# ਜੰਡਿਆਲਾ ਗੁਰੂ ਵਿਖੇ 2 ਕਰੋੜ 65 ਲੱਖ ਰੁਪਏ ਦੇ ਵਿਕਾਸ ਕਾਰਜ਼ਾਂ ਦਾ ਕੀਤਾ ਉਦਘਾਟਨ ਵਿਕਾਸ ਕਾਰਜਾਂ ਵਿੱਚ ਨਹੀਂ ਰਹਿਣ ਦਿੱਤੀ ਜਾਵੇਗੀ ਕੋਈ ਕਮੀ : ਈ.ਟੀ.ਓ



**ਜੰਡਿਆਲਾ ਗੁਰੂ**, 25 **ਜਨਵਰੀ ( ਕੁਲਵੰਤ ਸਿੰਘ ਵਿਰਦੀ** )-ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਪਿੰਡ ਵਾਸੀਆਂ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਅੱਜ ਜੰਡਿਆਲਾ ਗੁਰੂ ਵਿਖੇ 2 ਕਰੋੜ 65 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਸਮੇਂ ਕੀਤਾ! ਸ: ਈ.ਟੀ.ਓ ਨੇ ਕਿਹਾ ਕਿ ਇਨਾਂ ਵਿਕਾਸ ਕਾਰਜਾਂ ਦੇ ਅਧੀਨ 40 ਲੱਖ ਰੁਪਏ ਦੀ ਲਾਗਤ ਨਾਲ ਬਾਗ ਵਾਲਾ ਖੂਹ ਵਿਖੇ ਇੰਟਰਲਾਕਿੰਗ ਟਾਈਲਾਂ ਅਤੇ ਸੀਵਰੇਜ ਦਾ ਕੰਮ, 80.40 ਲੱਖ ਰੁਪਏ ਦੀ ਲਾਗਤ ਨਾਲ ਬਾਬਾ ਦੀਪ ਸਿੰਘ ਕਾਲੋਨੀ ਵਿਖੇ ਇੰਟਲਾਕਿੰਗ ਟਾਈਲਾਂ ਦਾ ਕੰਮ, 99.90 ਲੱਖ ਰੁਪਏ ਦੀ ਲਾਗਤ ਨਾਲ ਐਵਰਗਰੀਨ ਕਾਲੋਨੀ ਦੀਆਂ ਇੰਟਰਾਲਿੰਕਗ ਟਾਈਲਾਂ ਅਤੇ ਸੀਵਰੇਜ ਦਾ ਕੰਮ, 15 ਲੱਖ ਰੁਪਏ ਦੀ ਲਾਗਤ ਨਾਲ ਸਤਗੁਰੂ ਇਨਕਲੇਵ ਦੇ ਰਸਤੇ ਦੀਆਂ ਇੰਟਰਲਾਕਿੰਗ ਟਾਈਲਾਂ ਅਤੇ 30 ਲੱਖ ਰੁਪਏ ਦੀ ਲਾਗਤ ਨਾਲ ਧੀਰੇ ਕੋਰਟ ਰੋਡ ਤੇ ਸੀਤਾ ਕਾਲੋਨੀ ਵਿਖੇ ਇੰਟਰਲਾਕਿੰਗ ਟਾਈਲਾਂ ਦਾ ਕੰਮ ਦਾ ਉਦਘਾਟਨ ਕੀਤਾ। ਉਨਾਂ ਕਿਹਾ ਕਿ ਇਹ ਸਾਰੇ ਕਾਰਜ ਲੋਕਾਂ ਨੂੰ ਬਿਹਤਰ ਸੁਵਿਧਾ ਪ੍ਰਦਾਨ ਕਰਨ ਅਤੇ ਹਲਕੇ ਦੇ ਬੁਨਿਆਦੀ ਵਿਕਾਸ ਨੂੰ ਮਜ਼ਬੂਤ ਕਰਨ ਲਈ ਕੀਤੇ ਗਏ ਹਨ। ਕੈਬਨਿਟ ਮੰਤਰੀ ਈ.ਟੀ.ਓ. ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਵਿਕਾਸ ਕਾਰਜਾਂ ਦੀ ਨਿਰੰਤਰ ਨਿਗਰਾਨੀ ਕੀਤੀ ਜਾਵੇ। ਉਨਾਂ ਕਿਹਾ ਕਿ ਵਿਕਾਸ ਕਾਰਜਾਂ ਵਿਚ ਕਿਸੇ ਕਿਸਮ ਦੀ ਢਿੱਲ ਮਿਠ ਬਰਦਾਸ਼ ਨਹੀ ਕੀਤੀ ਜਾਵੇਗੀ। ਸ: ਈ.ਟੀ.ਓ. ਨੇ ਪ੍ਰੈਸ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ ਜਿਸਨੇ ਹਰੇਕ ਸੂਬਾ ਵਾਸੀ ਲਈ ਮੁਫ਼ਤ ਸਿਹਤ ਸੰਭਾਲ, ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ, ਅਤੇ ਮੁਫ਼ਤ ਬਸ ਯਾਤਰਾ ਦੀ ਗਰੰਟੀ ਦਿੱਤੀ ਹੈ। ਚੋਣਾਂ ਤੋਂ ਪਹਿਲਾਂ ਦਿੱਤੀਆਂ ਗਰੰਟੀਆਂ ਵਿਚੋਂ ਇਕ ਸਿਹਤ ਗਰੰਟੀ ਸੀ ਕਿ ਪੰਜਾਬ ਦੇ ਹਰ ਵਿਅਕਤੀ ਅਤੇ ਹਰ ਨਾਗਰਿਕ ਲਈ ਮੁਫ਼ਤ ਅਤੇ ਮਿਆਰੀ ਸਿਹਤ ਸੰਭਾਲ ਪ੍ਰਦਾਨ ਕੀਤੀ ਜਾਵੇਗੀ। ਉਨਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਬਾਅਦ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸੂਬੇ ਨੇ ਆਪਣੇ ਹਰ ਵਾਸੀ ਲਈ 10 ਲੱਖ ਰੁਪਏ ਦਾ ਸਿਹਤ ਬੀਮਾ ਯੋਜਨਾ ਕੀਤਾ ਹੈ। ਉਨਾਂ ਕਿਹਾ ਕਿ ਹੁਣ ਗਰੀਬ ਲੋਕ ਵੀ ਮਹਿੰਗੇ ਹਸਪਤਾਲਾਂ ਵਿੱਚ ਮੁਫ਼ਤ ਆਪਣਾ ਇਲਾਜ ਕਰਵਾ ਸਕਣਗੇ। ਉਨਾਂ ਕਿਹਾ ਕਿ ਵੱਡੀਆਂ ਅਤੇ ਛੋਟੀ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਹੋਣਗੇ! ਸ: ਈ.ਟੀ.ਓ. ਨੇ ਕਿਹਾ ਕਿ ਸਾਡੀ ਸਰਕਾਰ ਆਮ ਆਦਮੀ ਪਾਰਟੀ ਦੀ ਸਰਕਾਰ ਹੈ ਅਤੇ ਅਸੀਂ ਜੋ ਵੀ ਵਿਕਾਸ ਦੀਆਂ ਗਰੰਟੀਆਂ ਦਿੱਤੀਆਂ ਸਨ, ਉਸ ਨੂੰ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਹੈ। ਉਨਾਂ ਪਿਛਲੀਆਂ ਸਰਕਾਰਾਂ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਵਲੋਂ ਹਲਕੇ ਦਾ ਵੱਧ ਵਿਕਾਸ ਅਤੇ ਹੁਣ ਤੱਕ ਦੀਆਂ ਸਭ ਤੋਂ ਵੱਧ ਗਰਾਂਟਾਂ ਦਿੱਤੀਆਂ ਗਈਆਂ ਹਨ। ਉਨਾਂ ਕਿਹਾ ਕਿ ਅਸੀਂ ਆਪਣੇ ਕੰਮਾਂ ਦੇ ਆਧਾਰ ਤੇ ਲੋਕਾਂ ਦੀ ਕਚਿਹਿਰੀ ਵਿੱਚ ਜਾਵਾਂਗੇ ਅਤੇ ਭਾਰੀ ਬਹੁਮਤ ਨਾਲ ਜਿੱਤ ਕੇ ਮੁੜ ਸਰਕਾਰ ਬਣਾਵਾਂਗੇ ਅਤੇ ਪੰਜਾਬ ਦੇ ਲੋਕਾਂ ਦੀ ਭਲਾਈ ਦੇ ਕੰਮ ਕਰਾਂਗੇ।

40 ਸਾਲ ਪਹਿਲਾਂ ਹੋਏ ਸਰਬੱਤ ਖਾਲਸਾ ਦੌਰਾਨ ਖਾਲਿਸਤਾਨ ਬਾਰੇ

# ਕੋਈ ਗੁਰਮਤਾ ਪਾਸ ਨਹੀਂ ਹੋਇਆ ਸੀ : ਵੱਸਣ ਸਿੰਘ ਜਫਰਵਾਲ

ਸਰਬੱਤ ਖਾਲਸਾ 1986 ਬਾਰੇ ਭਾਈ ਵੱਸਣ ਸਿੰਘ ਜਫਰਵਾਲ ਦੇ ਬਿਆਨ

ਸਰਬੱਤ ਖਾਲਸਾ (ਜਨਵਰੀ 1986) ਸੰਬੰਧੀ ਗੱਲਬਾਤ ਕਰਦਿਆਂ ਭਾਈ ਵੱਸਣ ਸਿੰਘ ਜਫਰਵਾਲ—ਜੋ ਉਸ ਸਮੇਂ ਪੰਥਕ ਕਮੇਟੀ ਦੇ ਮੈਂਬਰ ਰਹੇ, ਖਾਲਿਸਤਾਨ ਕਮਾਂਡੋ ਫੋਰਸ ਦੇ ਚੀਫ਼ ਜਨਰਲ ਰਹੇ ਅਤੇ ਵਰਤਮਾਨ ਵਿੱਚ ਯੂਨਾਈਟਡ ਅਕਾਲੀ ਦਲ ਨਾਲ ਸੰਬੰਧਤ ਹਨ—ਨੇ 'ਆਵਾਜ਼-ਏ-ਕੌਮ' ਅਖ਼ਬਾਰ ਦੇ ਪੱਤਰਕਾਰ ਨਾਲ ਗੱਲ ਕਰਦਿਆਂ ਕਿਹਾ

ਆਵਾਜ਼ਿ ਕੌਮ AWAZE QAUM International Newspaper & WEB TV

ਕਿ 40 ਸਾਲ ਪਹਿਲਾਂ ਹੋਏ ਸਰਬੱਤ ਖਾਲਸਾ ਦੌਰਾਨ ਖਾਲਿਸਤਾਨ ਬਾਰੇ ਕੋਈ ਗੁਰਮਤਾ ਪਾਸ ਨਹੀਂ ਹੋਇਆ ਸੀ।

ਉਨ੍ਹਾਂ ਦੱਸਿਆ ਕਿ ਖਾਲਿਸਤਾਨ ਦਾ ਐਲਾਨ 29 ਅਪ੍ਰੈਲ 1986 ਨੂੰ ਪੰਥਕ ਕਮੇਟੀ ਵੱਲੋਂ ਕੀਤਾ ਗਿਆ ਸੀ, ਜੋ ਕਿ ਸਰਬੱਤ ਖਾਲਸਾ ਦੌਰਾਨ ਹੀ ਗਠਿਤ ਕੀਤੀ ਗਈ ਸੀ। ਉਨ੍ਹਾਂ ਇਹ ਵੀ ਕਿਹਾ ਕਿ ਅੱਜਕੱਲ੍ਹ ਕੁਝ ਲੋਕ ਇਹ ਪ੍ਰਚਾਰ ਕਰ ਰਹੇ ਹਨ ਕਿ ਉਸ ਸਮੇਂ ਕੋਈ ਪਰਚੀਆਂ



ਨਹੀਂ ਪਾਈਆਂ ਗਈਆਂ, ਜਦਕਿ ਹਕੀਕਤ ਵਿੱਚ ਅਪ੍ਰੈਲ 1986 ਦੀ 12 ਜਾਂ 13 ਤਰੀਕ ਨੂੰ ਪਰਚੀਆਂ ਪਾਈਆਂ ਗਈਆਂ ਸਨ।ਉਨ੍ਹਾਂ ਮੁਤਾਬਕ, ਖਾਲਿਸਤਾਨ ਦਾ ਐਲਾਨ ਨਾ ਕਰਨ ਬਾਰੇ ਪਰਚੀ ਆਈ ਸੀ। ਇਸ ਕਰਕੇ ਉਸ ਦਿਨ ਖਾਲਿਸਤਾਨ ਦਾ ਐਲਾਨ ਨਹੀਂ ਕੀਤਾ ਗਿਆ ਅਤੇ ਬਾਅਦ ਵਿੱਚ ਪੰਥਕ ਕਮੇਟੀ ਵੱਲੋਂ 29 ਅਪ੍ਰੈਲ 1986 ਨੂੰ ਖਾਲਿਸਤਾਨ ਦਾ ਐਲਾਨ ਕੀਤਾ ਗਿਆ।

ਇੱਕ ਸਵਾਲ ਦੇ ਜਵਾਬ ਵਿੱਚ ਭਾਈ ਵਸਣ ਸਿੰਘ ਜਫਰਵਾਲ ਨੇ ਕਿਹਾ ਕਿ ਪਹਿਲਾਂ ਲੜਾਈ ਉਸ ਸਮੇਂ ਦੇ ਹਾਲਾਤਾਂ ਅਨੁਸਾਰ ਲੜੀ ਗਈ ਅਤੇ ਅੱਜ ਵੀ ਹਾਲਾਤਾਂ ਦੇ ਮੁਤਾਬਕ ਪੰਜਾਬ ਨੂੰ ਬਚਾਉਣ ਲਈ ਲੜਾਈ ਲੜੀ ਜਾ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਆਪਣੇ ਨਿਸ਼ਾਨੇ ਤੋਂ ਪਿੱਛੇ ਹਟਣ ਜਾਂ ਯੂ-ਟਰਨ ਲੈਣ ਬਾਰੇ ਕੀਤਾ ਜਾ ਰਿਹਾ ਪ੍ਰਚਾਰ ਬਿਲਕੁਲ ਬੇਬੁਨਿਆਦ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਨਸ਼ਿਆਂ ਨਾਲ ਗੰਭੀਰ ਤੌਰ 'ਤੇ ਪ੍ਰਭਾਵਿਤ ਹੋ ਰਿਹਾ ਹੈ ਅਤੇ ਬਾਹਰ ਬੈਠ ਕੇ ਟਿੱਪਣੀਆਂ ਕਰਨਾ ਬਹੁਤ ਸੌਖਾ ਹੈ।ਉਨ੍ਹਾਂ ਅਨੁਸਾਰ, ਸਭ ਤੋਂ ਪਹਿਲੀ ਤਰਜੀਹ ਪੰਜਾਬ ਨੂੰ ਬਚਾਉਣ ਦੀ ਹੋਣੀ ਚਾਹੀਦੀ ਹੈ, ਜਿੱਥੇ ਅਸੀਂ ਖਾਲਿਸਤਾਨ ਬਣਾਉਣਾ ਚਾਹੁੰਦੇ ਹਾਂ।

ਨੌਜਵਾਨ ਆਪਣੀ ਵੋਟ ਬਨਾਉਣ ਅਤੇ ਇਸਦਾ ਇਸਤੇਮਾਲ ਕਰਕੇ

# ਸਮਾਜਿਕ ਜਿੰਮੇਵਾਰੀ ਨਿਭਾਉਣ: ਜ਼ਿਲ੍ਹਾ ਚੋਣ ਅਫਸਰ




ਜੰਡਿਆਲਾ ਗੁਰੂ 25 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਸਾਡਾ ਦੇਸ਼ ਦੁਨੀਆਂ ਦਾ ਸਭ ਤੋਂ ਵੱਡਾ ਲੋਕਤਾਂਤਰਿਕ ਦੇਸ਼ ਇਸ ਲਈ ਹੈ ਕਿਉਂਕਿ ਇਸ ਦੇ ਸਾਰੇ ਯੋਗ ਨਾਗਰਿਕ ਆਪਣੀ ਵੋਟ ਦਾ ਇਸਮੇਤਾਲ ਕਰਕੇ ਲੋਕਾਂ ਵੱਲੋਂ, ਲੋਕਾਂ ਲਈ ਤੇ ਲੋਕਾਂ ਦੀ ਸਰਕਾਰ ਚੁਨਣ ਵਿੱਚ ਆਪੋ ਆਪਣਾ ਯੋਗਦਾਨ ਪਾਉਂਦੇ ਹਨ। ਵੋਟ ਬਣਵਾਉਣਾ ਤੇ ਉਸ ਦਾ ਬਿਨਾਂ ਕਿਸੇ ਲਾਲਚ ਜਾਂ ਭੇਦਭਾਵ ਤੋਂ ਇਸਤੇਮਾਲ ਕਰਨਾ ਜਿਥੇ ਸਾਡਾ ਸੰਵਿਧਾਨਕ ਹੱਕ ਹੈ ਉਥੇ ਹੀ ਵੋਟ ਦਾ ਸਹੀ ਇਸਤੇਮਾਲ ਸਾਡੀ ਸਮਾਜਿਕ ਜਿੰਮੇਵਾਰੀ ਵੀ ਬਣਦੀ ਹੈ। ਇਸ ਲਈ ਸਾਨੂੰ ਆਪਣੀ ਸਮਾਜਿਕ ਜਿੰਮੇਵਾਰੀ ਤੋਂ ਕਦੇ ਵੀ ਭੱਜਣਾ ਨਹੀਂ ਚਾਹੀਦਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ 16ਵੇਂ ਨੈਸ਼ਨਲ ਵੋਟਰ ਦਿਵਸ ਮੌਕੇ ਬੀ ਬੀ ਕੇ ਡੀ ਏ ਵੀ ਕਾਲਜ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਨੈਸ਼ਨਲ ਵੋਟਰ ਦਿਵਸ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਸੰਵਿਧਾਨਕ ਹੱਕ ਦੀ ਇਮਾਨਦਾਰੀ ਨਾਲ ਵਰਤੋਂ ਕਰਨੀ ਚਾਹੀਦੀ ਹੈ ਤਾਂ ਜੋ ਆਪਣੇ ਸੁਫਨਿਆਂ ਦੀ ਸਰਕਾਰ ਬਣਾਈ ਜਾ ਸਕੇ।ਜ਼ਿਲ੍ਹਾ ਚੋਣ ਅਫਸਰ ਨੇ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਚੋਣਾਂ ਵਿੱਚ ਮਹਿਲਾਵਾਂ ਵੋਟਰ ਜਿਆਦਾ ਗਿਣਤੀ ਵਿੱਚ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰ ਰਹੀਆਂ ਹਨ। ਉਨਾਂ ਕਿਹਾ ਕਿ ਵੋਟ ਪਾਉਣ ਦਾ ਅਧਿਕਾਰ ਸੰਵਿਧਾਨ ਨੇ ਸਾਨੂੰ ਦਿੱਤਾ ਹੋਇਆ ਹੈ ਅਤੇ ਸਾਡਾ ਸਭ ਦਾ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਵੋਟ ਪਾਉਣ ਦੇ ਹੱਕ ਨੂੰ ਜ਼ਰੂਰ ਪੂਰਾ ਕਰੀਏ। ਉਨਾਂ ਕਿਹਾ ਕਿ ਅਕਸਰ ਸਾਡੀ ਨੌਜਵਾਨ ਪੀੜ੍ਹੀ ਆਪਣੀ ਵੋਟ ਦਾ ਇਸਤੇਮਾਲ ਕਰਨ ਤੋਂ ਅਵੇਸਲੀ ਹੋ ਜਾਂਦੀ ਹੈ, ਜੋ ਕਿ ਕਿਸੇ ਵੀ ਤਰ੍ਹਾਂ ਨਾਲ ਸਹੀ ਨਹੀਂ ਠਹਿਰਾਇਆ ਜਾ ਸਕਦਾ ।ਉਨ੍ਹਾਂ ਕਿਹਾ ਕਿ ਨੌਜਵਾਨ ਜੋ ਕਿ ਸਾਡੇ ਦੇਸ਼ ਦਾ ਭਵਿੱਖ ਹਨ ਨੂੰ ਆਪਣੀ ਵੋਟ ਬਣਵਾ ਕੇ ਉਸ ਦਾ ਸਹੀ ਇਸਤੇਮਾਲ ਕਰਕੇ ਆਪਣੀ ਸਮਾਜਿਕ ਜਿੰਮੇਵਾਰੀ ਨੂੰ ਜਰੂਰ ਨਿਭਾਉਣਾ ਚਾਹੀਦਾ ਹੈ ਤਾਂ ਜੋ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਮਜਬੂਤ ਲੋਕਤੰਤਰ ਪ੍ਰਣਾਲੀ ਸੌਂਪੀ ਜਾ ਸਕੇ।ਉਨ੍ਹਾਂ ਕਿਹਾ ਕਿ ਤਕਨਾਲੌਜੀ ਦੇ ਵਿਕਾਸ ਨਾਲ ਚੋਣ ਪ੍ਰਕ੍ਰਿਆ ਪਹਿਲਾਂ ਨਾਲੋਂ ਬਹੁਤ ਪਾਰਦਰਸ਼ੀ ਅਤੇ ਸੁਖਾਲੀ ਹੋਈ ਹੈ।ਜ਼ਿਲ੍ਹਾ ਪੱਧਰੀ ਨੈਸ਼ਨਲ ਵੋਟਰ ਦਿਵਸ ਮੌਕੇ ਜ਼ਿਲ੍ਹਾ ਚੋਣ ਅਫਸਰ ਨੇ ਸਮੂਹ ਵੋਟਰਾਂ ਨੂੰ ਸੁਤੰਤਰ, ਨਿਰਪੱਖ ਅਤੇ ਸ਼ਾਂਤਮਈ ਚੋਣਾਂ ਦੇ ਮਾਣ ਨੂੰ ਬਰਕਰਾਰ ਰੱਖਦੇ ਹੋਏ, ਨਿਡਰ ਹੋ ਕੇ ਧਰਮ, ਵਰਗ, ਜਾਤੀ, ਭਾਈਚਾਰੇ, ਭਾਸ਼ਾ ਜਾਂ ਹੋਰ ਕਿਸੇ ਲਾਲਚ ਦੇ ਪ੍ਰਭਾਵ ਤੋਂ ਆਪਣੀ ਵੋਟ ਦੇ ਇਸਤੇਮਾਲ ਦੀ ਵਰਤੋਂ ਕਰਨ ਦਾ ਪ੍ਰਣ ਵੀ ਦਿਵਾਇਆ। ਇਸ ਮੌਕੇ 18-19 ਸਾਲ ਦੇ ਨੌਜਵਾਨਾਂ ਦੀਆਂ ਸਭ ਤੋਂ ਵੱਧ ਵੋਟਾਂ ਬਣਾਉਣ ਵਾਲੇ ਅਧਿਕਾਰੀਆਂ ਦਾ ਸਨਮਾਨ ਕੀਤਾ ਗਿਆ।ਜਿਨ੍ਹਾਂ ਵਿੱਚ ਈ.ਆਰ.ਓ. -ਕਮ-ਐਸ.ਡੀ.ਐਮ. ਅਜਨਾਲਾ ਸ੍ਰੀ ਰਵਿੰਦਰ ਅਰੋੜਾ ਨੂੰ ਬੈਸਟ ਈ.ਆਰ.ਓ. ਦਾ ਸਰਟੀਫਿਕੇਟ, ਸ੍ਰੀ ਵਰਿੰਦਰ ਸ਼ਰਮਾ ਚੋਣ ਕਾਨੂੰਨਗੋ, ਸਵੀਪ ਇੰਚਾਰਜ ਸੌਰਵ ਖੋਸਲਾ, ਆਰਟ ਐਂਡ ਕਰਾਫਟ ਟੀਚਰ ਸ੍ਰੀ ਸੰਜੈ ਕੁਮਾਰ, ਸਹਾਇਕ ਪ੍ਰੋਫੈਸਰ ਬੀਬੀਕੇਡੀਏਵੀ ਕਾਲਜ ਬੈਸਟ ਨੋਡਲ ਅਫ਼ਸਰ ਸ੍ਰੀਮਤੀ ਸਪਨਾ, ਮੈਡਮ ਜਗਰੂਪ ਕੌਰ, ਚੋਣ ਕਾਨੂੰਨਗੋ ਹਰਜੀਤ ਕੌਰ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਵੋਟਰ ਦਿਵਸ ਮੌਕੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਨਾਟਕਾਂ ਦੀ ਪੇਸ਼ਕਾਰੀ ਵੀ ਕੀਤੀ ਗਈ। ਇਸ ਮੌਕੇ ਸਟੇਜ ਸਕੱਤਰ ਅਧਿਆਪਕ ਸ੍ਰੀ ਰਾਜਕੁਮਾਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰੋਹਿਤ ਗੁਪਤਾ, ਜਿਲ੍ਹਾ ਚੋਣ ਅਫ਼ਸਰ ਸ: ਇੰਦਰਜੀਤ ਸਿੰਘ, ਬੀ.ਬੀ.ਕੇ.ਡੀ.ਏ.ਵੀ. ਕਾਲਜ ਦੀ ਪ੍ਰਿੰਸੀਪਲ ਡਾ. ਪੁਸ਼ਿੰਦਰ ਵਾਲੀਆ, ਜਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਰਾਜੇਸ਼ ਸ਼ਰਮਾ, ਇਲੈਕਸ਼ਨ ਕਾਨੂੰਨਗੋ ਸ੍ਰੀ ਰਜਿੰਦਰ ਸਿੰਘ, ਸੀਮਾ ਦੇਵੀ, ਚੋਣ ਕਾਨੂੰਨਗੋ ਸ੍ਰੀ ਸੌਰਭ ਖੋਸਲਾ, ਐਡਵੋਕੇਟ ਸ੍ਰੀ ਸੁਦਰਸ਼ਨ ਕਪੂਰ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

### 16ਵੇਂ ਨੈਸ਼ਨਲ ਵੋਟਰ ਦਿਵਸ ਮੌਕੇ ਬੀ.ਬੀ.ਕੇ.ਡੀ.ਏ.ਵੀ. ਕਾਲਜ ਵਿਖੇ ਕਰਵਾਇਆ ਗਿਆ ਜ਼ਿਲ੍ਹਾ ਪੱਧਰੀ ਸਮਾਗਮ

ਆਵਾਜ਼ਿ ਕੌਮ AWAZE QAUM International Newspaper & WEB TV

# ਹਿਮਾਚਲ 'ਚ ਭਾਰੀ ਬਰਫ਼ਬਾਰੀ; 600 ਤੋਂ ਵੱਧ ਸੜਕਾਂ ਬੰਦ, ਮਸੂਰੀ ਅਤੇ ਜੰਮੂ 'ਚ ਫਸੇ ਲੋਕ



**ਨਵੀਂ ਦਿੱਲੀ, 25 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਦੇਸ਼ ਦੇ ਪਹਾੜੀ ਰਾਜਾਂ ਵਿੱਚ ਇਨ੍ਹੀਂ ਦਿਨੀਂ ਭਾਰੀ ਬਰਫ਼ਬਾਰੀ ਹੋ ਰਹੀ ਹੈ। ਬਰਫ਼ਬਾਰੀ ਕਾਰਨ ਹਰ ਜਗ੍ਹਾ ਸੈਲਾਨੀ ਵੱਡੀ ਗਿਣਤੀ ਵਿੱਚ ਮੌਜੂਦ ਹਨ। ਕਈ ਥਾਵਾਂ 'ਤੇ ਹੋਟਲ ਭਰੇ ਹੋਏ ਹਨ। ਇਸ ਤੋਂ ਇਲਾਵਾ, ਲੰਬੇ ਟ੍ਰੈਫਿਕ ਜਾਮ ਨੇ ਜਨਜੀਵਨ ਨੂੰ ਦੁਰਬਲ ਬਣਾ ਦਿੱਤਾ ਹੈ। ਮੌਸਮ ਵਿਭਾਗ ਦੇ ਅਨੁਸਾਰ, ਬਰਫ਼ਬਾਰੀ ਜਾਰੀ ਰਹੇਗੀ, ਜਿਸ ਕਾਰਨ ਆਉਣ ਵਾਲੇ ਦਿਨਾਂ ਲਈ ਅਲਰਟ ਜਾਰੀ ਕੀਤਾ ਗਿਆ ਹੈ। ਲਗਭਗ ਤਿੰਨ ਮਹੀਨਿਆਂ ਦੇ ਸੋਕੇ ਤੋਂ ਬਾਅਦ ਇਹ ਸੀਜ਼ਨ ਦੀ ਪਹਿਲੀ ਬਰਫ਼ਬਾਰੀ ਹੈ।ਮਨਾਲੀ ਦੇ ਨੇੜੇ 100 ਤੋਂ ਵੱਧ ਵਾਹਨ ਬਰਫ਼ ਵਿੱਚ ਫਸ ਗਏ ਹਨ। ਜੰਮੂ-ਕਸ਼ਮੀਰ ਵਿੱਚ ਵੀ ਵੱਡੀ ਗਿਣਤੀ ਵਿੱਚ ਲੋਕ ਫਸੇ ਹੋਏ ਹਨ। ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅਚਾਨਕ ਹੋਈ ਬਰਫ਼ਬਾਰੀ ਅਤੇ ਮੀਂਹ ਕਾਰਨ ਉੱਤਰੀ ਭਾਰਤ ਵਿੱਚ ਸਰਦੀਆਂ ਦੀ ਠੰਢ ਤੇਜ਼ ਹੋ ਗਈ ਹੈ। ਹਿਮਾਚਲ ਪ੍ਰਦੇਸ਼ ਵਿੱਚ, ਬਰਫ਼ਬਾਰੀ ਕਾਰਨ ਦੋ ਰਾਸ਼ਟਰੀ ਰਾਜਮਾਰਗਾਂ ਸਮੇਤ 680 ਤੋਂ ਵੱਧ ਸੜਕਾਂ ਬੰਦ ਹੋ ਗਈਆਂ ਹਨ। ਕਸ਼ਮੀਰ ਵਿੱਚ, ਬਰਫ਼ਬਾਰੀ ਕਾਰਨ ਰਾਸ਼ਟਰੀ ਰਾਜਮਾਰਗ ਵੀ ਬੰਦ ਹੋ ਗਏ ਹਨ। ਜੰਮੂ-ਸ਼੍ਰੀਨਗਰ ਰਾਸ਼ਟਰੀ ਰਾਜਮਾਰਗ (NH-44) ਲਗਾਤਾਰ ਦੂਜੇ ਦਿਨ ਵੀ ਸਾਰੇ ਵਾਹਨਾਂ ਲਈ ਬੰਦ ਰਿਹਾ ਕਿਉਂਕਿ ਮੁਰੰਮਤ ਦਾ ਕੰਮ ਜਾਰੀ ਹੈ। ਸੈਂਕੜੇ ਵਾਹਨ ਇਸ ਸਮੇਂ ਊਧਮਪੁਰ ਦੇ ਜਖਾਨੀ ਵਿਖੇ ਫਸੇ ਹੋਏ ਹਨ, ਟ੍ਰੈਫਿਕ ਪੁਲਿਸ ਨੇ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰੀ ਆਵਾਜਾਈ ਰੋਕ ਦਿੱਤੀ ਹੈ। ਜੰਮੂ-ਕਸ਼ਮੀਰ ਦੇ ਕਈ ਇਲਾਕਿਆਂ ਵਿੱਚ ਬਰਫ਼ਬਾਰੀ ਜਾਰੀ ਹੈ। ਗੁਲਮਰਗ ਅਤੇ ਬਾਨੀ ਵਰਗੇ ਸਥਾਨ ਬਰਫ਼ ਦੀ ਮੋਟੀ ਚਾਦਰ ਨਾਲ ਢੱਕੇ ਹੋਏ ਹਨ, ਜਿਸ ਕਾਰਨ ਵੱਡੀ ਗਿਣਤੀ ਵਿੱਚ ਸੈਲਾਨੀ ਆ ਰਹੇ ਹਨ। ਗੁਲਮਰਗ ਵਿੱਚ ਤਾਪਮਾਨ ਮਨਫ਼ੀ 12 ਡਿਗਰੀ ਸੈਲਸੀਅਸ ਅਤੇ ਸ੍ਰੀਨਗਰ ਵਿੱਚ ਮਨਫ਼ੀ 1.4 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਸ ਬਰਫ਼ਬਾਰੀ ਕਾਰਨ ਬਹੁਤ ਸਾਰੇ ਸੈਲਾਨੀ ਫਸੇ ਹੋਏ ਹਨ। ਫੌਜ ਅਤੇ ਪ੍ਰਸ਼ਾਸਨ ਨੇ ਫਸੇ ਹੋਏ ਯਾਤਰੀਆਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਹੈ, ਉਨ੍ਹਾਂ ਨੂੰ ਭੋਜਨ ਅਤੇ ਆਸਰਾ ਪ੍ਰਦਾਨ ਕੀਤਾ ਹੈ। ਉਨ੍ਹਾਂ ਨੂੰ ਕੱਢਣ ਦੀਆਂ ਕੋਸ਼ਿਸ਼ਾਂ ਜਾਰੀ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

**ਬਰਫੀਲੀਆਂ ਹਵਾਵਾਂ ਨੇ ਠਾਰੇ ਪੰਜਾਬ ਦੇ ਲੋਕ** : ਪਹਾੜਾਂ ਵਿੱਚ ਮੀਂਹ ਅਤੇ ਬਰਫ਼ਬਾਰੀ ਕਾਰਨ ਸ਼ਨੀਵਾਰ ਨੂੰ ਪੰਜਾਬ ਦੇ ਕਈ ਜ਼ਿਲ੍ਹੇ ਸਖ਼ਤ ਸੀਤ ਲਹਿਰ ਦੀ ਲਪੇਟ ਵਿੱਚ ਆ ਗਏ। ਜਿਸ ਕਾਰਨ ਸਿਰਫ਼ 24 ਘੰਟਿਆਂ ਵਿੱਚ ਕਈ ਜ਼ਿਲ੍ਹਿਆਂ ਵਿੱਚ ਘੱਟੋ-ਘੱਟ ਤਾਪਮਾਨ 10 ਡਿਗਰੀ ਸੈਲਸੀਅਸ ਅਤੇ ਵੱਧ ਤੋਂ ਵੱਧ ਤਾਪਮਾਨ 2 ਤੋਂ 3 ਡਿਗਰੀ ਸੈਲਸੀਅਸ ਤੱਕ ਡਿੱਗ ਗਿਆ।ਸ਼ੁੱਕਰਵਾਰ ਅੱਧੀ ਰਾਤ ਤੋਂ ਸ਼ਨੀਵਾਰ ਰਾਤ ਤੱਕ ਕਈ ਜ਼ਿਲ੍ਹਿਆਂ ਵਿੱਚ ਚੱਲ ਰਹੀਆਂ ਬਰਫੀਲੀਆਂ ਹਵਾਵਾਂ ਕਾਰਨ ਲੋਕ ਕੰਬਦੇ ਦੇਖੇ ਗਏ। ਠੰਢੀਆਂ ਹਵਾਵਾਂ ਗਰਮ ਕੱਪੜਿਆਂ ਦੀਆਂ ਪਰਤਾਂ ਵਿੱਚੋਂ ਲੰਘ ਕੇ ਸਰੀਰ ਤੱਕ ਪਹੁੰਚ ਰਹੀਆਂ ਸਨ, ਜਿਸ ਕਾਰਨ ਕੰਬਣੀ ਸ਼ੁਰੂ ਹੋ ਗਈ। ਮੌਸਮ ਵਿਗਿਆਨ ਕੇਂਦਰ, ਚੰਡੀਗੜ੍ਹ ਦੇ ਅਨੁਸਾਰ, ਬਠਿੰਡਾ ਪੰਜਾਬ ਦਾ ਸਭ ਤੋਂ ਠੰਡਾ ਸਥਾਨ ਸੀ। ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿੱਚ ਸਵੇਰੇ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਹੈ। ਬਹੁਤ ਜ਼ਿਆਦਾ ਠੰਢੀ ਲਹਿਰ ਕਾਰਨ ਦਿਨ ਅਤੇ ਰਾਤ ਦਾ ਤਾਪਮਾਨ ਘੱਟ ਜਾਵੇਗਾ। 26 ਜਨਵਰੀ ਨੂੰ ਇੱਕ ਪੱਛਮੀ ਗੜਬੜੀ ਦੇ ਮੁੜ ਸਰਗਰਮ ਹੋਣ ਦੀ ਉਮੀਦ ਹੈ, ਜਿਸਦਾ ਪ੍ਰਭਾਵ 28 ਜਨਵਰੀ ਤੱਕ ਰਹੇਗਾ। ਇਸ ਸਮੇਂ ਦੌਰਾਨ, ਪੰਜਾਬ ਵਿੱਚ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੀ ਉਮੀਦ ਹੈ, ਅਤੇ ਕੁਝ ਜ਼ਿਲ੍ਹਿਆਂ ਵਿੱਚ ਆਮ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਹੈ।

## ★ ਵਰ੍ਹੇਗੰਢ ਮੁਬਾਰਕ ★



ਵਿਆਹ ਦੀ ਵਰ੍ਹੇਗੰਢ ਡਾ,ਅਪਿੰਦਰਜੀਤ ਸਿੰਘ, ਨਵਜੋਤ ਕੌਰ ਨੇ ਆਪਣੇ ਵਿਆਹ ਦੀ 26ਵੀਂ ਵਰੇਗੰਢ ਮਨਾਈ।
( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ )

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091238

ਸਰਦਾਰ ਅਜੀਤ ਸਿੰਘ ਨਥਾਣੇ ਵਾਲਿਆਂ ਦੇ ਗ੍ਰਹਿ ਬਠਿੰਡਾ ਵਿਖੇ

# ਧੁਰ ਕੀ ਬਾਣੀ ਪਾਠ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਵਿਚਾਰ ਸਾਂਝੇ ਕੀਤੇ












ਸਰਦਾਰ ਅਜੀਤ ਸਿੰਘ ਨਥਾਣੇ ਵਾਲਿਆਂ ਦੇ ਗ੍ਰਹਿ ਬਠਿੰਡਾ ਵਿਖੇ ਅੱਜ ਧੁਰ ਕੀ ਬਾਣੀ ਪਾਠ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਵਿਚਾਰ ਸਾਂਝੇ ਕੀਤੇ ਗਏ ਇਸ ਮੌਕੇ ਸੀਨੀਅਰ ਐਡਵੋਕੇਟ ਛਿੰਦਰਪਾਲ ਸਿੰਘ ਬਰਾੜ ,ਦਵਿੰਦਰ ਸਿੰਘ ਹਨੀ ,ਸੁਰਜੀਤ ਸਿੰਘ ਐਨ ਐਫ ਐੱਲ ,ਪ੍ਰਦੀਪ ਸਿੰਗਲਾ ਵੀ ਹਾਜ਼ਰ ਸਨ ਹਰਪ੍ਰੀਤ ਸਿੰਘ ਗਗਨ ,ਪਵਨਪਰੀਤ ਸਿੰਘ ਜਿੰਮੀ ਪਰਿਵਾਰ ਵਲੋਂ ਸਿਰਪਾਓ ਭੇਂਟ ਕੀਤਾ ਗਿਆ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243